Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews



## ਨੰਦੀਗ੍ਰਾਮ ਜ਼ਿਮਨੀ ਚੋਣ ਤੋਂ ਪਹਿਲਾਂ ਸਿਆਸੀ ਤਣਾਅ ਵਧਿਆ, ਕਾਂਗਰਸ ਉਮੀਦਵਾਰ ਦੀ ਗ੍ਰਿਫ਼ਤਾਰੀ ’ਤੇ ਰਾਹੁਲ ਗਾਂਧੀ ਦਾ ਤਿੱਖਾ ਵਿਰੋਧ

**ਨਵੀਂ ਦਿੱਲੀ, 19 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਪੱਛਮੀ ਬੰਗਾਲ ਦੀ ਨੰਦੀਗ੍ਰਾਮ ਵਿਧਾਨ ਸਭਾ ਸੀਟ ’ਤੇ 6 ਅਕਤੂਬਰ ਨੂੰ ਹੋਣ ਵਾਲੀ ਜ਼ਿਮਨੀ ਚੋਣ ਤੋਂ ਪਹਿਲਾਂ ਸਿਆਸੀ ਮਾਹੌਲ ਕਾਫ਼ੀ ਗਰਮਾ ਗਿਆ ਹੈ। ਕਾਂਗਰਸ ਉਮੀਦਵਾਰ ਮਿਲਨ ਪ੍ਰਧਾਨ ਦੀ ਇੱਕ ਪੁਰਾਣੇ ਕਤਲ ਮਾਮਲੇ ਵਿੱਚ ਗ੍ਰਿਫ਼ਤਾਰੀ ਤੋਂ ਬਾਅਦ ਕਾਂਗਰਸ ਨੇ ਇਸ ਕਾਰਵਾਈ ਦੇ ਸਮੇਂ ’ਤੇ ਸਵਾਲ ਚੁੱਕੇ ਹਨ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ ਨੇ ਦੋਸ਼ ਲਗਾਇਆ ਕਿ ਮਿਲਨ ਪ੍ਰਧਾਨ ਦੀ ਗ੍ਰਿਫ਼ਤਾਰੀ ਸਿਆਸੀ ਬਦਲੇ ਦੀ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਨਾ ਤਾਂ ਡਰੇਗੀ ਅਤੇ ਨਾ ਹੀ ਪਿੱਛੇ ਹਟੇਗੀ, ਸਗੋਂ ਚੋਣੀ ਲੜਾਈ ਜਾਰੀ ਰੱਖੇਗੀ।

ਰਾਹੁਲ ਗਾਂਧੀ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਦਾਅਵਾ ਕੀਤਾ ਕਿ ਕਾਂਗਰਸ ਉਮੀਦਵਾਰ ਦੀ ਗ੍ਰਿਫ਼ਤਾਰੀ ਨੂੰ ਆਮ ਘਟਨਾ ਨਹੀਂ ਮੰਨਿਆ ਜਾ ਸਕਦਾ। ਉਨ੍ਹਾਂ ਨੇ ਭਾਜਪਾ ’ਤੇ ਚੋਣੀ ਮੁਕਾਬਲੇ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰਨ ਦੇ ਦੋਸ਼ ਲਗਾਉਂਦਿਆਂ ਕਿਹਾ ਕਿ ਕਾਂਗਰਸ ਲੜੇਗੀ ਅਤੇ ਜਿੱਤੇਗੀ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਵੀ ਗ੍ਰਿਫ਼ਤਾਰੀ ਦੀ ਨਿੰਦਾ ਕੀਤੀ। ਉਨ੍ਹਾਂ ਦੋਸ਼ ਲਗਾਇਆ ਕਿ ਵਿਰੋਧੀ ਧਿਰ ਦੇ ਉਮੀਦਵਾਰ ਨੂੰ ਨਿਸ਼ਾਨਾ ਬਣਾਉਣ ਲਈ ਸਰਕਾਰੀ ਏਜੰਸੀਆਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਖੜਗੇ ਨੇ ਕਿਹਾ ਕਿ ਕਾਂਗਰਸ ਅਤੇ ਉਸਦੇ ਸਹਿਯੋਗੀ ਇਸ ਮਾਮਲੇ ਵਿੱਚ ਪਿੱਛੇ ਨਹੀਂ ਹਟਣਗੇ।

ਕਾਂਗਰਸ ਦੇ ਸੀਨੀਅਰ ਆਗੂ ਅਧੀਰ ਰੰਜਨ ਚੌਧਰੀ ਨੇ ਵੀ ਗ੍ਰਿਫ਼ਤਾਰੀ ਦੇ ਸਮੇਂ ’ਤੇ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਮਿਲਨ ਪ੍ਰਧਾਨ ਨੇ ਨਾਮਜ਼ਦਗੀ ਦਾਖ਼ਲ ਕੀਤੀ ਅਤੇ ਰਿਟਰਨਿੰਗ ਅਫ਼ਸਰ ਦੇ ਸਾਹਮਣੇ ਪ੍ਰਕਿਰਿਆ ਪੂਰੀ ਕੀਤੀ ਸੀ, ਪਰ ਉਸ ਸਮੇਂ ਉਨ੍ਹਾਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ। ਚੌਧਰੀ ਨੇ ਦਾਅਵਾ ਕੀਤਾ ਕਿ ਹੋਰ ਪਾਰਟੀਆਂ ਵੱਲੋਂ ਸਮਰਥਨ ਮਿਲਣ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ। ਇਸ ਮਾਮਲੇ ਵਿੱਚ ਤ੍ਰਿਣਮੂਲ ਕਾਂਗਰਸ ਦੇ ਵਿਰੋਧੀ ਧੜੇ ਦੇ ਆਗੂ ਰਿਤਬਰਤਾ ਬੈਨਰਜੀ ਨੇ ਕਾਂਗਰਸ ਦੇ ਦੋਸ਼ਾਂ ਨੂੰ ਰੱਦ ਕਰਦਿਆਂ ਕਿਹਾ ਕਿ ਮਿਲਨ ਪ੍ਰਧਾਨ ਖ਼ਿਲਾਫ਼ ਤਿੰਨ ਕਤਲ ਮਾਮਲੇ ਲੰਬਿਤ ਹਨ ਅਤੇ ਚੋਣਾਂ ਦੌਰਾਨ ਵਾਰੰਟ ਦੀ ਤਾਮੀਲ ਕਰਨਾ ਕਾਨੂੰਨੀ ਪ੍ਰਕਿਰਿਆ ਦਾ ਹਿੱਸਾ ਹੈ। ਉਨ੍ਹਾਂ ਰਾਹੁਲ ਗਾਂਧੀ ਨੂੰ ਮਾਮਲੇ ਦੇ ਵੇਰਵਿਆਂ ਦੀ ਜਾਣਕਾਰੀ ਲੈਣ ਦੀ ਗੱਲ ਵੀ ਕਹੀ।



**ਟੀਐਮਸੀ ਧੜਿਆਂ ਦੀ ਲੜਾਈ ਨੇ ਵੀ ਵਧਾਇਆ ਤਣਾਅ**

ਨੰਦੀਗ੍ਰਾਮ ਜ਼ਿਮਨੀ ਚੋਣ ਦਾ ਵਿਵਾਦ ਸਿਰਫ਼ ਉਮੀਦਵਾਰ ਦੀ ਗ੍ਰਿਫ਼ਤਾਰੀ ਤੱਕ ਸੀਮਤ ਨਹੀਂ ਹੈ। ਚੋਣ ਕਮਿਸ਼ਨ ਨੇ ਅੰਤਰਿਮ ਹੁਕਮ ਰਾਹੀਂ ਟੀਐਮਸੀ ਦੇ ਦੋਵੇਂ ਧੜਿਆਂ ਨੂੰ ਮੂਲ ਪਾਰਟੀ ਨਾਮ ‘ਆਲ ਇੰਡੀਆ ਤ੍ਰਿਣਮੂਲ ਕਾਂਗਰਸ’ ਅਤੇ ਰਵਾਇਤੀ ਚੋਣ ਨਿਸ਼ਾਨ ਦੀ ਵਰਤੋਂ ਤੋਂ ਰੋਕ ਦਿੱਤਾ ਹੈ। ਇਸ ਤੋਂ ਬਾਅਦ ਮਮਤਾ ਬੈਨਰਜੀ ਦੀ ਅਗਵਾਈ ਵਾਲੇ ਧੜੇ ਨੂੰ ‘ਮਮਤਾ ਆਲ ਇੰਡੀਆ ਤ੍ਰਿਣਮੂਲ ਕਾਂਗਰਸ’ ਨਾਮ ਅਤੇ ‘ਫੁੱਟਬਾਲ ਖਿਡਾਰੀ’ ਚੋਣ ਨਿਸ਼ਾਨ ਦਿੱਤਾ ਗਿਆ, ਜਦਕਿ ਦੂਜੇ ਧੜੇ ਨੂੰ ‘ਡੈਮੋਕ੍ਰੈਟਿਕ ਤ੍ਰਿਣਮੂਲ ਕਾਂਗਰਸ’ ਨਾਮ ਅਤੇ ‘ਲਿਫ਼ਾਫ਼ਾ’ ਨਿਸ਼ਾਨ ਅਲਾਟ ਕੀਤਾ ਗਿਆ ਹੈ। ਇਹ ਅੰਤਰਿਮ ਵਿਵਸਥਾ ਆਉਣ ਵਾਲੀਆਂ ਜ਼ਿਮਨੀ ਚੋਣਾਂ ਲਈ ਲਾਗੂ ਹੈ। ਮਮਤਾ ਬੈਨਰਜੀ ਨੇ ਚੋਣ ਕਮਿਸ਼ਨ ਦੇ ਫ਼ੈਸਲੇ ਨੂੰ ਲੈ ਕੇ ਨਾਰਾਜ਼ਗੀ ਜ਼ਾਹਰ ਕਰਦਿਆਂ ਇਸ ਨੂੰ ਕਾਲਾ ਦਿਨ ਕਰਾਰ ਦਿੱਤਾ। ਇਸਦੇ ਨਾਲ ਹੀ ਉਨ੍ਹਾਂ ਨੇ ਨੰਦੀਗ੍ਰਾਮ ਤੋਂ ਆਪਣੀ ਪਾਰਟੀ ਦੇ ਉਮੀਦਵਾਰ ਸੰਚਿਤਾ ਪ੍ਰਧਾਨ ਦੇ ਵੱਲੋਂ ਨਾਮਜ਼ਦਗੀ ਵਾਪਸ ਲੈਣ ਤੋਂ ਬਾਅਦ ਕਾਂਗਰਸ ਉਮੀਦਵਾਰ ਮਿਲਨ ਪ੍ਰਧਾਨ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ। ਮਮਤਾ ਬੈਨਰਜੀ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਅਤੇ ਕਾਂਗਰਸ ਵਿਚਕਾਰ ਇਹ ਸਮਰਥਨ ਨੰਦੀਗ੍ਰਾਮ ਦੇ ਚੋਣੀ ਮੁਕਾਬਲੇ ਨੂੰ ਨਵਾਂ ਰੂਪ ਦੇ ਰਿਹਾ ਹੈ।

**ਭਾਜਪਾ ਨੇ ਵਿਰੋਧੀ ਧਿਰ ਦੇ ਦੋਸ਼ਾਂ ਦਾ ਕੀਤਾ ਵਿਰੋਧ**

ਭਾਜਪਾ ਨੇ ਕਾਂਗਰਸ ਅਤੇ ਮਮਤਾ ਬੈਨਰਜੀ ਵੱਲੋਂ ਲਗਾਏ ਦੋਸ਼ਾਂ ਨੂੰ ਰੱਦ ਕਰਦਿਆਂ ਕਿਹਾ ਕਿ ਪਾਰਟੀ ਨਾਲ ਜੁੜੇ ਵਿਵਾਦ ਅਤੇ ਕਾਨੂੰਨੀ ਮਾਮਲੇ ਸੰਵਿਧਾਨਕ ਅਤੇ ਨਿਆਂਇਕ ਪ੍ਰਕਿਰਿਆ ਅਧੀਨ ਹਨ। ਭਾਜਪਾ ਆਗੂ ਸਮ੍ਰਿਤੀ ਇਰਾਨੀ ਨੇ ਰਾਹੁਲ ਗਾਂਧੀ ਦੇ ਚੋਣ ਕਮਿਸ਼ਨ ’ਤੇ ਕੀਤੇ ਸਵਾਲਾਂ ਦਾ ਜਵਾਬ ਦਿੰਦਿਆਂ ਕਾਂਗਰਸ ਦੀ ਪਿਛਲੀ ਸਰਕਾਰਾਂ ਦੌਰਾਨ ਧਾਰਾ 356 ਦੀ ਵਰਤੋਂ ਅਤੇ ਬਿਹਾਰ ਵਿਧਾਨ ਸਭਾ ਨਾਲ ਜੁੜੇ ਪੁਰਾਣੇ ਮਾਮਲਿਆਂ ਦਾ ਹਵਾਲਾ ਦਿੱਤਾ। ਭਾਜਪਾ ਸੰਸਦ ਮੈਂਬਰ ਸੰਬਿਤ ਪਾਤਰਾ ਨੇ ਵੀ ਕਿਹਾ ਕਿ ਚੋਣ ਕਮਿਸ਼ਨ ਨਾਲ ਜੁੜੇ ਮਾਮਲਿਆਂ ਵਿੱਚ ਨਿਆਂਇਕ ਪ੍ਰਕਿਰਿਆ ਅਤੇ ਫ਼ੈਸਲਿਆਂ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ। ਨੰਦੀਗ੍ਰਾਮ ਸੀਟ 2026 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਖਾਲੀ ਹੋਈ ਸੀ। ਹੁਣ ਇਸ ਸੀਟ ਤੋਂ ਭਾਜਪਾ ਨੇ ਹਸਿਰਾਨੀ ਰਾਠ, ਕਾਂਗਰਸ ਨੇ ਮਿਲਨ ਪ੍ਰਧਾਨ, ਜਦਕਿ ਸੀਪੀਆਈ ਨੇ ਸ਼ਾਂਤੀ ਗੋਪਾਲ ਗਿਰੀ ਨੂੰ ਉਮੀਦਵਾਰ ਬਣਾਇਆ ਹੈ। ਨੰਦੀਗ੍ਰਾਮ ਦਾ ਪੱਛਮੀ ਬੰਗਾਲ ਦੀ ਰਾਜਨੀਤੀ ਵਿੱਚ ਖਾਸ ਮਹੱਤਵ ਰਿਹਾ ਹੈ। 2007 ਦਾ ਜ਼ਮੀਨ ਅਧਿਗ੍ਰਹਿਣ ਵਿਰੋਧੀ ਅੰਦੋਲਨ ਇਸ ਖੇਤਰ ਦੀ ਸਿਆਸੀ ਪਛਾਣ ਨਾਲ ਡੂੰਘੇ ਤੌਰ ’ਤੇ ਜੁੜਿਆ ਹੋਇਆ ਹੈ। ਹੁਣ 6 ਅਕਤੂਬਰ ਦੀ ਜ਼ਿਮਨੀ ਚੋਣ ਤੋਂ ਪਹਿਲਾਂ ਉਮੀਦਵਾਰ ਦੀ ਗ੍ਰਿਫ਼ਤਾਰੀ, ਟੀਐਮਸੀ ਦੇ ਧੜਿਆਂ ਵਿਚਕਾਰ ਵਿਵਾਦ, ਚੋਣ ਨਿਸ਼ਾਨ ਅਤੇ ਵਿਰੋਧੀ ਧਿਰ ਦੇ ਸਮਰਥਨ ਨੇ ਮੁਕਾਬਲੇ ਨੂੰ ਹੋਰ ਚਰਚਿਤ ਬਣਾ ਦਿੱਤਾ ਹੈ।

## ਆਪ ਵੱਲੋਂ ਪੰਜਾਬ ’ਚ 2027 ਚੋਣਾਂ ਲਈ ਘਰ-ਘਰ ਮੁਹਿੰਮ ਦਾ ਆਗਾਜ਼, 2.68 ਲੱਖ ਵਰਕਰ ਸੰਭਾਲਣਗੇ ਮੋਰਚਾ



**ਲੁਧਿਆਣਾ, 19 ਸਤੰਬਰ (ਸ਼ਹੀਦ-ਏ-ਆਜ਼ਮ ਬਿਊਰੋ)** :ਆਮ ਆਦਮੀ ਪਾਰਟੀ (ਆਪ ) ਨੇ ਪੰਜਾਬ ਵਿੱਚ 2027 ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਆਪਣੀ ਸੂਬਾ ਪੱਧਰੀ ਚੋਣ ਮੁਹਿੰਮ ਦਾ ਰਸਮੀ ਆਗਾਜ਼ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਲੁਧਿਆਣਾ ਵਿੱਚ ਪਾਰਟੀ ਦਾ ਚੋਣ ਪੰਫ਼ਲੈਟ ਜਾਰੀ ਕੀਤਾ। ਇਸ ਤੋਂ ਬਾਅਦ 20 ਸਤੰਬਰ ਤੋਂ ਸੂਬੇ ਭਰ ਵਿੱਚ ਘਰ-ਘਰ ਸੰਪਰਕ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਪਾਰਟੀ ਅਨੁਸਾਰ ਇਸ ਮੁਹਿੰਮ ਵਿੱਚ 2,68,553 ਬੂਥ ਕਮੇਟੀ ਮੈਂਬਰ ਸ਼ਾਮਲ ਹੋਣਗੇ ਅਤੇ ਉਹ ਪੰਜਾਬ ਦੇ 25,332 ਪੋਲਿੰਗ ਬੂਥਾਂ ਅਧੀਨ ਘਰਾਂ ਤੱਕ ਪਹੁੰਚ ਕਰਨਗੇ। ਮੁਹਿੰਮ ਦੌਰਾਨ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲ ਦੇ ਕੰਮਕਾਜ ਬਾਰੇ ਲੋਕਾਂ ਨੂੰ ਜਾਣਕਾਰੀ ਦੇਣ ਦੇ ਨਾਲ-ਨਾਲ ਸਥਾਨਕ ਮੁੱਦਿਆਂ ਅਤੇ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਫੀਡਬੈਕ ਲੈਣ ਦੀ ਗੱਲ ਵੀ ਕਹੀ ਗਈ ਹੈ।

ਮੁੱਖ ਮੰਤਰੀ ਭਗਵੰਤ ਮਾਨ 20 ਸਤੰਬਰ ਨੂੰ ਆਪਣੇ ਵਿਧਾਨ ਸਭਾ ਹਲਕੇ ਧੂਰੀ ਤੋਂ ਖੁਦ ਘਰ-ਘਰ ਮੁਹਿੰਮ ਵਿੱਚ ਸ਼ਾਮਲ ਹੋਣਗੇ। ਪਾਰਟੀ ਨੇ ਇਸ ਦੇ ਨਾਲ ਮੈਂਬਰਸ਼ਿਪ ਮੁਹਿੰਮ ਚਲਾਉਣ ਦਾ ਵੀ ਐਲਾਨ ਕੀਤਾ ਹੈ। ਰਿਪੋਰਟਾਂ ਮੁਤਾਬਕ ਇਹ ਸੰਪਰਕ ਮੁਹਿੰਮ ਕਰੀਬ ਇੱਕ ਮਹੀਨੇ ਤੱਕ ਚੱਲਣ ਦੀ ਯੋਜਨਾ ਹੈ। ਆਪ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਕਿਹਾ ਹੈ ਕਿ ਪਾਰਟੀ ਵਰਕਰ ਸਰਕਾਰ ਵੱਲੋਂ ਕੀਤੇ ਕੰਮ ਲੋਕਾਂ ਤੱਕ ਲੈ ਕੇ ਜਾਣਗੇ। ਪਾਰਟੀ ਵੱਲੋਂ ਬਿਜਲੀ, ਕਿਸਾਨੀ, ਨਹਿਰੀ ਪਾਣੀ, ਸਰਕਾਰੀ ਸਕੂਲਾਂ, ਰੁਜ਼ਗਾਰ, ਖੇਡਾਂ ਅਤੇ ਵਪਾਰ ਨਾਲ ਸਬੰਧਤ ਕੰਮਾਂ ਨੂੰ ਮੁਹਿੰਮ ਦਾ ਹਿੱਸਾ ਬਣਾਉਣ ਦੀ ਗੱਲ ਕਹੀ ਗਈ ਹੈ। ਮੁਹਿੰਮ ਦੀ ਸ਼ੁਰੂਆਤ ਅਜਿਹੇ ਸਮੇਂ ਹੋ ਰਹੀ ਹੈ ਜਦੋਂ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੱਖ-ਵੱਖ ਸਿਆਸੀ ਪਾਰਟੀਆਂ ਆਪਣੀਆਂ ਗਤੀਵਿਧੀਆਂ ਤੇਜ਼ ਕਰ ਰਹੀਆਂ ਹਨ। ਬੀਜੇਪੀ ਨੇ ਵੀ 18 ਸਤੰਬਰ ਤੋਂ ‘ਨਸ਼ਾ ਮੁਕਤ ਪੰਜਾਬ ਯਾਤਰਾ’ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ।

## ਸੀਐਮ ਮਾਨ ਦੇ ਕਾਫ਼ਲੇ ਨੇੜੇ ਰਵਨੀਤ ਬਿੱਟੂ ਦਾ ਪ੍ਰਦਰਸ਼ਨ, ਸ਼ਰਾਬ ਦੀ ਬੋਤਲ-ਆਂਡੇ-ਟਮਾਟਰ ਲੈ ਕੇ ਪਹੁੰਚੇ



**ਲੁਧਿਆਣਾ, 19 ਸਤੰਬਰ (ਸ਼ਹੀਦ-ਏ-ਆਜ਼ਮ ਬਿਊਰੋ)** : ਭਾਜਪਾ ਆਗੂ ਅਤੇ ਸਾਬਕਾ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਪੰਜਾਬ ਪੁਲਿਸ ਨੇ ਸ਼ਨੀਵਾਰ ਨੂੰ ਲੁਧਿਆਣਾ ਵਿੱਚ ਹਿਰਾਸਤ ਵਿੱਚ ਲੈ ਲਿਆ। ਬਿੱਟੂ ਨੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ ਏ ਯੂ ) ਦੇ ਗੇਟ ਨੰਬਰ-8 ਨੇੜੇ ਮੁੱਖ ਮੰਤਰੀ ਭਗਵੰਤ ਮਾਨ ਦੇ ਕਾਫ਼ਲੇ ਦੇ ਲੰਘਣ ਸਮੇਂ ਪ੍ਰਦਰਸ਼ਨ ਕੀਤਾ।

ਬਿੱਟੂ ਆਪਣੇ ਨਾਲ ਸ਼ਰਾਬ ਦੀ ਬੋਤਲ, ਆਂਡੇ ਅਤੇ ਟਮਾਟਰ ਲੈ ਕੇ ਪਹੁੰਚੇ ਸਨ। ਉਨ੍ਹਾਂ ਨੇ ਬੋਤਲ ਅਤੇ ਹੋਰ ਚੀਜ਼ਾਂ ਦਿਖਾਉਂਦਿਆਂ ਕਿਹਾ ਕਿ ਇਹ ਪਿਛਲੇ ਦਿਨ ਉਨ੍ਹਾਂ ਦੇ ਕਾਫ਼ਲੇ ’ਤੇ ਹੋਏ ਕਥਿਤ ਹਮਲੇ ਦੇ ਜਵਾਬ ਵਜੋਂ ਵਾਪਸ ਕੀਤੀਆਂ ਜਾ ਰਹੀਆਂ ਹਨ। ਰਿਪੋਰਟਾਂ ਮੁਤਾਬਕ ਉਨ੍ਹਾਂ ਨੇ ਕਾਫ਼ਲੇ ਵੱਲ ਟਮਾਟਰ ਸੁੱਟਣ ਦੀ ਕੋਸ਼ਿਸ਼ ਵੀ ਕੀਤੀ, ਜਿਸ ਤੋਂ ਬਾਅਦ ਪੁਲਿਸ ਨੇ ਉਨ੍ਹਾਂ ਨੂੰ ਰੋਕ ਕੇ ਹਿਰਾਸਤ ਵਿੱਚ ਲੈ ਲਿਆ। ਇਹ ਘਟਨਾ ਉਸ ਮਾਮਲੇ ਤੋਂ ਇੱਕ ਦਿਨ ਬਾਅਦ ਵਾਪਰੀ ਜਿਸ ਵਿੱਚ ਬਿੱਟੂ ਨੇ ਦਾਅਵਾ ਕੀਤਾ ਸੀ ਕਿ ਬਟਾਲਾ ਨੇੜੇ ਉਨ੍ਹਾਂ ਦੇ ਕਾਫ਼ਲੇ ’ਤੇ ਆਂਡੇ ਅਤੇ ਪੱਥਰ ਸੁੱਟੇ ਗਏ। ਬਿੱਟੂ ਨੇ ਇਸ ਘਟਨਾ ਲਈ ਆਮ ਆਦਮੀ ਪਾਰਟੀ ਨਾਲ ਜੁੜੇ ਲੋਕਾਂ ’ਤੇ ਦੋਸ਼ ਲਗਾਏ ਸਨ ।

## ਵ੍ਹਾਈਟ ਹਾਊਸ ਤੋਂ CNN, MS NOW ਤੇ Politico ਨੂੰ ਦੂਰ ਰੱਖਣ ਦਾ ਟਰੰਪ ਦਾ ਐਲਾਨ, ‘ਫੇਕ ਨਿਊਜ਼’ ਨੂੰ ਦੱਸਿਆ ਕਾਰਨ

**ਵਾਸ਼ਿੰਗਟਨ ਡੀ.ਸੀ., 19 ਸਤੰਬਰ (ਕਾਜਲ)**: ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵ੍ਹਾਈਟ ਹਾਊਸ ਦੀ ਮੀਡੀਆ ਪਹੁੰਚ ਨੂੰ ਲੈ ਕੇ ਇੱਕ ਹੋਰ ਵੱਡਾ ਕਦਮ ਚੁੱਕਦਿਆਂ CNN, MS NOW ਅਤੇ Politic੦ ’ਤੇ ਤੁਰੰਤ ਪ੍ਰਭਾਵ ਨਾਲ ਪਾਬੰਦੀ ਲਗਾਉਣ ਦਾ ਐਲਾਨ ਕੀਤਾ ਹੈ। ਟਰੰਪ ਨੇ ਇਨ੍ਹਾਂ ਮੀਡੀਆ ਸੰਸਥਾਵਾਂ ’ਤੇ ਉਨ੍ਹਾਂ ਦੀ ਸਰਕਾਰ ਬਾਰੇ ਲਗਾਤਾਰ ਫੇਕ ਨਿਊਜ਼ ਪ੍ਰਕਾਸ਼ਿਤ ਕਰਨ ਦੇ ਦੋਸ਼ ਲਗਾਏ ਹਨ। ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ Truth Social ’ਤੇ ਇੱਕ ਪੋਸਟ ਰਾਹੀਂ ਇਹ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸੰਸਥਾਵਾਂ ਦੀ ਲਗਾਤਾਰ ਰਿਪੋਰਟਿੰਗ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਵ੍ਹਾਈਟ ਹਾਊਸ ਤੋਂ ਬਾਹਰ ਰੱਖਣ ਦਾ ਫ਼ੈਸਲਾ ਕੀਤਾ ਗਿਆ ਹੈ। ਟਰੰਪ ਨੇ ਇਹ ਵੀ ਸੰਕੇਤ ਦਿੱਤਾ ਕਿ ਭਵਿੱਖ ਵਿੱਚ ਹੋਰ ਮੀਡੀਆ ਸੰਸਥਾਵਾਂ ਖ਼ਿਲਾਫ਼ ਵੀ ਇਸ ਤਰ੍ਹਾਂ ਦੀ ਕਾਰਵਾਈ ਹੋ ਸਕਦੀ ਹੈ।



**Politico ਨੂੰ ਸਰਕਾਰੀ ਭੁਗਤਾਨ ਦਾ ਵੀ ਕੀਤਾ ਜ਼ਿਕਰ**

ਟਰੰਪ ਨੇ ਆਪਣੀ ਪੋਸਟ ਵਿੱਚ Politico ਨੂੰ ਲੈ ਕੇ ਇੱਕ ਵੱਖਰਾ ਦੋਸ਼ ਵੀ ਲਗਾਇਆ। ਉਨ੍ਹਾਂ ਕਿਹਾ ਕਿ ਸਾਬਕਾ ਰਾਸ਼ਟਰਪਤੀ ਜੋ ਬਾਈਡਨ ਦੇ ਕਾਰਜਕਾਲ ਦੌਰਾਨ ਅਮਰੀਕੀ ਸਰਕਾਰ ਵੱਲੋਂ Politico ਨੂੰ 8 ਮਿਲੀਅਨ ਅਮਰੀਕੀ ਡਾਲਰ ਦੀ ਸਬਸਕ੍ਰਿਪਸ਼ਨ ਦਿੱਤੀ ਗਈ ਸੀ। ਟਰੰਪ ਨੇ ਇਸ ਭੁਗਤਾਨ ਨੂੰ ਭ੍ਰਿਸ਼ਟਾਚਾਰ ਨਾਲ ਜੋੜਿਆ, ਹਾਲਾਂਕਿ ਆਪਣੀ ਪੋਸਟ ਵਿੱਚ ਇਸ ਦਾਅਵੇ ਦੇ ਸਮਰਥਨ ਵਿੱਚ ਵਿਸਥਾਰਪੂਰਵਕ ਜਾਣਕਾਰੀ ਨਹੀਂ ਦਿੱਤੀ। ਟਰੰਪ ਨੇ ਕਿਹਾ ਕਿ ਮੀਡੀਆ ਸੰਸਥਾਵਾਂ ਨੂੰ ਰਾਸ਼ਟਰਪਤੀ, ਉਨ੍ਹਾਂ ਦੀ ਸਰਕਾਰ ਜਾਂ ਅਮਰੀਕਾ ਬਾਰੇ ਝੂਠੀਆਂ ਰਿਪੋਰਟਾਂ ਪ੍ਰਕਾਸ਼ਿਤ ਨਹੀਂ ਕਰਨੀਆਂ ਚਾਹੀਦੀਆਂ। ਉਨ੍ਹਾਂ ਨੇ ਇਹ ਵੀ ਕਿਹਾ ਕਿ ਕੁਝ ਹੋਰ ਮੀਡੀਆ ਸੰਸਥਾਵਾਂ ਨੂੰ ਵੀ ਆਉਣ ਵਾਲੇ ਸਮੇਂ ਵਿੱਚ ਅਜਿਹੀ ਕਾਰਵਾਈ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

**ਵ੍ਹਾਈਟ ਹਾਊਸ ਅਤੇ ਮੀਡੀਆ ਵਿਚਕਾਰ ਪਹਿਲਾਂ ਤੋਂ ਤਣਾਅ**

ਟਰੰਪ ਪ੍ਰਸ਼ਾਸਨ ਅਤੇ ਕਈ ਪ੍ਰਮੁੱਖ ਅਮਰੀਕੀ ਮੀਡੀਆ ਸੰਸਥਾਵਾਂ ਵਿਚਕਾਰ ਵ੍ਹਾਈਟ ਹਾਊਸ ਦੀ ਪਹੁੰਚ ਅਤੇ ਰਾਸ਼ਟਰਪਤੀ ਦੀ ਕਵਰੇਜ ਨੂੰ ਲੈ ਕੇ ਪਹਿਲਾਂ ਤੋਂ ਹੀ ਤਣਾਅ ਚੱਲ ਰਿਹਾ ਹੈ। ਇਸ ਤੋਂ ਪਹਿਲਾਂ ਐਸੋਸੀਏਟਿਡ ਪ੍ਰੈੱਸ (AP) ਨਾਲ ਵੀ ਵ੍ਹਾਈਟ ਹਾਊਸ ਦਾ ਵਿਵਾਦ ਸਾਹਮਣੇ ਆਇਆ ਸੀ। AP ਵੱਲੋਂ Gulf of Mexico ਸ਼ਬਦ ਦੀ ਵਰਤੋਂ ਜਾਰੀ ਰੱਖਣ ਤੋਂ ਬਾਅਦ ਪ੍ਰਸ਼ਾਸਨ ਨੇ ਇਸ ਦੀਆਂ ਕੁਝ ਵ੍ਹਾਈਟ ਹਾਊਸ ਗਤੀਵਿਧੀਆਂ ਤੱਕ ਪਹੁੰਚ ’ਤੇ ਪਾਬੰਦੀਆਂ ਲਗਾਈਆਂ ਸਨ। ਟਰੰਪ ਪ੍ਰਸ਼ਾਸਨ Gulf of America ਨਾਮ ਦੀ ਵਰਤੋਂ ਨੂੰ ਤਰਜੀਹ ਦਿੰਦਾ ਹੈ।

## ਦਿੱਲੀ ਹਾਈ ਕੋਰਟ ਵਿੱਚ 7 ਨਵੀਆਂ ਨਿਯੁਕਤੀਆਂ, ਦੋ ਜੱਜ ਤੇ ਪੰਜ ਐਡੀਸ਼ਨਲ ਜੱਜ ਬਣੇ

**ਨਵੀਂ ਦਿੱਲੀ, 19 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਕੇਂਦਰ ਸਰਕਾਰ ਨੇ ਦਿੱਲੀ ਹਾਈ ਕੋਰਟ ਵਿੱਚ ਸੱਤ ਨਿਆਂਇਕ ਅਧਿਕਾਰੀਆਂ ਦੀ ਜੱਜ ਅਤੇ ਐਡੀਸ਼ਨਲ ਜੱਜ ਵਜੋਂ ਨਿਯੁਕਤੀ ਨੂੰ ਨੋਟੀਫਾਈ ਕਰ ਦਿੱਤਾ ਹੈ। ਇਹ ਨਿਯੁਕਤੀਆਂ ਸੁਪਰੀਮ ਕੋਰਟ ਕਾਲੇਜਿਅਮ ਦੀਆਂ ਸਿਫ਼ਾਰਸ਼ਾਂ ਤੋਂ ਬਾਅਦ ਰਾਸ਼ਟਰਪਤੀ ਵੱਲੋਂ ਸੰਵਿਧਾਨਕ ਅਧਿਕਾਰਾਂ ਤਹਿਤ ਕੀਤੀਆਂ ਗਈਆਂ ਹਨ। ਨੋਟੀਫਿਕੇਸ਼ਨ ਅਨੁਸਾਰ ਨਿਵੇਦਿਤਾ ਅਨਿਲ ਸ਼ਰਮਾ ਅਤੇ ਨਿਸ਼ਾ ਸਹਾਇ ਸਕਸੇਨਾ ਨੂੰ ਦਿੱਲੀ ਹਾਈ ਕੋਰਟ ਦੇ ਜੱਜ ਨਿਯੁਕਤ ਕੀਤਾ ਗਿਆ ਹੈ। ਜਦਕਿ ਸੰਜੇ ਸ਼ਰਮਾ, ਭਰਤ ਪਰਾਸ਼ਰ, ਅਦਿਤੀ ਚੌਧਰੀ, ਦਿਨੇਸ਼ ਭੱਟ ਅਤੇ ਅਰੁਣ ਭਾਰਦਵਾਜ ਨੂੰ ਐਡੀਸ਼ਨਲ ਜੱਜ ਬਣਾਇਆ ਗਿਆ ਹੈ। ਅਰੁਣ ਭਾਰਦਵਾਜ ਇਸ ਸਮੇਂ ਦਿੱਲੀ ਹਾਈ ਕੋਰਟ ਦੇ ਰਜਿਸਟਰਾਰ ਜਨਰਲ ਵਜੋਂ ਸੇਵਾ ਨਿਭਾ ਰਹੇ ਹਨ।ਇਹ ਨਿਯੁਕਤੀਆਂ 10 ਸਤੰਬਰ 2026 ਨੂੰ ਸੁਪਰੀਮ ਕੋਰਟ ਕਾਲੇਜਿਅਮ ਵੱਲੋਂ ਕੀਤੀ ਸਿਫ਼ਾਰਸ਼ ਤੋਂ ਬਾਅਦ ਹੋਈਆਂ ਹਨ। ਕਾਲੇਜਿਅਮ ਨੇ ਦਿੱਲੀ ਹਾਈ ਕੋਰਟ ਲਈ ਕੁੱਲ ਅੱਠ ਨਿਆਂਇਕ ਅਧਿਕਾਰੀਆਂ ਦੇ ਨਾਮ ਸਿਫ਼ਾਰਸ਼ ਕੀਤੇ ਸਨ, ਪਰ ਕੇਂਦਰ ਵੱਲੋਂ ਹੁਣ ਸੱਤ ਨਾਮਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਗੁਰਵਿੰਦਰ ਪਾਲ ਸਿੰਘ ਦਾ ਨਾਮ ਇਸ ਨੋਟੀਫਿਕੇਸ਼ਨ ਵਿੱਚ ਸ਼ਾਮਲ ਨਹੀਂ ਹੈ। ਦਿੱਲੀ ਹਾਈ ਕੋਰਟ ਦੀ ਮਨਜ਼ੂਰਸ਼ੁਦਾ ਜੱਜਾਂ ਦੀ ਗਿਣਤੀ 60 ਹੈ। ਨਿਯੁਕਤੀਆਂ ਤੋਂ ਪਹਿਲਾਂ ਅਦਾਲਤ ਵਿੱਚ 44 ਜੱਜ ਕੰਮ ਕਰ ਰਹੇ ਸਨ ਅਤੇ 16 ਅਸਾਮੀਆਂ ਖਾਲੀ ਸਨ। ਸੱਤ ਨਿਯੁਕਤੀਆਂ ਤੋਂ ਬਾਅਦ ਕਾਰਜਸ਼ੀਲ ਗਿਣਤੀ 51 ਹੋਣ ਅਤੇ ਖਾਲੀ ਅਸਾਮੀਆਂ ਦੀ ਗਿਣਤੀ 9 ਰਹਿਣ ਦੀ ਸਥਿਤੀ ਬਣਦੀ ਹੈ। ਕੇਂਦਰ ਨੇ ਇਸੇ ਨੋਟੀਫਿਕੇਸ਼ਨ ਰਾਹੀਂ ਜੰਮੂ-ਕਸ਼ਮੀਰ ਅਤੇ ਲੱਦਾਖ, ਝਾਰਖੰਡ ਅਤੇ ਕਰਨਾਟਕ ਹਾਈ ਕੋਰਟਾਂ ਲਈ ਵੀ ਨਿਆਂਇਕ ਅਧਿਕਾਰੀਆਂ ਦੀਆਂ ਨਿਯੁਕਤੀਆਂ ਕੀਤੀਆਂ ਹਨ। ਕੁੱਲ 14 ਨਿਆਂਇਕ ਅਧਿਕਾਰੀਆਂ ਨੂੰ ਇਨ੍ਹਾਂ ਚਾਰ ਹਾਈ ਕੋਰਟਾਂ ਵਿੱਚ ਜੱਜ/ਐਡੀਸ਼ਨਲ ਜੱਜ ਨਿਯੁਕਤ ਕੀਤਾ ਗਿਆ ਹੈ।

## 2029 ਤੱਕ ਨਸ਼ਾ-ਮੁਕਤ ਭਾਰਤ ਦਾ ਟੀਚਾ, ਕੇਂਦਰ ਨੇ 3 ਸਾਲਾ ਰੋਡਮੈਪ ਕੀਤਾ ਤਿਆਰ

**ਨਵੀਂ ਦਿੱਲੀ, 19 ਸਤੰਬਰ (ਸ਼ਹੀਦ-ਏ-ਆਜ਼ਮ ਬਿਊਰੋ)**: ਕੇਂਦਰ ਸਰਕਾਰ ਨੇ ਜੁਲਾਈ 2026 ਤੋਂ ਜੁਲਾਈ 2029 ਤੱਕ ਦੇ ਤਿੰਨ ਸਾਲਾਂ ਲਈ ਨਸ਼ਾ-ਵਿਰੋਧੀ ਰੋਡਮੈਪ ਤਿਆਰ ਕੀਤਾ ਹੈ। ਇਸ ਦਾ ਟੀਚਾ 2029 ਤੱਕ ਭਾਰਤ ਨੂੰ ਨਸ਼ਿਆਂ ਤੋਂ ਮੁਕਤ ਕਰਨ ਲਈ ਸਰਕਾਰੀ ਏਜੰਸੀਆਂ, ਸੂਬਾ ਸਰਕਾਰਾਂ ਅਤੇ ਸਮਾਜ ਦੀ ਸਾਂਝੀ ਭੂਮਿਕਾ ਰਾਹੀਂ ਕਾਰਵਾਈ ਨੂੰ ਤੇਜ਼ ਕਰਨਾ ਹੈ। ਅਧਿਕਾਰਤ ਵਿਜ਼ਨ ਡਾਕੂਮੈਂਟ ਵਿੱਚ 4 ਮੁੱਖ ਥੰਮ੍ਹ, 25 ਹਿੱਸੇ ਅਤੇ 200 ਤੋਂ ਵੱਧ ਐਕਸ਼ਨ ਪੁਆਇੰਟ ਤੈਅ ਕੀਤੇ ਗਏ ਹਨ। ਚਾਰ ਮੁੱਖ ਥੰਮ੍ਹ: ਰੋਡਮੈਪ ਤਹਿਤ ਪਹਿਲਾ ਥੰਮ੍ਹ ਇੰਟੈਲੀਜੈਂਸ ਅਤੇ ਆਪਰੇਸ਼ਨ-ਅਧਾਰਿਤ ਐਨਫੋਰਸਮੈਂਟ, ਦੂਜਾ ਪ੍ਰੀਕਰਸਰ ਅਤੇ ਸਿੰਥੈਟਿਕ ਡਰੱਗਜ਼ ’ਤੇ ਕੰਟਰੋਲ, ਤੀਜਾ ਡਿਮਾਂਡ ਰਿਡਕਸ਼ਨ ਅਤੇ ਹਰਮ ਰਿਡਕਸ਼ਨ, ਜਦਕਿ ਚੌਥਾ ਸਮਰੱਥਾ ਨਿਰਮਾਣ, ਤਾਲਮੇਲ ਅਤੇ ਨਿਗਰਾਨੀ ਹੈ।




## ਆਖ਼ਰੀ ਸਮੇਂ ਬਦਲਿਆ ਭਾਰਤ ਦਾ ਫਲੈਗ ਬੇਅਰਰ, ਪਵਨ ਸਹਿਰਾਵਤ ਹੁਣ ਤਿਰੰਗਾ ਲੈ ਕੇ ਕਰਨਗੇ ਭਾਰਤੀ ਦਲ ਦੀ ਅਗਵਾਈ

**ਨਾਗੋਆ, 19 ਸਤੰਬਰ -ਸ਼ਹੀਦ-ਏ-ਆਜ਼ਮ-ਬਿਊਰੋ-** : ਏਸ਼ਿਆਈ ਖੇਡਾਂ ਦੀ ਅੱਜ ਹੋਣ ਵਾਲੀ ਉਦਘਾਟਨੀ ਸੈਰੇਮਨੀ ਤੋਂ ਠੀਕ ਪਹਿਲਾਂ ਭਾਰਤ ਨੇ ਆਪਣੇ ਪੁਰਸ਼ ਫਲੈਗ ਬੇਅਰਰ ਵਿੱਚ ਤਬਦੀਲੀ ਕੀਤੀ ਹੈ। ਹੁਣ ਕਬੱਡੀ ਖਿਡਾਰੀ ਪਵਨ ਸਹਿਰਾਵਤ ਭਾਰਤੀ ਦਲ ਵੱਲੋਂ ਤਿਰੰਗਾ ਲੈ ਕੇ ਮਾਰਚ ਕਰਨਗੇ। ਪਹਿਲਾਂ ਇਹ ਜ਼ਿੰਮੇਵਾਰੀ ਸ਼ਾਟਪੁੱਟ ਖਿਡਾਰੀ ਤਜਿੰਦਰਪਾਲ ਸਿੰਘ ਤੂਰ ਨੂੰ ਦਿੱਤੀ ਗਈ ਸੀ। ਭਾਰਤੀ ਓਲੰਪਿਕ ਐਸੋਸੀਏਸ਼ਨ (9®1) ਵੱਲੋਂ ਤਬਦੀਲੀ ਲਈ ਤਕਨੀਕੀ ਸਮੱਸਿਆ ਨੂੰ ਕਾਰਨ ਦੱਸਿਆ ਗਿਆ ਹੈ। ਰਿਪੋਰਟਾਂ ਮੁਤਾਬਕ ਤੂਰ ਦੀ ਉਦਘਾਟਨੀ ਸਮਾਰੋਹ ਲਈ ਲੋੜੀਂਦੀ ਅਧਿਕਾਰਤ ਕਿਟ ਸਮੇਂ ਸਿਰ ਜਾਪਾਨ ਨਹੀਂ ਪਹੁੰਚ ਸਕੀ।

**ਕਿਟ ਨਾ ਮਿਲਣ ਕਾਰਨ ਆਈ ਮੁਸ਼ਕਲ**

ਤੂਰ ਨੇ ਦੱਸਿਆ ਕਿ ਉਸਨੂੰ ਜਾਣਕਾਰੀ ਦਿੱਤੀ ਗਈ ਸੀ ਕਿ ਉਸਦੀ ਸਰਕਾਰੀ ਸੈਰੇਮਨੀ ਕਿਟ ਸ਼ਨੀਵਾਰ ਦੁਪਹਿਰ ਕਰੀਬ 3 ਵਜੇ ਨਾਗੋਆ ਏਅਰਪੋਰਟ ਪਹੁੰਚੇਗੀ। ਇਸ ਤੋਂ ਬਾਅਦ ਕਿਟ ਹਾਸਲ ਕਰਕੇ ਉਦਘਾਟਨੀ ਸਮਾਰੋਹ ਵਾਲੀ ਥਾਂ ’ਤੇ ਸਮੇਂ ਸਿਰ ਪਹੁੰਚਣਾ ਮੁਸ਼ਕਲ ਸੀ। ਤੂਰ ਮੁਤਾਬਕ ਉਸਨੂੰ ਫਲੈਗ ਬੇਅਰਰ ਬਣਾਏ ਜਾਣ ਬਾਰੇ ਸਮਾਰੋਹ ਤੋਂ ਸਿਰਫ਼ ਇੱਕ ਦਿਨ ਪਹਿਲਾਂ ਹੀ ਜਾਣਕਾਰੀ ਮਿਲੀ ਸੀ। ਇਸ ਸਮੇਂ ਭਾਰਤੀ ਐਥਲੈਟਿਕਸ ਦਲ ਤਸੁਕੁਬਾ ਵਿੱਚ ਆਪਣੀਆਂ ਤਿਆਰੀਆਂ ਕਰ ਰਿਹਾ ਹੈ।

**ਪਵਨ ਸਹਿਰਾਵਤ ਨੂੰ ਮਿਲੀ ਨਵੀਂ ਜ਼ਿੰਮੇਵਾਰੀ**

ਤਜਿੰਦਰਪਾਲ ਤੂਰ ਦੀ ਥਾਂ ਹੁਣ ਪਵਨ ਸਹਿਰਾਵਤ ਪੁਰਸ਼ ਫਲੈਗ ਬੇਅਰਰ ਹੋਣਗੇ। ਉਹ ਮਹਿਲਾ ਫਲੈਗ ਬੇਅਰਰ ਮਨੂ ਭਾਕਰ ਦੇ ਨਾਲ ਭਾਰਤੀ ਦਲ ਦੀ ਅਗਵਾਈ ਕਰਨਗੇ। ਪਵਨ ਸਹਿਰਾਵਤ 2022 ਹੈਂਗਝੋਊ ਏਸ਼ਿਆਈ ਖੇਡਾਂ ਵਿੱਚ ਸੋਨ ਤਮਗਾ ਜਿੱਤਣ ਵਾਲੀ ਭਾਰਤੀ ਪੁਰਸ਼ ਕਬੱਡੀ ਟੀਮ ਦਾ ਹਿੱਸਾ ਰਹੇ ਹਨ। ਇਸ ਉਪਲਬਧੀ ਦੇ ਚਲਦਿਆਂ ਉਨ੍ਹਾਂ ਨੂੰ ਉਦਘਾਟਨੀ ਸਮਾਰੋਹ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਦੀ ਇਹ ਜ਼ਿੰਮੇਵਾਰੀ ਮਿਲੀ ਹੈ।

**ਤੂਰ ਦਾ ਮੁੱਖ ਮੁਕਾਬਲਾ ਜਾਰੀ ਰਹੇਗਾ**

ਫਲੈਗ ਬੇਅਰਰ ਵਿੱਚ ਹੋਈ ਇਹ ਤਬਦੀਲੀ ਸਿਰਫ਼ ਉਦਘਾਟਨੀ ਸਮਾਰੋਹ ਤੱਕ ਸੀਮਤ ਹੈ। ਤਜਿੰਦਰਪਾਲ ਸਿੰਘ ਤੂਰ ਏਸ਼ਿਆਈ ਖੇਡਾਂ ਵਿੱਚ ਸ਼ਾਟਪੁੱਟ ਮੁਕਾਬਲੇ ਵਿੱਚ ਭਾਰਤ ਦੀ ਨੁਮਾਇੰਦਗੀ ਕਰਨਗੇ। ਤੂਰ ਨੇ 2018 ਜਕਾਰਤਾ ਅਤੇ 2023 ਹੈਂਗਝੋਊ ਏਸ਼ਿਆਈ ਖੇਡਾਂ ਵਿੱਚ ਸ਼ਾਟਪੁੱਟ ਵਿੱਚ ਸੋਨ ਤਮਗੇ ਜਿੱਤੇ ਸਨ। ਹੁਣ ਉਨ੍ਹਾਂ ਦੀ ਨਜ਼ਰ ਲਗਾਤਾਰ ਤੀਜਾ ਏਸ਼ਿਆਈ ਖੇਡਾਂ ਦਾ ਖਿਤਾਬ ਜਿੱਤਣ ’ਤੇ ਰਹੇਗੀ।

## ਪਾਸਪੋਰਟ ਲਈ ਹੁਣ ਵੱਧ ਦੇਣੇ ਪੈਣਗੇ ਪੈਸੇ, ਨਵੀਆਂ ਦਰਾਂ ਲਾਗੂ; ਬੱਚਿਆਂ ਲਈ ਵੀ ਬਦਲਿਆ ਨਿਯਮ

**ਨਵੀਂ ਦਿੱਲੀ, 19 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਭਾਰਤ ਵਿੱਚ ਪਾਸਪੋਰਟ ਬਣਵਾਉਣ ਅਤੇ ਰੀ-ਇਸ਼ੂ ਕਰਵਾਉਣ ਦੀ ਫੀਸ ਵਿੱਚ ਵਾਧਾ 1 ਜੁਲਾਈ 2026 ਤੋਂ ਲਾਗੂ ਹੋ ਚੁੱਕਾ ਹੈ। ਵਿਦੇਸ਼ ਮੰਤਰਾਲੇ ਦੇ ਪਾਸਪੋਰਟ(ਸੋਧ ) ਰੂਲਜ਼ , 2026 ਤਹਿਤ ਆਮ ਅਤੇ ਤਤਕਾਲ ਦੋਵਾਂ ਸੇਵਾਵਾਂ ਲਈ ਨਵੀਆਂ ਦਰਾਂ ਨਿਰਧਾਰਤ ਕੀਤੀਆਂ ਗਈਆਂ ਹਨ। ਪਾਸਪੋਰਟ ਸੇਵਾ ਪੋਰਟਲ ਨੇ ਵੀ ਨਵੀਆਂ ਫੀਸਾਂ ਦੀ ਪੁਸ਼ਟੀ ਕੀਤੀ ਹੈ।

ਨਵੀਂ ਫੀਸ :
36 ਪੰਨਿਆਂ ਦਾ ਆਮ ਪਾਸਪੋਰਟ: ?2,500 — ਪਹਿਲਾਂ ?1,500
60 ਪੰਨਿਆਂ ਦਾ ਆਮ ਪਾਸਪੋਰਟ: ?3,500 — ਪਹਿਲਾਂ ?2,000
36 ਪੰਨਿਆਂ ਦਾ ਤਤਕਾਲ : ?5,000
60 ਪੰਨਿਆਂ ਦਾ ਤਤਕਾਲ : ?6,000
ਗੁੰਮ ਜਾਂ ਨੁਕਸਾਨੇ 36 ਪੰਨਿਆਂ ਦੇ ਪਾਸਪੋਰਟ ਦੀ ਆਮ ਰੀਪਲੇਸਮੈਂਟ ਫੀਸ: ?5,000
ਗੁੰਮ ਜਾਂ ਨੁਕਸਾਨੇ 60 ਪੰਨਿਆਂ ਦੇ ਪਾਸਪੋਰਟ ਦੀ ਆਮ ਰੀਪਲੇਸਮੈਂਟ ਫੀਸ: ?6,000।

ਬੱਚਿਆਂ ਦੇ ਪਾਸਪੋਰਟ ਲਈ ਨਵਾਂ ਨਿਯਮ: 15 ਸਾਲ ਤੋਂ ਘੱਟ ਉਮਰ ਦੇ ਬੱਚੇ ਲਈ 36 ਪੰਨਿਆਂ ਦਾ ਆਮ ਪਾਸਪੋਰਟ ਹੁਣ ਜਾਰੀ ਹੋਣ ਦੀ ਤਾਰੀਖ ਤੋਂ 5 ਸਾਲ ਜਾਂ ਬੱਚੇ ਦੇ 18 ਸਾਲ ਦੇ ਹੋਣ ਤੱਕ—ਜੋ ਵੀ ਪਹਿਲਾਂ ਹੋਵੇ—ਵੈਧ ਰਹੇਗਾ। ਪਹਿਲਾਂ ਉਮਰ ਦੀ ਸੀਮਾ 15 ਸਾਲ ਸੀ। ਇਹ ਸੋਧ ਪਾਸਪੋਰਟ(ਸੋਧ ) ਰੂਲਜ਼ , 2026 ਵਿੱਚ ਕੀਤੀ ਗਈ ਹੈ ਅਤੇ 17 ਸਤੰਬਰ ਨੂੰ ਗਜ਼ਟ ਵਿੱਚ ਪ੍ਰਕਾਸ਼ਿਤ ਹੋਣ ਤੋਂ ਬਾਅਦ ਲਾਗੂ ਹੋਈ।

ਛੋਟ ਵੀ ਜਾਰੀ: ਤਾਜ਼ਾ ਫੀਸ ਢਾਂਚੇ ਤਹਿਤ ਨਵੇਂ ਪਾਸਪੋਰਟ ਲਈ 8 ਸਾਲ ਤੱਕ ਦੇ ਬੱਚਿਆਂ ਅਤੇ 60 ਸਾਲ ਤੋਂ ਵੱਧ ਉਮਰ ਦੇ ਸੀਨੀਅਰ ਨਾਗਰਿਕਾਂ ਨੂੰ 10 ਫੀਸਦੀ ਛੋਟ ਦਾ ਪ੍ਰਬੰਧ ਵੀ ਹੈ। ਇਹ ਛੋਟ ਤਾਜ਼ਾ ਅਰਜ਼ੀਆਂ ਲਈ ਹੈ। ਪਾਸਪੋਰਟ ਸੇਵਾ ਨੇ ਬਿਨੈਕਾਰਾਂ ਨੂੰ ਸਲਾਹ ਦਿੱਤੀ ਹੈ ਕਿ ਅਰਜ਼ੀ ਅਤੇ ਭੁਗਤਾਨ ਤੋਂ ਪਹਿਲਾਂ ਅਧਿਕਾਰਤ ਪੋਰਟਲ ’ਤੇ ਲਾਗੂ ਫੀਸ ਅਤੇ ਯੋਗਤਾ ਦੀ ਜਾਂਚ ਕਰਨ।

ਰੋਜ਼ਾਨਾ
ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM
PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

# ਸੰਪਾਦਕੀ

## ਇਕ ਚੁੱਪ, ਸੌ ਦੁੱਖ

ਪਿੰਡ ਨੂੰ ਅਕਸਰ ਖੁੱਲ੍ਹੀ ਹਵਾ, ਕੁਦਰਤ, ਆਪਸੀ ਸਾਂਝ ਅਤੇ ਸਾਦੀ ਜ਼ਿੰਦਗੀ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਪਰ ਇਸ ਸੁਹਾਵਣੀ ਤਸਵੀਰ ਦੇ ਪਿੱਛੇ ਇੱਕ ਅਜਿਹਾ ਸੰਕਟ ਵੀ ਵਧ ਰਿਹਾ ਹੈ ਜਿਸ ਬਾਰੇ ਪਿੰਡਾਂ ਵਿੱਚ ਅਜੇ ਵੀ ਖੁੱਲ੍ਹ ਕੇ ਗੱਲ ਨਹੀਂ ਹੁੰਦੀ—ਮਾਨਸਿਕ ਸਿਹਤ ਦਾ ਸੰਕਟ। ਉਦਾਸੀ, ਚਿੰਤਾ, ਇਕੱਲਾਪਣ, ਨਸ਼ੇ ਦੀ ਲਤ, ਪਰਿਵਾਰਕ ਤਣਾਅ, ਆਰਥਿਕ ਦਬਾਅ ਅਤੇ ਆਤਮਹੱਤਿਆ ਦੇ ਵਿਚਾਰ ਕਈ ਦਿਹਾਤੀ ਪਰਿਵਾਰਾਂ ਦੀ ਅਣਕਹੀ ਪਰ ਹਕੀਕਤ ਬਣ ਰਹੇ ਹਨ। ਵਿਸ਼ਵ ਸਿਹਤ ਸੰਗਠਨ ਅਨੁਸਾਰ ਮਾਨਸਿਕ ਸਿਹਤ ਸਿਰਫ਼ ਮਾਨਸਿਕ ਬਿਮਾਰੀ ਦੀ ਗੈਰ-ਮੌਜੂਦਗੀ ਨਹੀਂ, ਸਗੋਂ ਵਿਅਕਤੀ ਦੀ ਭਲਾਈ, ਸੋਚਣ-ਸਮਝਣ, ਕੰਮ ਕਰਨ ਅਤੇ ਸਮਾਜ ਨਾਲ ਜੁੜੇ ਰਹਿਣ ਦੀ ਸਮਰੱਥਾ ਨਾਲ ਵੀ ਸੰਬੰਧਿਤ ਹੈ। ਭਾਰਤ ਵਿੱਚ ਮਾਨਸਿਕ ਸਿਹਤ ਉੱਤੇ ਆਰਥਿਕ, ਸਮਾਜਿਕ, ਵਾਤਾਵਰਣਕ ਅਤੇ ਸੱਭਿਆਚਾਰਕ ਕਾਰਕਾਂ ਦਾ ਮਹੱਤਵਪੂਰਨ ਪ੍ਰਭਾਵ ਹੈ। ਦਿਹਾਤੀ ਜੀਵਨ ਵਿੱਚ ਮਾਨਸਿਕ ਦਬਾਅ ਦੇ ਕਾਰਨ ਬਹੁ ਪੱਧਰੀ ਹਨ। ਕਿਸਾਨ ਲਈ ਮੌਸਮ ਦੀ ਅਨਿਸ਼ਚਿਤਤਾ, ਫ਼ਸਲ ਦਾ ਨੁਕਸਾਨ, ਕਰਜ਼ਾ, ਖੇਤੀ ਲਾਗਤ, ਮੰਡੀ ਦੀ ਅਨਿਸ਼ਚਿਤਤਾ ਅਤੇ ਆਮਦਨ ਦੀ ਅਸਥਿਰਤਾ ਲਗਾਤਾਰ ਤਣਾਅ ਪੈਦਾ ਕਰ ਸਕਦੇ ਹਨ। ਖੇਤੀਬਾੜੀ ਤੋਂ ਇਲਾਵਾ ਬੇਰੁਜ਼ਗਾਰੀ, ਨੌਜਵਾਨਾਂ ਦਾ ਵਿਦੇਸ਼ ਜਾਣ ਦਾ ਦਬਾਅ, ਪਰਿਵਾਰਕ ਟਕਰਾਅ, ਜਾਇਦਾਦੀ ਝਗੜੇ, ਵਿਆਹਕ ਸਮੱਸਿਆਵਾਂ ਅਤੇ ਸਮਾਜਕ ਇੱਜ਼ਤ ਬਚਾਉਣ ਦੀ ਚਿੰਤਾ ਵੀ ਮਨ ਉੱਤੇ ਭਾਰ ਪਾਉਂਦੀ ਹੈ। ਬਜ਼ੁਰਗਾਂ ਲਈ ਇਕੱਲਾਪਣ ਇੱਕ ਵੱਡੀ ਸਮੱਸਿਆ ਹੈ। ਨੌਜਵਾਨ ਪੜ੍ਹਾਈ ਜਾਂ ਰੋਜ਼ਗਾਰ ਲਈ ਸ਼ਹਿਰਾਂ ਅਤੇ ਵਿਦੇਸ਼ਾਂ ਵੱਲ ਚਲੇ ਜਾਂਦੇ ਹਨ ਅਤੇ ਪਿੱਛੇ ਰਹਿ ਗਏ ਮਾਪਿਆਂ ਨੂੰ ਭਾਵਨਾਤਮਕ ਸਹਾਰੇ ਦੀ ਘਾਟ ਮਹਿਸੂਸ ਹੋ ਸਕਦੀ ਹੈ। ਦੂਜੇ ਪਾਸੇ ਨੌਜਵਾਨ ਖੁਦ ਬੇਰੁਜ਼ਗਾਰੀ, ਮੁਕਾਬਲੇ, ਸੋਸ਼ਲ ਮੀਡੀਆ ਦੀ ਤੁਲਨਾ ਅਤੇ ਭਵਿੱਖ ਦੀ ਅਨਿਸ਼ਚਿਤਤਾ ਨਾਲ ਜੂਝ ਰਹੇ ਹਨ।

ਪਿੰਡਾਂ ਵਿੱਚ ਮਾਨਸਿਕ ਸਿਹਤ ਨਾਲ ਜੁੜੀ ਸਭ ਤੋਂ ਵੱਡੀ ਸਮੱਸਿਆ ਕਈ ਵਾਰ ਬਿਮਾਰੀ ਨਹੀਂ, ਬਿਮਾਰੀ ਨੂੰ ਮੰਨਣ ਤੋਂ ਇਨਕਾਰ ਹੁੰਦੀ ਹੈ। ਜੇ ਕਿਸੇ ਨੂੰ ਬੁਖਾਰ ਹੋਵੇ ਤਾਂ ਪਰਿਵਾਰ ਡਾਕਟਰ ਕੋਲ ਜਾਂਦਾ ਹੈ, ਪਰ ਜੇ ਕੋਈ ਲਗਾਤਾਰ ਉਦਾਸ ਰਹੇ, ਨੀਂਦ ਨਾ ਆਵੇ, ਡਰ ਜਾਂ ਘਬਰਾਹਟ ਵਿੱਚ ਰਹੇ ਜਾਂ ਜੀਵਨ ਤੋਂ ਨਿਰਾਸ਼ ਹੋਵੇ ਤਾਂ ਕਈ ਵਾਰ ਉਸ ਨੂੰ ਕਮਜ਼ੋਰ , ਜ਼ਿਆਦਾ ਸੋਚਣ ਵਾਲਾ ਜਾਂ ਨਾਟਕ ਕਰਨ ਵਾਲਾ ਕਹਿ ਦਿੱਤਾ ਜਾਂਦਾ ਹੈ।

ਇਹ ਸੋਚ ਖ਼ਤਰਨਾਕ ਹੈ। ਮਾਨਸਿਕ ਸਿਹਤ ਦੀ ਸਮੱਸਿਆ ਚਰਿੱਤਰ ਦੀ ਕਮਜ਼ੋਰੀ ਨਹੀਂ। ਇਹ ਵੀ ਸਿਹਤ ਦਾ ਹੀ ਮਸਲਾ ਹੈ ਅਤੇ ਇਸ ਲਈ ਸਮੇਂ ਸਿਰ ਸਹਾਇਤਾ ਲੈਣਾ ਇਲਾਜ ਦਾ ਹਿੱਸਾ ਹੈ।

ਦਿਹਾਤੀ ਖੇਤਰਾਂ ਵਿੱਚ ਮਾਹਿਰ ਮਨੋਚਿਕਿਤਸਕ, ਕਲੀਨੀਕਲ ਮਨੋਵਿਗਿਆਨੀ ਅਤੇ ਕਾਊਂਸਲਿੰਗ ਸੇਵਾਵਾਂ ਦੀ ਉਪਲਬਧਤਾ ਸ਼ਹਿਰਾਂ ਦੇ ਮੁਕਾਬਲੇ ਸੀਮਿਤ ਜਾਂ ਨਾ ਬਰਾਬਰ ਹੁੰਦੀ ਹੈ। WHO ਨੇ ਵੀ ਪੇਂਡੂ ਅਤੇ ਦੂਰ-ਦੁਰਾਡੇ ਖੇਤਰਾਂ ਵਿੱਚ ਮਾਨਸਿਕ ਸਿਹਤ ਸੇਵਾਵਾਂ ਤੱਕ ਪਹੁੰਚ ਦੀ ਘਾਟ ਨੂੰ ਮਹੱਤਵਪੂਰਨ ਚੁਣੌਤੀ ਦੱਸਿਆ ਹੈ। ਇਸ ਲਈ ਹੱਲ ਸਿਰਫ਼ ਹਰ ਜ਼ਿਲ੍ਹੇ ਵਿੱਚ ਵੱਡਾ ਹਸਪਤਾਲ ਬਣਾਉਣਾ ਨਹੀਂ। ਪ੍ਰਾਇਮਰੀ ਹੈਲਥ ਸੈਂਟਰ, ਕਮਿਊਨਿਟੀ ਹੈਲਥ ਸੈਂਟਰ, ਆਸ਼ਾ ਵਰਕਰ, ਸਕੂਲ, ਪੰਚਾਇਤਾਂ ਅਤੇ ਸਥਾਨਕ ਸਮਾਜਕ ਸੰਸਥਾਵਾਂ ਨੂੰ ਮਾਨਸਿਕ ਸਿਹਤ ਦੇ ਮੁੱਢਲੇ ਸੰਕੇਤ ਪਛਾਣਨ ਦੀ ਸਿਖਲਾਈ ਦੇਣੀ ਚਾਹੀਦੀ ਹੈ। WHO ਦੀਆਂ ਦਿਸ਼ਾ-ਨਿਰਦੇਸ਼ਾਂ ਵਿੱਚ ਵੀ ਗੈਰ-ਮਾਹਿਰ ਸਿਹਤ ਕਰਮਚਾਰੀਆਂ ਅਤੇ ਕਮਿਊਨਿਟੀ ਪੱਧਰ ਉੱਤੇ ਸੇਵਾਵਾਂ ਨੂੰ ਮਜ਼ਬੂਤ ਕਰਨ ਉੱਤੇ ਜ਼ੋਰ ਦੀ ਜ਼ਰੂਰਤ ਹੈ। ਪੰਜਾਬ ਵਿੱਚ ਇਸ ਮੁੱਦੇ ਨੂੰ ਖੇਤੀ ਸੰਕਟ, ਨਸ਼ਿਆਂ, ਬੇਰੁਜ਼ਗਾਰੀ, ਪਰਿਵਾਰਕ ਵਿਖੰਡਨ ਅਤੇ ਵਿਦੇਸ਼ੀ ਪਰਵਾਸ ਤੋਂ ਵੱਖ ਕਰਕੇ ਨਹੀਂ ਦੇਖਿਆ ਜਾ ਸਕਦਾ। ਪਰ ਇਹ ਵੀ ਜ਼ਰੂਰੀ ਹੈ ਕਿ ਹਰ ਕਿਸਾਨ ਦੀ ਪਰੇਸ਼ਾਨੀ ਨੂੰ ਮਾਨਸਿਕ ਬਿਮਾਰੀ ਅਤੇ ਹਰ ਆਤਮਹੱਤਿਆ ਨੂੰ ਇੱਕੋ ਕਾਰਨ ਨਾਲ ਨਾ ਜੋੜਿਆ ਜਾਵੇ। ਹਰ ਘਟਨਾ ਦੇ ਪਿੱਛੇ ਵਿਅਕਤੀਗਤ, ਪਰਿਵਾਰਕ, ਆਰਥਿਕ ਅਤੇ ਸਮਾਜਕ ਕਾਰਕ ਵੱਖਰੇ ਹੋ ਸਕਦੇ ਹਨ।

ਸਰਕਾਰ ਨੂੰ ਪਿੰਡ-ਪੱਧਰੀ ਮਾਨਸਿਕ ਸਿਹਤ ਸਕ੍ਰੀਨਿੰਗ, ਮੁਫ਼ਤ ਕਾਊਂਸਲਿੰਗ, ਟੈਲੀ-ਮੈਂਟਲ ਹੈਲਥ, ਨਸ਼ਾ ਮੁਕਤੀ ਅਤੇ ਸੰਕਟਕਾਲੀਨ ਸਹਾਇਤਾ ਨੂੰ ਸਿਹਤ ਪ੍ਰਣਾਲੀ ਦਾ ਨਿਯਮਿਤ ਹਿੱਸਾ ਬਣਾਉਣਾ ਚਾਹੀਦਾ ਹੈ। WHO ਵੱਲੋਂ ਭਾਰਤ ਵਿੱਚ ਕਮਿਊਨਿਟੀ-ਅਧਾਰਿਤ ਮਾਡਲਾਂ ਦੀ ਉਦਾਹਰਨ ਵਜੋਂ 'ਆਤਮੀਅਤਾ ' ਦਾ ਜ਼ਿਕਰ ਕੀਤਾ ਗਿਆ ਹੈ, ਜਿਸ ਵਿੱਚ ਤਰਬੀਅਤਯਾਫ਼ਤਾ ਸਥਾਨਕ ਵਲੰਟੀਅਰ ਮਾਨਸਿਕ ਪਰੇਸ਼ਾਨੀ ਪਛਾਣ ਕੇ ਮੁੱਢਲੀ ਕਾਊਂਸਲਿੰਗ ਅਤੇ ਲੋੜ ਪੈਣ 'ਤੇ ਮਾਹਿਰ ਸੇਵਾ ਵੱਲ ਰੈਫ਼ਰਲ ਕਰਦੇ ਹਨ। ਮਾਨਸਿਕ ਸਿਹਤ ਦਾ ਹੱਲ ਸਿਰਫ਼ ਦਵਾਈ ਨਹੀਂ—ਸੁਣਨਾ, ਸਮਝਣਾ, ਸਵੀਕਾਰ ਕਰਨਾ, ਸਮਾਜਕ ਸਹਾਰਾ ਅਤੇ ਸਮੇਂ ਸਿਰ ਪੇਸ਼ੇਵਰ ਮਦਦ ਵੀ ਉਤਨੇ ਹੀ ਮਹੱਤਵਪੂਰਨ ਹਨ। ਪਿੰਡ ਦੀ ਪੰਚਾਇਤ ਵਿੱਚ ਸੜਕ, ਨਾਲੀ ਅਤੇ ਸਟਰੀਟ ਲਾਈਟ ਦੀ ਗੱਲ ਜਿੰਨੀ ਆਮ ਹੁੰਦੀ ਹੈ , ਉਤਨੀ ਹੀ ਆਮ ਗੱਲ ਇਹ ਵੀ ਹੋਣੀ ਚਾਹੀਦੀ ਹੈ ਕਿ ਮੈਂ ਮਾਨਸਿਕ ਤੌਰ 'ਤੇ ਠੀਕ ਨਹੀਂ ਹਾਂ, ਮੈਨੂੰ ਮਦਦ ਚਾਹੀਦੀ ਹੈ।

ਪਿੰਡ ਦੀ ਤਰੱਕੀ ਸਿਰਫ਼ ਪੱਕੀਆਂ ਸੜਕਾਂ ਅਤੇ ਵੱਡੇ ਮਕਾਨਾਂ ਨਾਲ ਨਹੀਂ ਮਾਪੀ ਜਾ ਸਕਦੀ। ਅਸਲ ਤਰੱਕੀ ਉਦੋਂ ਹੋਵੇਗੀ ਜਦੋਂ ਪਿੰਡ ਦਾ ਮਨੁੱਖ ਆਪਣੇ ਮਨ ਦੀ ਪੀੜ ਵੀ ਬਿਨਾਂ ਡਰ ਅਤੇ ਸ਼ਰਮ ਦੇ ਬਿਆਨ ਕਰ ਸਕੇ। ਡਬਲਿਊ ਐਚ ਉ ਵੀ ਮਾਨਸਿਕ ਸਿਹਤ ਨੂੰ ਸਿਰਫ਼ ਸਿਹਤ ਵਿਭਾਗ ਨਹੀਂ, ਸਗੋਂ ਸਮਾਜਿਕ ਸੁਰੱਖਿਆ, ਸਿੱਖਿਆ, ਰਿਹਾਇਸ਼, ਰੋਜ਼ਗਾਰ ਅਤੇ ਸਥਾਨਕ ਵਿਕਾਸ ਨਾਲ ਜੋੜ ਕੇ ਦੇਖਣ ਦੀ ਸਿਫ਼ਾਰਸ਼ ਕਰਦਾ ਹੈ।

ਦਿਹਾਤੀ ਭਾਰਤ ਨੂੰ ਸਿਰਫ਼ ਆਰਥਿਕ ਸਹਾਇਤਾ ਦੀ ਨਹੀਂ, ਮਾਨਸਿਕ ਸਹਾਰੇ ਦੀ ਵੀ ਲੋੜ ਹੈ। ਜਿਸ ਸਮਾਜ ਨੇ ਆਪਣੇ ਲੋਕਾਂ ਦੇ ਮਨ ਨੂੰ ਸੁਣਨਾ ਸਿੱਖ ਲਿਆ, ਉਹੀ ਸਮਾਜ ਲੰਬੇ ਸਮੇਂ ਵਿੱਚ ਸਿਹਤਮੰਦ, ਸਮਰੱਥ ਅਤੇ ਮਜ਼ਬੂਤ ਬਣ ਸਕਦਾ ਹੈ।

**-ਛੱਤਰਪਾਲ ਸਿੰਘ**

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਅਣਗੌਲੇ ਫ਼ਰਿਸ਼ਤਿਆਂ ਨੂੰ ਦਿਓ ਮਾਣ, ਜੋ ਅੱਗੇ ਵੱਧ ਬਚਾਉਂਦੇ ਜਾਨ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਜਦੋਂ ਹੜ੍ਹ ਆਉਂਦਾ ਹੈ, ਤੂਫ਼ਾਨ ਟਕਰਾਉਂਦਾ ਹੈ, ਜੰਗਲਾਂ ਵਿੱਚ ਅੱਗ ਲੱਗਦੀ ਹੈ ਜਾਂ ਬੇਤਹਾਸ਼ਾ ਗਰਮੀ ਲੋਕਾਂ ਦੀ ਜ਼ਿੰਦਗੀ ਠੱਪ ਕਰ ਦਿੰਦੀ ਹੈ, ਤਾਂ ਸਾਡੀ ਨਜ਼ਰ ਆਮ ਤੌਰ 'ਤੇ ਤਬਾਹੀ, ਮੌਤਾਂ, ਰਾਹਤ ਕੈਂਪਾਂ ਅਤੇ ਸਰਕਾਰੀ ਐਲਾਨਾਂ 'ਤੇ ਜਾਂਦੀ ਹੈ। ਪਰ ਇਸ ਪੂਰੇ ਸੰਕਟ ਦੇ ਪਿੱਛੇ ਕੁਝ ਅਜਿਹੇ ਲੋਕ ਹੁੰਦੇ ਹਨ ਜਿਨ੍ਹਾਂ ਦੀ ਮਿਹਨਤ ਅਕਸਰ ਖ਼ਬਰ ਨਹੀਂ ਬਣਦੀ—ਸਿਹਤ ਕਰਮਚਾਰੀ, ਆਸ਼ਾ ਵਰਕਰ, ਆਂਗਣਵਾੜੀ ਵਰਕਰ, ਸਫ਼ਾਈ ਕਰਮਚਾਰੀ, ਬਿਜਲੀ ਅਤੇ ਪਾਣੀ ਦੇ ਕਰਮਚਾਰੀ, ਪੁਲਿਸ, ਫਾਇਰਫਾਈਟਰ, ਡਰਾਈਵਰ, ਐਂਬੂਲੈਂਸ ਸਟਾਫ਼, ਦਿਹਾੜੀ ਮਜ਼ਦੂਰ, ਰਾਹਤ ਵੰਡਣ ਵਾਲੇ ਸਵੈਸੇਵਕ ਅਤੇ ਸਥਾਨਕ ਭਾਈਚਾਰੇ ਦੇ ਮੈਂਬਰ।

ਇਹੀ ਹਨ ਜਲਵਾਯੂ ਆਫ਼ਤਾਂ ਦੇ ਫਰੰਟਲਾਈਨ ਵਰਕਰ—ਜੋ ਦੂਜਿਆਂ ਨੂੰ ਸੁਰੱਖਿਅਤ ਕਰਨ ਲਈ ਖੁਦ ਖ਼ਤਰੇ ਵਿੱਚ ਦਾਖ਼ਲ ਹੁੰਦੇ ਹਨ।

ਅੰਤਰਰਾਸ਼ਟਰੀ ਮਜ਼ਦੂਰ ਸੰਗਠਨ ਮੁਤਾਬਕ ਜਲਵਾਯੂ ਪਰਿਵਰਤਨ ਨੇ ਕੰਮਕਾਜੀ ਲੋਕਾਂ ਲਈ ਸਬਤੋਂ ਵੱਧ ਗਰਮੀ, ਅਲਟਰਾ-ਵਾਇਲਟ ਕਿਰਨਾਂ, ਹੜ੍ਹਾਂ ਤੇ ਹੋਰ ਅਤਿਅੰਤ ਮੌਸਮੀ ਘਟਨਾਵਾਂ, ਹਵਾ ਪ੍ਰਦੂਸ਼ਣ, ਵੈਕਟਰ-ਜਨਿਤ ਬਿਮਾਰੀਆਂ ਅਤੇ ਖੇਤੀਬਾੜੀ ਰਸਾਇਣਾਂ ਵਰਗੇ ਖ਼ਤਰੇ ਵਧਾਏ ਹਨ। ਆਫ਼ਤ ਦੀ ਤਸਵੀਰ ਵਿੱਚ ਅਸੀਂ ਅਕਸਰ ਬਚਾਅ ਕਾਰਵਾਈ ਦੇਖਦੇ ਹਾਂ, ਪਰ ਅਸਲ ਕੰਮ ਇਸ ਤੋਂ ਕਿਤੇ ਲੰਮਾ ਹੁੰਦਾ ਹੈ। ਹੜ੍ਹ ਦਾ ਪਾਣੀ ਉਤਰ ਜਾਣ ਤੋਂ ਬਾਅਦ ਗੰਦਗੀ ਹਟਾਉਣੀ, ਪੀਣ ਵਾਲਾ ਪਾਣੀ ਸੁਰੱਖਿਅਤ ਕਰਨਾ, ਬਿਮਾਰੀਆਂ ਰੋਕਣੀਆਂ, ਬਿਜਲੀ ਬਹਾਲ ਕਰਨੀ, ਟੁੱਟੀਆਂ ਸੜਕਾਂ ਅਤੇ ਇਮਾਰਤਾਂ ਦੀ ਜਾਂਚ ਕਰਨੀ, ਮ੍ਰਿਤਕਾਂ ਦੀ ਪਛਾਣ ਕਰਨੀ ਅਤੇ ਬੇਘਰ ਪਰਿਵਾਰਾਂ ਨੂੰ ਮੁੜ ਵਸਾਉਣਾ—ਇਹ ਸਾਰਾ ਕੰਮ ਕਿਸੇ ਨਾ ਕਿਸੇ ਕਰਮਚਾਰੀ ਦੇ ਮੋਢਿਆਂ 'ਤੇ ਹੁੰਦਾ ਹੈ।

ਇਸ ਲਈ ਆਫ਼ਤ ਪ੍ਰਬੰਧਨ ਸਿਰਫ਼ ਰਾਹਤ ਨਹੀਂ, ਲੰਬੇ ਸਮੇਂ ਦੀ ਪੁਨਰਵਸਤੀ ਅਤੇ ਪੁਨਰਨਿਰਮਾਣ ਦੀ ਪ੍ਰਕਿਰਿਆ ਹੈ।

ਕਿਸੇ ਹੜ੍ਹ ਜਾਂ ਗਰਮੀ ਦੀ ਲਹਿਰ ਦੌਰਾਨ ਸਿਹਤ ਕਰਮਚਾਰੀ ਸਿਰਫ਼ ਮਰੀਜ਼ਾਂ ਦਾ ਇਲਾਜ ਨਹੀਂ ਕਰਦੇ। ਉਹ ਬਿਮਾਰੀਆਂ ਦੀ ਨਿਗਰਾਨੀ, ਟੀਕਾਕਰਨ, ਦਵਾਈਆਂ ਦੀ ਵੰਡ, ਗਰਭਵਤੀ ਔਰਤਾਂ ਅਤੇ ਬੱਚਿਆਂ ਦੀ ਦੇਖਭਾਲ ਅਤੇ ਸਿਹਤ-ਜਾਗਰੂਕਤਾ ਦਾ ਕੰਮ ਵੀ ਕਰਦੇ ਹਨ।

ਅੰਤਰਰਾਸ਼ਟਰੀ ਮਜ਼ਦੂਰ ਸੰਗਠਨ ਅਨੁਸਾਰ ਐਮਰਜੈਂਸੀ ਰਿਸਪਾਂਡਰਾਂ ਨੂੰ ਸਰੀਰਕ ਖ਼ਤਰੇ ਦੇ ਨਾਲ ਤਣਾਅ, ਡਰ ਅਤੇ ਮਾਨਸਿਕ ਦਬਾਅ ਦਾ ਵੀ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਆਫ਼ਤ ਪ੍ਰਬੰਧਨ ਵਿੱਚ ਕਰਮਚਾਰੀਆਂ ਦੀ ਸਿਹਤ ਅਤੇ ਮਨੋ-ਸਮਾਜਿਕ ਸਹਾਇਤਾ ਨੂੰ ਵੀ ਪ੍ਰਾਥਮਿਕਤਾ ਦੇਣੀ ਜ਼ਰੂਰੀ ਹੈ।

ਆਫ਼ਤ ਵੇਲੇ ਔਰਤਾਂ ਦੀ ਭੂਮਿਕਾ ਹੋਰ ਵੀ ਜਟਿਲ ਹੋ ਜਾਂਦੀ ਹੈ। ਆਸ਼ਾ ਅਤੇ ਆਂਗਣਵਾੜੀ ਵਰਕਰਾਂ ਤੋਂ ਲੈ ਕੇ ਘਰਾਂ ਵਿੱਚ ਬੱਚਿਆਂ, ਬਜ਼ੁਰਗਾਂ, ਬਿਮਾਰਾਂ ਅਤੇ ਅਪਾਹਜਾਂ ਦੀ ਦੇਖਭਾਲ ਕਰਨ ਵਾਲੀਆਂ ਔਰਤਾਂ ਤੱਕ—ਇੱਕ ਵੱਡਾ ਹਿੱਸਾ ਅਜਿਹੇ ਕੰਮ ਦਾ ਹੈ ਜਿਸ ਦੀ ਅਕਸਰ ਕੋਈ ਤਨਖ਼ਾਹ ਜਾਂ ਅਧਿਕਾਰਕ ਗਿਣਤੀ ਨਹੀਂ ਹੁੰਦੀ।

ਡਬਲਿਊ ਐਚ ਉ ਅਨੁਸਾਰ ਦੁਨੀਆ ਭਰ ਵਿੱਚ ਔਰਤਾਂ ਲਗਭਗ 76 ਫ਼ੀਸਦੀ ਬਿਨਾਂ ਤਨਖ਼ਾਹ ਵਾਲਾ ਕੇਅਰ ਵਰਕ ਕਰਦੀਆਂ ਹਨ ਅਤੇ ਗਲੋਬਲ ਅਦਾਇਗੀ ਵਾਲੀ ਸਿਹਤ ਅਤੇ ਕੇਅਰ ਵਰਕਫੋਰਸ ਵਿੱਚ ਔਰਤਾਂ ਦੀ ਹਿੱਸੇਦਾਰੀ ਲਗਭਗ 67 ਫ਼ੀਸਦੀ ਹੈ। ਭਾਰਤ ਵਿੱਚ ਵੀ ਸੰਯੁਕਤ ਰਾਸ਼ਟਰ ਵਿਕਾਸ ਪ੍ਰੋਗਰਾਮ ਨੇ ਆਫ਼ਤ ਪ੍ਰਬੰਧਨ ਵਿੱਚ ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ, ਮਹਿਲਾ ਸੇਵਕਾਂ ਅਤੇ ਪੰਚਾਇਤੀ ਨੁਮਾਇੰਦਿਆਂ ਦੀ ਭੂਮਿਕਾ ਨੂੰ ਦਸਤਾਵੇਜ਼ਬੱਧ ਕੀਤਾ ਹੈ।

ਇਸ ਲਈ ਆਫ਼ਤ ਦੇ ਸਮੇਂ 'ਕੇਅਰ ਵਰਕ' ਨੂੰ ਵੀ ਅਸਲ ਆਫ਼ਤ-ਪ੍ਰਤੀਕਿਰਿਆ ਦਾ ਹਿੱਸਾ ਮੰਨਣਾ ਪਵੇਗਾ। ਅਸੀਂ ਅਕਸਰ ਆਫ਼ਤ ਦਾ ਅਰਥ ਸਿਰਫ਼ ਹੜ੍ਹ ਜਾਂ ਤੂਫ਼ਾਨ ਲੈਂਦੇ ਹਾਂ। ਪਰ ਵਧ ਰਹੀ ਗਰਮੀ ਵੀ ਮਜ਼ਦੂਰਾਂ ਲਈ ਗੰਭੀਰ ਖ਼ਤਰਾ ਹੈ। ਖੇਤਾਂ ਵਿੱਚ ਕੰਮ ਕਰਨ ਵਾਲੇ ਕਿਸਾਨ-ਮਜ਼ਦੂਰ, ਨਿਰਮਾਣ ਮਜ਼ਦੂਰ, ਸੜਕ ਕਰਮਚਾਰੀ, ਡਿਲਿਵਰੀ ਵਰਕਰ, ਰਿਕਸ਼ਾ ਚਾਲਕ ਅਤੇ ਬਾਹਰ ਕੰਮ ਕਰਨ ਵਾਲੇ ਹੋਰ ਲੋਕ ਗਰਮੀ ਦੇ ਸਿੱਧੇ ਸੰਪਰਕ ਵਿੱਚ ਰਹਿੰਦੇ ਹਨ। ਅੰਤਰਰਾਸ਼ਟਰੀ ਮਜ਼ਦੂਰ ਸੰਗਠਨ ਅਨੁਸਾਰ ਦੁਨੀਆ ਭਰ ਵਿੱਚ 2.4 ਬਿਲੀਅਨ ਤੋਂ ਵੱਧ ਮਜ਼ਦੂਰ ਬਹੁਤ ਜ਼ਿਆਦਾ ਗਰਮੀ ਦੇ ਸੰਪਰਕ ਵਿੱਚ ਹਨ, ਜੋ ਵਿਸ਼ਵ ਕੰਮਕਾਜੀ ਆਬਾਦੀ ਦੇ 70 ਫ਼ੀਸਦੀ ਤੋਂ ਵੱਧ ਦੇ ਬਰਾਬਰ ਹੈ। ਗਰਮੀ ਨਾਲ ਹੀਟ ਐਗਜ਼ੌਸ਼ਨ ਅਤੇ ਹੀਟਸਟ੍ਰੋਕ ਤੋਂ ਇਲਾਵਾ ਦਿਲ, ਸਾਹ ਅਤੇ ਗੁਰਦਿਆਂ ਨਾਲ ਸੰਬੰਧਿਤ ਲੰਬੇ ਸਮੇਂ ਦੇ ਸਿਹਤ ਖ਼ਤਰੇ ਵੀ ਪੈਦਾ ਹੋ ਜਾਂਦੇ ਹਨ।

ਇਸ ਲਈ 'ਗਰਮੀ ਵਿੱਚ ਕੰਮ ਕਰਨਾ ਤਾਂ ਪੈਂਦਾ ਹੀ ਹੈ' ਵਾਲੀ ਸੋਚ ਹੁਣ ਸੁਰੱਖਿਆ ਨੀਤੀ ਦਾ ਬਦਲ ਨਹੀਂ ਹੋ ਸਕਦੀ।

ਆਫ਼ਤ ਦਾ ਪ੍ਰਭਾਵ ਹਰ ਵਿਅਕਤੀ 'ਤੇ ਇੱਕੋ ਜਿਹਾ ਨਹੀਂ ਹੁੰਦਾ। ਗੈਰ-ਰਸਮੀ ਮਜ਼ਦੂਰ, ਪ੍ਰਵਾਸੀ ਕਾਮੇ, ਗਰੀਬ ਪਰਿਵਾਰ, ਪੇਂਡੂ ਮਜ਼ਦੂਰ ਅਤੇ ਔਰਤਾਂ ਅਕਸਰ ਘੱਟ ਸਮਾਜਿਕ ਸੁਰੱਖਿਆ ਅਤੇ ਘੱਟ ਸਰੋਤਾਂ ਕਾਰਨ ਵਧੇਰੇ ਪ੍ਰਭਾਵਿਤ ਹੁੰਦੇ ਹਨ। ਅੰਤਰਰਾਸ਼ਟਰੀ ਮਜ਼ਦੂਰ ਸੰਗਠਨ ਵੀ ਦੱਸਦਾ ਹੈ ਕਿ ਜਲਵਾਯੂ-ਸੰਬੰਧੀ ਖ਼ਤਰਿਆਂ ਦਾ ਬੋਝ ਕਮਜ਼ੋਰ ਅਤੇ ਗੈਰ-ਰਸਮੀ ਮਜ਼ਦੂਰਾਂ 'ਤੇ ਵੱਖ ਵੱਖ ਤਰੀਕੇ ਨਾਲ ਪੈਂਦਾ ਹੈ।

ਕਈ ਦਿਹਾੜੀਦਾਰ ਮਜ਼ਦੂਰਾਂ ਲਈ ਇੱਕ ਦਿਨ ਕੰਮ ਨਾ ਕਰਨ ਦਾ ਮਤਲਬ ਇੱਕ ਦਿਨ ਦੀ ਆਮਦਨ ਗੁਆਉਣਾ ਹੈ। ਇਸ ਲਈ ਸਿਰਫ਼ ਇਹ ਕਹਿ ਦੇਣਾ ਕਿ ਖ਼ਤਰਨਾਕ ਮੌਸਮ ਵਿੱਚ ਕੰਮ ਨਾ ਕਰੋ ਕਾਫ਼ੀ ਨਹੀਂ। ਉਨ੍ਹਾਂ ਨੂੰ ਆਮਦਨ ਦੀ ਸੁਰੱਖਿਆ ਵੀ ਦੇਣੀ ਪਵੇਗੀ।

2026 ਵਿੱਚ ਅੰਤਰਰਾਸ਼ਟਰੀ ਮਜ਼ਦੂਰ ਸੰਗਠਨ ਦੇ ਸਰਕਾਰੀ, ਮਾਲਕ ਅਤੇ ਮਜ਼ਦੂਰ ਮਾਹਿਰਾਂ ਨੇ ਬੇਤਹਾਸ਼ਾ ਗਰਮੀ ਦੇ ਮੌਸਮੀ ਘਟਨਾਵਾਂ ਨਾਲ ਜੁੜੇ ਆਕੂਪੇਸ਼ਨਲ ਸੇਫਟੀ ਐਂਡ ਹੈਲਥ ਖ਼ਤਰਿਆਂ ਲਈ ਨਵੀਆਂ ਅੰਤਰਰਾਸ਼ਟਰੀ ਸਿਫ਼ਾਰਸ਼ਾਂ 'ਤੇ ਸਹਿਮਤੀ ਬਣਾਈ। ਇਨ੍ਹਾਂ ਵਿੱਚ ਖ਼ਤਰੇ ਦੀ ਵਿਗਿਆਨਕ ਹੱਦ ਤੈਅ ਕਰਨਾ, ਸਿਹਤ ਨਿਗਰਾਨੀ, ਵਿਭਾਗਾਂ ਵਿਚਕਾਰ ਤਾਲਮੇਲ, ਲਿੰਗ-ਸੰਵੇਦਨਸ਼ੀਲ ਰਿਸਕ ਅਸੈਸਮੈਂਟ ਅਤੇ ਐਮਰਜੈਂਸੀ ਪ੍ਰੀਪੇਅਰਡਨੈੱਸ ਨੂੰ ਮਜ਼ਬੂਤ ਕਰਨਾ ਸ਼ਾਮਲ ਹੈ।

ਭਾਰਤ ਵਿੱਚ ਵੀ ਲੋੜ ਹੈ ਕਿ ਆਫ਼ਤ ਮੈਨੇਜਮੈਂਟ ਪਲੈਨਸ ਨੂੰ ਲੇਬਰ ਸੇਫਟੀ ਪਲੈਨਸ ਨਾਲ ਜੋੜਿਆ ਜਾਵੇ।

ਹਰ ਜ਼ਿਲ੍ਹੇ ਦੀ ਆਫ਼ਤ ਯੋਜਨਾ ਵਿੱਚ ਇਹ ਸਪਸ਼ਟ ਹੋਵੇ ਕਿ—

* ਕਿਹੜੇ ਕਰਮਚਾਰੀ ਸਭ ਤੋਂ ਵੱਧ ਖ਼ਤਰੇ ਵਿੱਚ ਹਨ;
* ਉਨ੍ਹਾਂ ਨੂੰ ਪੀਪੀਈ , ਸਾਫ਼ ਪਾਣੀ ਅਤੇ ਆਰਾਮ ਦੀ ਸਹੂਲਤ ਕੌਣ ਦੇਵੇਗਾ;
* ਅਤਿਅਧਿਕ ਗਰਮੀ ਵਿੱਚ ਕੰਮ ਦੇ ਘੰਟੇ ਕਿਵੇਂ ਬਦਲਣਗੇ;
* ਮਹਿਲਾ ਅਤੇ ਕੇਅਰ ਵਰਕਰਾਂ ਲਈ ਕਿਹੜੀ ਸਹਾਇਤਾ ਹੋਵੇਗੀ;
* ਜ਼ਖ਼ਮੀ ਜਾਂ ਬਿਮਾਰ ਫਰੰਟਲਾਈਨ ਵਰਕਰ ਲਈ ਮੁਆਵਜ਼ਾ ਅਤੇ ਇਲਾਜ ਕਿਵੇਂ ਮਿਲੇਗਾ;
* ਆਫ਼ਤ ਤੋਂ ਬਾਅਦ ਮਾਨਸਿਕ ਸਿਹਤ ਸਹਾਇਤਾ ਕਿੱਥੋਂ ਮਿਲੇਗੀ;
* ਅਤੇ ਗੈਰ-ਰਸਮੀ ਮਜ਼ਦੂਰਾਂ ਦੀ ਆਮਦਨ ਦੀ ਸੁਰੱਖਿਆ ਕਿਵੇਂ ਕੀਤੀ ਜਾਵੇਗੀ।

ਇੱਥੇ ਮੁੱਦਾ ਇਹ ਨਹੀਂ ਕਿ ਉਹ ਸਾਨੂੰ ਕਿਵੇਂ ਬਚਾਉਂਦੇ ਹਨ ਬਲਕਿ ਅਸੀਂ ਉਨ੍ਹਾਂ ਨੂੰ ਕਿਵੇਂ ਬਚਾਵਾਂਗੇ ਇਹ ਮਸਲਾ ਹੈ।

ਜਲਵਾਯੂ ਪਰਿਵਰਤਨ ਦੇ ਯੁੱਗ ਵਿੱਚ ਫਰੰਟਲਾਈਨ ਵਰਕਰ ਸਿਰਫ਼ ਰਾਹਤ ਕਰਮਚਾਰੀ ਨਹੀਂ ਰਹੇ। ਉਹ ਜਲਵਾਯੂ ਅਨੁਕੂਲਨ ਅਤੇ ਸਮਾਜਕ ਲਚਕੀਲੇਪਣ ਦੀ ਪਹਿਲੀ ਲਾਈਨ ਹਨ।

ਉਨ੍ਹਾਂ ਦੀ ਮਿਹਨਤ ਨੂੰ ਸਿਰਫ਼ ਫ਼ਰਜ਼ ਕਹਿ ਕੇ ਖ਼ਤਮ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਨੂੰ ਸੁਰੱਖਿਅਤ ਕੰਮਕਾਜੀ ਹਾਲਾਤ, ਬੀਮਾ, ਯੋਗ ਮਜ਼ਦੂਰੀ, ਪੀਪੀਈ , ਆਰਾਮ, ਪੀਣ ਵਾਲਾ ਪਾਣੀ, ਸਿਖਲਾਈ, ਮਾਨਸਿਕ ਸਹਾਇਤਾ ਅਤੇ ਸਮਾਜਿਕ ਸੁਰੱਖਿਆ ਦੀ ਲੋੜ ਹੈ। ਆਫ਼ਤ ਦੇ ਸਮੇਂ ਜੋ ਹੱਥ ਸਾਨੂੰ ਬਾਹਰ ਕੱਢਦੇ ਹਨ, ਉਹ ਵੀ ਕਿਸੇ ਦੇ ਆਪਣੇ ਹਨ। ਉਨ੍ਹਾਂ ਹੱਥਾਂ ਨੂੰ ਬਚਾਉਣਾ ਵੀ ਆਫ਼ਤ ਪ੍ਰਬੰਧਨ ਦਾ ਹੀ ਹਿੱਸਾ ਹੈ।

## ਪੀਐਸਪੀਸੀਐਲ ਦੀ ਕਮਾਨ ਸੰਭਾਲਦੇ ਹੀ ਗੁਰਕੀਰਤ ਕਿਰਪਾਲ ਦੇ ਸਖ਼ਤ ਹੁਕਮ, ਬਿਜਲੀ ਸਪਲਾਈ ਨਿਰਵਿਘਨ ਕਰਨ 'ਤੇ ਜ਼ੋਰ

**ਪਟਿਆਲਾ, 19 ਸਤੰਬਰ**
**-ਜੀ. ਐਸ. ਤੁੰਗ-**

: ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ ) ਅਤੇ ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪੀਐੱਸਟੀਸੀਐੱਲ ) ਦੇ ਨਵ-ਨਿਯੁਕਤ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ (ਸੀਐਮਡੀ ) ਗੁਰਕੀਰਤ ਕਿਰਪਾਲ ਸਿੰਘ ਨੇ ਪਟਿਆਲਾ ਸਥਿਤ ਮੁੱਖ ਦਫ਼ਤਰ ਵਿੱਚ ਆਪਣੀ ਪਹਿਲੀ ਮੀਟਿੰਗ ਦੌਰਾਨ ਸੀਨੀਅਰ ਅਧਿਕਾਰੀਆਂ ਨੂੰ ਸੂਬੇ ਵਿੱਚ ਨਿਰਵਿਘਨ ਅਤੇ ਭਰੋਸੇਯੋਗ ਬਿਜਲੀ ਸਪਲਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਬਿਜਲੀ ਦੀ ਮੰਗ ਤੇ ਸਪਲਾਈ, ਉਤਪਾਦਨ, ਪਾਵਰ ਖਰੀਦ, ਥਰਮਲ ਪਲਾਂਟਾਂ ਦੀ ਕਾਰਗੁਜ਼ਾਰੀ, ਕੋਲੇ ਦੀ ਉਪਲਬਧਤਾ, ਟਰਾਂਸਮਿਸ਼ਨ ਪ੍ਰਬੰਧ ਅਤੇ ਬਿਜਲੀ ਬਿਲਿੰਗ ਦੀ ਸਮੀਖਿਆ ਕੀਤੀ ਗਈ। ਗੁਰਕੀਰਤ ਕਿਰਪਾਲ ਨੇ ਕਿਹਾ ਕਿ ਘਰੇਲੂ ਅਤੇ ਵਪਾਰਕ ਖਪਤਕਾਰਾਂ ਨੂੰ ਭਰੋਸੇਯੋਗ ਸਪਲਾਈ ਦੇਣਾ ਮੁੱਖ ਤਰਜੀਹ ਹੈ। ਉਨ੍ਹਾਂ ਅਧਿਕਾਰੀਆਂ ਨੂੰ ਕਿਸਾਨਾਂ ਲਈ ਨਿਰਧਾਰਤ ਸ਼ਡਿਊਲ ਅਨੁਸਾਰ 8 ਘੰਟੇ ਨਿਰਵਿਘਨ ਖੇਤੀਬਾੜੀ ਬਿਜਲੀ ਸਪਲਾਈ ਯਕੀਨੀ ਬਣਾਉਣ, ਥਰਮਲ ਪਲਾਂਟਾਂ ਅਤੇ ਕੋਲੇ ਦੇ ਸਟਾਕ 'ਤੇ ਲਗਾਤਾਰ ਨਿਗਰਾਨੀ ਰੱਖਣ ਅਤੇ ਬਿਜਲੀ ਖਰੀਦ ਦੀ ਸਥਿਤੀ 'ਤੇ ਨਜ਼ਰ ਰੱਖਣ ਲਈ ਕਿਹਾ। ਨਾਲ ਹੀ ਘਰੇਲੂ, ਖੇਤੀਬਾੜੀ ਅਤੇ ਵਪਾਰਕ ਖਪਤਕਾਰਾਂ ਨਾਲ ਸਬੰਧਤ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ, ਫੀਲਡ ਪੱਧਰ 'ਤੇ ਨਿਗਰਾਨੀ ਮਜ਼ਬੂਤ ਕਰਨ ਅਤੇ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ ਦੇ ਹੁਕਮ ਦਿੱਤੇ ਗਏ। ਪੀਐਸਪੀਸੀਐਲ ਅਤੇ ਪੀਐੱਸਟੀਸੀਐੱਲ ਵਿਚਕਾਰ ਬਿਹਤਰ ਤਾਲਮੇਲ ਰਾਹੀਂ ਬਿਜਲੀ ਪ੍ਰਬੰਧਨ ਨੂੰ ਸੁਚਾਰੂ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ। ਗੁਰਕੀਰਤ ਕਿਰਪਾਲ ਸਿੰਘ ਨੂੰ 14 ਸਤੰਬਰ ਨੂੰ ਪੀਐਸਪੀਸੀਐਲ ਅਤੇ ਪੀਐੱਸਟੀਸੀਐੱਲ ਦੇ ਸੀਐਮਡੀ ਦਾ ਵਾਧੂ ਚਾਰਜ ਦਿੱਤਾ ਗਿਆ ਸੀ। ਇਹ ਤਬਦੀਲੀ ਉਸ ਸਮੇਂ ਹੋਈ ਜਦੋਂ ਪੰਜਾਬ ਵਿੱਚ ਬਿਜਲੀ ਕੱਟਾਂ ਅਤੇ ਸਪਲਾਈ ਸਬੰਧੀ ਕਿਸਾਨਾਂ ਤੇ ਉਦਯੋਗਿਕ ਖੇਤਰ ਵੱਲੋਂ ਚਿੰਤਾਵਾਂ ਸਾਹਮਣੇ ਆ ਰਹੀਆਂ ਸਨ .

## 22 ਸਤੰਬਰ ਤੋਂ ਪੰਜਾਬ ਰੋਡਵੇਜ਼, ਪਨਬੱਸ ਤੇ ਪੀਆਰਟੀਸੀ ਦੇ ਕੱਚੇ ਮੁਲਾਜ਼ਮਾਂ ਦੀ ਅਣਮਿੱਥੇ ਸਮੇਂ ਲਈ ਹੜਤਾਲ




**ਚੰਡੀਗੜ੍ਹ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਰੋਡਵੇਜ਼, ਪਨਬੱਸ ਅਤੇ ਪੀਆਰਟੀਸੀ ਦੇ ਕਾਂਟਰੈਕਟ ਮੁਲਾਜ਼ਮਾਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ 22 ਸਤੰਬਰ ਤੋਂ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਜਾਣ ਦਾ ਐਲਾਨ ਕੀਤਾ ਹੈ। ਯੂਨੀਅਨ ਦੇ ਮੁਤਾਬਕ ਹੜਤਾਲ ਨਾਲ ਸੂਬੇ ਵਿੱਚ ਸਰਕਾਰੀ ਬੱਸ ਸੇਵਾ ਪ੍ਰਭਾਵਿਤ ਹੋ ਸਕਦੀ ਹੈ। ਯੂਨੀਅਨ ਅਨੁਸਾਰ ਕਰੀਬ 6,500 ਕਾਂਟਰੈਕਟ ਅਤੇ ਅਸਥਾਈ ਮੁਲਾਜ਼ਮ ਇਸ ਸੰਘਰਸ਼ ਵਿੱਚ ਸ਼ਾਮਲ ਹੋਣਗੇ। ਬਾਬੂਸ਼ਾਹੀ ਮੁਤਾਬਕ ਹੜਤਾਲ ਹੋਣ ਦੀ ਸੂਰਤ ਵਿੱਚ 2,700 ਤੋਂ ਵੱਧ ਬੱਸਾਂ ਦੀ ਆਵਾਜਾਈ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ, ਜਿਸ ਨਾਲ ਰੋਜ਼ਾਨਾ ਬੱਸਾਂ 'ਤੇ ਨਿਰਭਰ ਯਾਤਰੀਆਂ ਨੂੰ ਮੁਸ਼ਕਲਾਂ ਆ ਸਕਦੀਆਂ ਹਨ। ਕੀ ਹਨ ਮੁੱਖ ਮੰਗਾਂ ?: ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਵਿੱਚ ਕਾਂਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨਾ, ਆਊਟਸੋਰਸਿੰਗ ਪ੍ਰਣਾਲੀ ਖਤਮ ਕਰਨਾ, ਬਰਖ਼ਾਸਤ ਮੁਲਾਜ਼ਮਾਂ ਦੀ ਬਹਾਲੀ ਅਤੇ ਪਿਛਲੇ ਧਰਨਿਆਂ ਦੌਰਾਨ ਦਰਜ ਪੁਲਸ ਕੇਸ ਵਾਪਸ ਲੈਣਾ ਸ਼ਾਮਲ ਹਨ। ਯੂਨੀਅਨ ਦਾ ਦੋਸ਼ ਹੈ ਕਿ ਸਰਕਾਰ ਨਾਲ ਲੰਬੇ ਸਮੇਂ ਤੋਂ ਮੀਟਿੰਗਾਂ ਦੇ ਬਾਵਜੂਦ ਮੰਗਾਂ 'ਤੇ ਠੋਸ ਫੈਸਲਾ ਨਹੀਂ ਹੋਇਆ। ਯੂਨੀਅਨ ਆਗੂਆਂ ਮੁਤਾਬਕ ਪਿਛਲੇ ਚਾਰ ਸਾਲਾਂ ਵਿੱਚ ਸਰਕਾਰ ਨਾਲ ਕਰੀਬ 59 ਮੀਟਿੰਗਾਂ ਹੋ ਚੁੱਕੀਆਂ ਹਨ। ਉਨ੍ਹਾਂ ਨੇ ਕਾਂਟਰੈਕਟ ਪ੍ਰਣਾਲੀ ਤਹਿਤ ਕਥਿਤ ਕਮਿਸ਼ਨਾਂ, ਕਟੌਤੀਆਂ ਅਤੇ ਈਪੀਐਫ /ਈ ਐੱਸ ਆਈ ਨਾਲ ਸਬੰਧਤ ਸ਼ਿਕਾਇਤਾਂ ਦਾ ਵੀ ਮੁੱਦਾ ਚੁੱਕਿਆ ਹੈ। ਇਹ ਦਾਅਵੇ ਯੂਨੀਅਨ ਵੱਲੋਂ ਕੀਤੇ ਗਏ ਹਨ।

ਪਹਿਲਾਂ ਵੀ ਹੋ ਚੁੱਕਾ ਹੈ ਸਮਝੌਤਾ: ਇਸੇ ਸਾਲ ਅਗਸਤ ਵਿੱਚ ਕਰੀਬ 7,500 ਕਾਂਟਰੈਕਟ ਮੁਲਾਜ਼ਮਾਂ ਦੀ ਹੜਤਾਲ ਸਰਕਾਰ ਵੱਲੋਂ ਲਿਖਤੀ ਭਰੋਸੇ ਦਿੱਤੇ ਜਾਣ ਤੋਂ ਬਾਅਦ ਵਾਪਸ ਲਈ ਗਈ ਸੀ। ਉਸ ਸਮੇਂ ਟਰਾਂਸਪੋਰਟ ਵਿਭਾਗ ਨੇ ਪਨਬੱਸ ਦੇ ਕਾਂਟਰੈਕਟ ਮੁਲਾਜ਼ਮਾਂ ਨੂੰ ਪੀਆਰਟੀਸੀ ਦੇ ਸਰਵਿਸ ਰੂਲਜ਼ ਅਨੁਸਾਰ ਰੈਗੂਲਰ ਕਰਨ ਦੀ ਤਜਵੀਜ਼, ਸਿੱਧੇ ਕਾਂਟਰੈਕਟ ਸਿਸਟਮ ਸਬੰਧੀ ਕਾਨੂੰਨੀ ਕਦਮ ਅਤੇ ਪਿਛਲੇ ਕੇਸਾਂ ਦੀ ਸਮੀਖਿਆ ਬਾਰੇ ਭਰੋਸੇ ਦਿੱਤੇ ਸਨ। ਹੁਣ ਯੂਨੀਅਨ ਦਾ ਕਹਿਣਾ ਹੈ ਕਿ ਮੰਗਾਂ 'ਤੇ ਉਮੀਦ ਮੁਤਾਬਕ ਕਾਰਵਾਈ ਨਾ ਹੋਣ ਕਾਰਨ ਦੁਬਾਰਾ ਹੜਤਾਲ ਦਾ ਫੈਸਲਾ ਲਿਆ ਗਿਆ ਹੈ। ਜੇਕਰ 22 ਸਤੰਬਰ ਨੂੰ ਹੜਤਾਲ ਸ਼ੁਰੂ ਹੁੰਦੀ ਹੈ ਤਾਂ ਪੰਜਾਬ ਦੇ ਵੱਖ-ਵੱਖ ਬੱਸ ਅੱਡਿਆਂ 'ਤੇ ਸੇਵਾਵਾਂ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ। ਸਰਕਾਰ ਅਤੇ ਯੂਨੀਅਨ ਵਿਚਕਾਰ ਅਗਲੀ ਗੱਲਬਾਤ ਇਸ ਮਾਮਲੇ ਵਿੱਚ ਮਹੱਤਵਪੂਰਨ ਰਹੇਗੀ।

## ਪਟਿਆਲਾ ਜਿਲ੍ਹਾ ਅੰਡਰ-14 ਕ੍ਰਿਕਟ ਟੀਮ ਲੜਕਿਆਂ ਦੀ ਚੌਣ ਲਈ ਟਰਾਇਲ 22 ਸਤੰਬਰ ਨੂੰ

**ਪਟਿਆਲਾ, 19 ਸਤੰਬਰ**
**-ਬਲਜੀਤ ਸਰਨਾ-**

ਪੰਜਾਬ ਕ੍ਰਿਕਟ ਐਸੋਸੀਏਸ਼ਨ ਦੀ ਪਟਿਆਲਾ ਸਬ ਕਮੇਟੀ ਦੇ ਚੇਅਰਪਰਸਨ ਸ. ਅਮਰਿੰਦਰ ਵੀਰ ਸਿੰਘ ਬਰਸਟ ਨੇ ਦੱਸਿਆ ਕਿ ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਪਟਿਆਲਾ ਜਿਲ੍ਹੇ ਦੀ ਅੰਡਰ-14 (ਲੜਕਿਆਂ) ਦੀ ਕ੍ਰਿਕਟ ਟੀਮ ਦੀ ਚੋਣ ਲਈ ਟਰਾਇਲ ਕਰਵਾਏ ਜਾ ਰਹੇ ਹਨ। ਇਹ ਟਰਾਇਲ 22 ਸਤੰਬਰ 2026 ਨੂੰ ਸਵੇਰੇ 9.30 ਵਜੇ ਤੋਂ ਧਰੁਵ ਪਾਂਡਵ ਕ੍ਰਿਕਟ ਸਟੇਡੀਅਮ, ਬਾਰਾਦਰੀ ਗਾਰਡਨ, ਪਟਿਆਲਾ ਵਿਖੇ ਹੋਣਗੇ। ਚੁਣੀ ਗਈ ਟੀਮ ਆਗਾਮੀ ਸੀਜਨ 2026-27 ਦੇ ਪੰਜਾਬ ਸਟੇਟ ਇੰਟਰ ਡਿਸਟ੍ਰਿਕਟ ਅੰਡਰ-14 ਵਨ ਡੇ ਲਿਮਟਿਡ ਓਵਰਜ਼ ਟੂਰਨਾਮੈਂਟ ਵਿੱਚ ਹਿੱਸਾ ਲਵੇਗੀ।

ਉਨ੍ਹਾਂ ਦੱਸਿਆ ਕਿ ਉਹ ਸਾਰੇ ਖਿਡਾਰੀ ਜੋ ਪਟਿਆਲਾ ਜਿਲ੍ਹੇ ਦੇ ਅਧਿਕਾਰ ਖੇਤਰ ਵਿੱਚ ਰਹਿੰਦੇ ਹਨ, ਜਨਮੇ (1-9-2012 ਤੋਂ 31-8-20214 ਦੇ ਵਿਚਕਾਰ) ਹੋਣ ਜਾ ਟੂਰਨਾਮੈਂਟ ਦੇ ਸਾਲ ਤੋਂ ਪਹਿਲਾਂ ਪਿਛਲੇ ਇੱਕ ਸਾਲ ਤੋਂ ਇੱਥੇ ਪੜ੍ਹਾਈ ਕਰ ਰਹੇ ਹਨ, ਟਰਾਇਲ ਦੇਣ ਦੇ ਯੋਗ ਹਨ। ਖਿਡਾਰੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੀ ਯੋਗਤਾ ਸਬੰਧੀ ਅਸਲ ਦਸਤਾਵੇਜ ਜਿਵੇਂ ਕਿ ਪਾਸਪੋਰਟ, ਡਿਜਿਟਲ ਜਨਮ ਸਰਟੀਫਿਕੇਟ, ਸਾਲ 2025-26 ਦੀ ਮਾਰਕਸ਼ੀਟ (ਓਪਨ ਸਕੂਲ ਯੋਗ ਨਹੀਂ), ਮੌਜੂਦਾ ਸੀਜ਼ਨ (2026-27) ਦਾ ਸਕੂਲ ਬੋਨਾਫਾਈਡ ਸਰਟੀਫਿਕੇਟ, ਇੱਕ ਫੋਟੋਗ੍ਰਾਫ ਅਤੇ ਉਪਰੋਕਤ ਦਸਤਾਵੇਜਾਂ ਦੀ ਫੋਟੋਕਾਪੀ ਦਾ ਇੱਕ ਸੈੱਟ ਨਾਲ ਲੈ ਕੇ ਆਉਣ। ਉਨ੍ਹਾਂ ਦੱਸਿਆ ਕਿ ਗੇਸਟ ਖਿਡਾਰੀ ਦੀ ਐਂਟਰੀ ਦੀ ਅਨੁਮਤੀ ਨਹੀਂ ਹੈ।

## ਚੰਡੀਗੜ੍ਹ 'ਚ 16.5 ਕਿਲੋ ਚਰਸ ਤਸਕਰੀ ਮਾਮਲੇ ਦਾ ਫ਼ੈਸਲਾ, ਦੋ ਨੂੰ 12-12 ਸਾਲ ਦੀ ਸਜ਼ਾ

**ਚੰਡੀਗੜ੍ਹ 19 ਸਤੰਬਰ**
**-ਛਤਰਪਾਲ ਸਿੰਘ-**

ਦੇ 16.5 ਕਿਲੋ ਚਰਸ ਤਸਕਰੀ ਮਾਮਲੇ ਵਿੱਚ ਨਾਰਕੋਟਿਕਸ ਕੰਟਰੋਲ ਬਿਊਰੋ (ਐਨਸੀਬੀ ) ਚੰਡੀਗੜ੍ਹ ਜ਼ੋਨਲ ਯੂਨਿਟ ਨੇ ਤਿੰਨ ਵਿਅਕਤੀਆਂ ਨੂੰ ਦੋਸ਼ੀ ਕਰਾਰ ਦਿਵਾਉਣ ਵਿੱਚ ਸਫਲਤਾ ਹਾਸਲ ਕੀਤੀ ਹੈ। ਵਿਸ਼ੇਸ਼ ਐਨਡੀਪੀਐਸ ਅਦਾਲਤ, ਚੰਡੀਗੜ੍ਹ ਨੇ 15 ਸਤੰਬਰ 2026 ਦੇ ਫ਼ੈਸਲੇ ਵਿੱਚ ਤਿੰਨਾਂ ਨੂੰ ਦੋਸ਼ੀ ਠਹਿਰਾਇਆ। ਮਾਮਲਾ 18 ਦਸੰਬਰ 2018 ਦਾ ਹੈ। ਐਨਸੀਬੀ ਨੂੰ ਮਿਲੀ ਸੂਚਨਾ ਦੇ ਆਧਾਰ 'ਤੇ ਖੁੱਡਾ ਲਾਹੌਰਾ ਪੁਲ ਨੇੜੇ ਇੱਕ ਹੁੰਡਈ ਵਰਨਾ ਨੂੰ ਰੋਕਿਆ ਗਿਆ ਸੀ। ਤਲਾਸ਼ੀ ਦੌਰਾਨ 16.5 ਕਿਲੋ ਚਰਸ ਬਰਾਮਦ ਹੋਈ। ਮੌਕੇ ਤੋਂ ਕੁੱਲੂ ਵਾਸੀ ਜੋਗਿੰਦਰ ਸਿੰਘ ਅਤੇ ਮੰਡੀ ਵਾਸੀ ਅਨਿਲ ਕੁਮਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ।

ਜਾਂਚ ਦੌਰਾਨ ਐਨਸੀਬੀ ਨੇ ਕੁੱਲੂ ਦੇ ਰਾਜ ਕੁਮਾਰ ਉਰਫ਼ ਰਾਜੂ ਨੂੰ ਵੀ ਮਾਮਲੇ ਨਾਲ ਜੋੜਿਆ। ਏਜੰਸੀ ਮੁਤਾਬਕ ਉਸ ਨੂੰ 20 ਦਸੰਬਰ 2018 ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਭੁੰਤਰ ਸਥਿਤ ਉਸ ਦੇ ਘਰ ਤੋਂ ਹੋਰ 80 ਗ੍ਰਾਮ ਚਰਸ ਬਰਾਮਦ ਹੋਈ।

ਐਨਸੀਬੀ ਦਾ ਕਹਿਣਾ ਸੀ ਕਿ ਇਹ ਨੈੱਟਵਰਕ ਚਰਸ ਨੂੰ ਮੁੰਬਈ, ਗੋਆ, ਬੈਂਗਲੁਰੂ ਅਤੇ ਚੇਨਈ ਵਰਗੇ ਸ਼ਹਿਰਾਂ ਤੱਕ ਪਹੁੰਚਾਉਣ ਨਾਲ ਜੁੜਿਆ ਸੀ। ਅਦਾਲਤ ਨੇ ਜੋਗਿੰਦਰ ਸਿੰਘ ਅਤੇ ਅਨਿਲ ਕੁਮਾਰ ਨੂੰ 12-12 ਸਾਲ ਦੀ ਸਖ਼ਤ ਕੈਦ ਅਤੇ ਹਰੇਕ ਨੂੰ 1 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ। ਰਾਜ ਕੁਮਾਰ ਉਰਫ਼ ਰਾਜੂ ਨੂੰ 1 ਸਾਲ ਦੀ ਸਖ਼ਤ ਕੈਦ ਅਤੇ 10 ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ।

ਅਦਾਲਤੀ ਕਾਰਵਾਈ ਦੌਰਾਨ ਬਰਾਮਦ ਨਸ਼ੀਲੇ ਪਦਾਰਥ ਦੀ ਸੀਲ, ਕਸਟਡੀ ਦੀ ਲੜੀ ਅਤੇ ਰਸਾਇਣਕ ਜਾਂਚ ਨਾਲ ਸਬੰਧਤ ਸਬੂਤ ਵੀ ਪੇਸ਼ ਕੀਤੇ ਗਏ। ਜਾਂਚ ਵਿੱਚ ਨਮੂਨੇ ਸੀਆਰਸੀਐਲ , ਨਵੀਂ ਦਿੱਲੀ ਭੇਜੇ ਗਏ ਸਨ, ਜਿੱਥੇ ਉਹ ਚਰਸ ਵਜੋਂ ਪਾਜ਼ੀਟਿਵ ਪਾਏ ਗਏ। ਐਨਸੀਬੀ ਨੇ ਇਸ ਫ਼ੈਸਲੇ ਨੂੰ ਅੰਤਰ-ਰਾਜੀ ਨਸ਼ਾ ਤਸਕਰੀ ਮਾਮਲਿਆਂ ਦੀ ਜਾਂਚ ਅਤੇ ਕਾਨੂੰਨੀ ਕਾਰਵਾਈ ਵਿੱਚ ਮਹੱਤਵਪੂਰਨ ਨਤੀਜਾ ਦੱਸਿਆ ਹੈ। ਏਜੰਸੀ ਨੇ ਕਿਹਾ ਕਿ ਅਜਿਹੀ ਕਾਰਵਾਈ ਕੇਂਦਰ ਦੀ ਨਸ਼ਾ ਮੁਕਤ ਭਾਰਤ ਮੁਹਿੰਮ ਦੇ ਉਦੇਸ਼ਾਂ ਨਾਲ ਵੀ ਜੁੜੀ ਹੋਈ ਹੈ।




## ਚੰਡੀਗੜ੍ਹ 'ਚ 'ਆਈਫੋਨ ਲੰਗਰ' ਦਾ ਐਲਾਨ, 22 ਸਤੰਬਰ ਨੂੰ ਮਿਲੇਗਾ ਆਈਫੋਨ 17

**ਚੰਡੀਗੜ੍ਹ 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅੰਮ੍ਰਿਤਸਰ ਦੇ ਕਾਰੋਬਾਰੀ ਅਤੇ ਸੋਸ਼ਲ ਮੀਡੀਆ ਸ਼ਖ਼ਸੀਅਤ ਰਾਕੇਸ਼ ਤ੍ਰੇਹਾਨ, ਜੋ 'ਰਾਜਾ ਡੀ ਕਿੰਗ' ਦੇ ਨਾਮ ਨਾਲ ਮਸ਼ਹੂਰ ਹਨ, ਨੇ ਚੰਡੀਗੜ੍ਹ ਵਿੱਚ 'ਆਈਫੋਨ ਲੰਗਰ' ਲਗਾਉਣ ਦਾ ਐਲਾਨ ਕੀਤਾ ਹੈ। ਉਨ੍ਹਾਂ ਮੁਤਾਬਕ ਇਹ ਪ੍ਰੋਗਰਾਮ 22 ਸਤੰਬਰ ਨੂੰ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਕਰਵਾਇਆ ਜਾਵੇਗਾ। ਤ੍ਰੇਹਾਨ ਨੇ ਕਿਹਾ ਕਿ ਇਸ ਸਮਾਗਮ ਵਿੱਚ ਸਿਰਫ਼ ਆਈਫੋਨ 17 ਮਾਡਲ ਵੰਡੇ ਜਾਣਗੇ ਅਤੇ ਇਨ੍ਹਾਂ ਨੂੰ 'ਪ੍ਰਸਾਦ' ਵਜੋਂ ਦੇਣ ਦੀ ਗੱਲ ਕਹੀ ਹੈ। ਉਨ੍ਹਾਂ ਮੁਤਾਬਕ ਪਹਿਲਾਂ ਆਈਫੋਨ 16 ਸਮੇਤ ਹੋਰ ਮਾਡਲ ਦੇਣ ਦੀ ਯੋਜਨਾ ਸੀ, ਪਰ ਹੁਣ ਵੰਡ ਆਈਫੋਨ 17 ਤੋਂ ਸ਼ੁਰੂ ਕਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਚੰਡੀਗੜ੍ਹ ਅਤੇ ਮੋਹਾਲੀ ਦੇ ਚੁਣੇ ਹੋਏ ਲੋਕਾਂ ਨੂੰ ਫੋਨ ਦਿੱਤੇ ਜਾਣਗੇ ਅਤੇ ਜੇਤੂਆਂ ਦੇ ਨਾਮ ਜਨਤਕ ਤੌਰ 'ਤੇ ਡਰਾਅ ਰਾਹੀਂ ਕੱਢੇ ਜਾਣਗੇ ।ਮੀਡੀਆ ਨੂੰ ਵੀ ਸਮਾਗਮ ਵਿੱਚ ਸੱਦਾ ਦਿੱਤਾ ਗਿਆ ਹੈ ਅਤੇ ਵੰਡ ਨੂੰ ਲਾਈਵ ਦਿਖਾਉਣ ਦੀ ਗੱਲ ਕਹੀ ਗਈ ਹੈ।

ਰਿਪੋਰਟਾਂ ਮੁਤਾਬਕ ਪਹਿਲੇ ਪੜਾਅ ਵਿੱਚ 22 ਸਤੰਬਰ ਨੂੰ 10 ਆਈਫੋਨ ਵੰਡਣ ਦੀ ਗੱਲ ਸਾਹਮਣੇ ਆਈ ਹੈ, ਜਦਕਿ ਤ੍ਰੇਹਾਨ ਨੇ ਅੱਗੇ ਪੰਜਾਬ ਦੇ ਹੋਰ ਸ਼ਹਿਰਾਂ ਵਿੱਚ ਵੀ ਅਜਿਹੇ ਪ੍ਰੋਗਰਾਮ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਪਹਿਲਾਂ 100 ਆਈਫੋਨ ਚੰਡੀਗੜ੍ਹ ਅਤੇ 200 ਮੋਹਾਲੀ ਲਈ ਯੋਜਨਾ ਬਾਰੇ ਵੀ ਗੱਲ ਕੀਤੀ ਸੀ ਇਹ ਐਲਾਨ ਉਨ੍ਹਾਂ ਦੇ ਪਹਿਲਾਂ ਕੀਤੇ 'ਪੈਟਰੋਲ ਲੰਗਰ' ਤੋਂ ਬਾਅਦ ਆਇਆ ਹੈ। ਉਸ ਸਮੇਂ ਮੁਫ਼ਤ ਪੈਟਰੋਲ ਲੈਣ ਲਈ ਵੱਡੀ ਭੀੜ ਇਕੱਠੀ ਹੋਈ ਸੀ ਅਤੇ ਭੀੜ ਨੂੰ ਸੰਭਾਲਣ ਲਈ ਪੁਲਿਸ ਨੂੰ ਦਖ਼ਲ ਦੇਣਾ ਪਿਆ ਸੀ। ਪ੍ਰੋਗਰਾਮ ਨੂੰ ਬਾਅਦ ਵਿੱਚ ਮੁਲਤਵੀ ਕੀਤਾ ਗਿਆ ਸੀ। 'ਆਈਫੋਨ ਲੰਗਰ' ਦੇ ਐਲਾਨ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਇਸ ਨੂੰ ਲੈ ਕੇ ਕਾਫ਼ੀ ਚਰਚਾ ਹੈ। ਹਾਲਾਂਕਿ, ਅੰਤਿਮ ਗਿਣਤੀ, ਵੰਡ ਦੀ ਵਿਸਥਾਰਤ ਪ੍ਰਕਿਰਿਆ ਅਤੇ ਸਥਾਨ ਸਬੰਧੀ ਅਧਿਕਾਰਤ ਵੇਰਵਿਆਂ ਦੀ ਪੁਸ਼ਟੀ ਸਮਾਗਮ ਵਾਲੇ ਦਿਨ ਹੀ ਸਪਸ਼ਟ ਹੋਵੇਗੀ।

## ਏਸ਼ੀਆਈ ਖੇਡਾਂ ਦੀ ਓਪਨਿੰਗ ਸੈਰੇਮਨੀ 'ਚ ਪਵਨ ਸਹਿਰਾਵਤ ਤੇ ਮਨੂ ਭਾਕਰ ਨੇ ਲਹਿਰਾਇਆ ਤਿਰੰਗਾ

**ਨਾਗੋਯਾ, ਜਾਪਾਨ, 19 ਸਤੰਬਰ,**
**-ਸ਼ਹੀਦ-ਏ-ਆਜ਼ਮ-ਬਿਊਰੋ-**



ਜਾਪਾਨ ਦੇ ਆਇਚੀ-ਨਾਗੋਯਾ ਵਿੱਚ 20ਵੀਆਂ ਏਸ਼ੀਆਈ ਖੇਡਾਂ ਦੀ ਅਧਿਕਾਰਤ ਸ਼ੁਰੂਆਤ ਸ਼ਨੀਵਾਰ ਨੂੰ ਸ਼ਾਨਦਾਰ ਉਦਘਾਟਨੀ ਸਮਾਰੋਹ ਨਾਲ ਹੋਈ। ਪਾਲੋਮਾ ਮਿਜ਼ੂਹੋ ਸਟੇਡੀਅਮ ਵਿੱਚ ਹੋਏ ਸਮਾਰੋਹ ਦੌਰਾਨ ਕਬੱਡੀ ਸਟਾਰ ਪਵਨ ਸਹਿਰਾਵਤ ਅਤੇ ਦੋ ਵਾਰ ਦੀ ਓਲੰਪਿਕ ਤਮਗਾ ਜੇਤੂ ਨਿਸ਼ਾਨੇਬਾਜ਼ ਮਨੂ ਭਾਕਰ ਨੇ ਭਾਰਤੀ ਦਲ ਦੀ ਅਗਵਾਈ ਕਰਦਿਆਂ ਤਿਰੰਗਾ ਫੜਿਆ।

ਭਾਰਤ ਵੱਲੋਂ ਇਸ ਵਾਰ 503 ਖਿਡਾਰੀਆਂ ਦਾ ਦਲ 36 ਖੇਡਾਂ ਵਿੱਚ ਹਿੱਸਾ ਲੈ ਰਿਹਾ ਹੈ। ਮਨੂ ਭਾਕਰ 10 ਮੀਟਰ ਏਅਰ ਪਿਸਟਲ, 25 ਮੀਟਰ ਪਿਸਟਲ ਅਤੇ 10 ਮੀਟਰ ਏਅਰ ਪਿਸਟਲ ਮਿਕਸਡ ਟੀਮ ਮੁਕਾਬਲਿਆਂ ਵਿੱਚ ਹਿੱਸਾ ਲਵੇਗੀ। ਪੈਰਿਸ 2024 ਓਲੰਪਿਕ ਵਿੱਚ ਉਸ ਨੇ ਦੋ ਕਾਂਸੀ ਦੇ ਤਮਗੇ ਜਿੱਤੇ ਸਨ।

ਪਵਨ ਸਹਿਰਾਵਤ ਭਾਰਤੀ ਪੁਰਸ਼ ਕਬੱਡੀ ਟੀਮ ਦਾ ਹਿੱਸਾ ਹੈ। ਭਾਰਤ ਨੇ ਪਿਛਲੀਆਂ ਏਸ਼ੀਆਈ ਖੇਡਾਂ ਵਿੱਚ ਪੁਰਸ਼ ਕਬੱਡੀ ਦਾ ਸੋਨ ਤਮਗਾ ਜਿੱਤਿਆ ਸੀ ਅਤੇ ਇਸ ਵਾਰ ਵੀ ਟੀਮ ਖਿਤਾਬ ਬਰਕਰਾਰ ਰੱਖਣ ਲਈ ਮੈਦਾਨ ਵਿੱਚ ਉਤਰੇਗੀ।

ਆਖ਼ਰੀ ਸਮੇਂ ਬਦਲਿਆ ਫਲੈਗ ਬੇਅਰਰ: ਅਸਲ ਵਿੱਚ ਸ਼ਾਟ-ਪੁੱਟ ਖਿਡਾਰੀ ਤਜਿੰਦਰਪਾਲ ਸਿੰਘ ਤੂਰ ਨੂੰ ਮਨੂ ਭਾਕਰ ਦੇ ਨਾਲ ਭਾਰਤ ਦਾ ਪੁਰਸ਼ ਫਲੈਗ ਬੇਅਰਰ ਚੁਣਿਆ ਗਿਆ ਸੀ। ਪਰ ਉਦਘਾਟਨੀ ਸਮਾਰੋਹ ਤੋਂ ਥੋੜ੍ਹਾ ਪਹਿਲਾਂ ਅਧਿਕਾਰਤ ਕਿੱਟ ਨਾਲ ਜੁੜੀ ਸਮੱਸਿਆ ਕਾਰਨ ਤੂਰ ਦੀ ਥਾਂ ਪਵਨ ਸਹਿਰਾਵਤ ਨੂੰ ਫਲੈਗ ਬੇਅਰਰ ਬਣਾਇਆ ਗਿਆ। ਏਸ਼ੀਆਈ ਖੇਡਾਂ ਵਿੱਚ 45 ਦੇਸ਼ਾਂ ਅਤੇ ਖੇਤਰਾਂ ਦੇ 11,000 ਤੋਂ ਵੱਧ ਖਿਡਾਰੀ 43 ਖੇਡਾਂ ਵਿੱਚ ਹਿੱਸਾ ਲੈ ਰਹੇ ਹਨ। ਇਸ ਵਾਰ ਕੁਝ ਨਵੀਆਂ ਖੇਡਾਂ ਦੇ ਨਾਲ ਈ-ਸਪੋਰਟਸ, ਟੇਕਬਾਲ ਅਤੇ ਵਰਚੁਅਲ ਤਾਇਕਵਾਂਡੋ ਵਰਗੇ ਮੁਕਾਬਲੇ ਵੀ ਪ੍ਰੋਗਰਾਮ ਦਾ ਹਿੱਸਾ ਹਨ। ਭਾਰਤ ਨੇ 2022 ਦੀਆਂ ਹਾਂਗਝੋਊ ਏਸ਼ੀਆਈ ਖੇਡਾਂ ਵਿੱਚ ਆਪਣਾ ਹੁਣ ਤੱਕ ਦਾ ਸਭ ਤੋਂ ਵੱਡਾ ਤਮਗਾ ਖਾਤਾ ਦਰਜ ਕਰਦਿਆਂ 107 ਤਮਗੇ—28 ਸੋਨੇ, 38 ਚਾਂਦੀ ਅਤੇ 41 ਕਾਂਸੀ ਜਿੱਤੇ ਸਨ। ਆਇਚੀ-ਨਾਗੋਯਾ ਖੇਡਾਂ 19 ਸਤੰਬਰ ਤੋਂ 4 ਅਕਤੂਬਰ 2026 ਤੱਕ ਹੋਣਗੀਆਂ।




# ਸਵੱਛਤਾ ਹੀ ਸੇਵਾ-2026 ਮੁਹਿੰਮ ਦੀ ਜ਼ਿਲ੍ਹਾ ਪੱਧਰੀ ਸ਼ੁਰੂਆਤ, ਹਰ ਪਿੰਡ ਤੇ ਹਰ ਘਰ ਤੱਕ ਪਹੁੰਚਾਇਆ ਜਾਵੇਗਾ ਸਵੱਛਤਾ ਦਾ ਸੰਦੇਸ਼: ਸੁਰਿੰਦਰ ਸਿੰਘ ਧਾਲੀਵਾਲ

**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**



: ਸਾਫ਼-ਸੁਥਰਾ ਅਤੇ ਸਵੱਛ ਵਾਤਾਵਰਣ ਸਿਹਤਮੰਦ ਸਮਾਜ ਦੀ ਨੀਂਹ ਹੈ ਅਤੇ ਸਵੱਛਤਾ ਨੂੰ ਸਿਰਫ਼ ਮੁਹਿੰਮ ਤੱਕ ਸੀਮਤ ਨਾ ਰੱਖਦਿਆਂ ਇਸ ਨੂੰ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣਾ ਸਮੇਂ ਦੀ ਮੁੱਖ ਲੋੜ ਹੈ। ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੁਰਿੰਦਰ ਸਿੰਘ ਧਾਲੀਵਾਲ ਨੇ 'ਸਵੱਛਤਾ ਹੀ ਸੇਵਾ-2026', 'ਸਵੱਛਤਾ ਵਿੱਚ ਸਹਿਭਾਗ' ਅਤੇ 'ਸਵੱਛ ਭਾਰਤ-ਵਿਕਸਿਤ ਭਾਰਤ' ਮੁਹਿੰਮ ਦੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਸ਼ੁਰੂਆਤ ਕਰਵਾਉਣ ਮੌਕੇ ਕੀਤਾ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਮੁਹਿੰਮ 02 ਅਕਤੂਬਰ 2026 ਤੱਕ ਚਲਾਈ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹੇ ਦੇ ਪਿੰਡਾਂ ਵਿੱਚ ਵੱਖ-ਵੱਖ ਸਫ਼ਾਈ ਗਤੀਵਿਧੀਆਂ ਕਰਵਾਉਣ ਦੇ ਨਾਲ-ਨਾਲ ਲੋਕਾਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮੁਹਿੰਮ ਤਹਿਤ ਜ਼ਿਲ੍ਹੇ ਦੇ ਪਿੰਡਾਂ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਉਣ ਤੋਂ ਇਲਾਵਾ ਸਫ਼ਾਈ ਕਰਮਚਾਰੀਆਂ ਲਈ ਸਿਹਤ ਜਾਂਚ ਕੈਂਪ ਵੀ ਲਗਾਏ ਜਾਣਗੇ। ਇਸ ਦੇ ਨਾਲ ਹੀ ਘਰੇਲੂ ਕੂੜੇ ਦੀ ਚਾਰ ਤਰ੍ਹਾਂ ਨਾਲ ਛਾਂਟੀ ਕਰਨ ਅਤੇ ਇਸ ਦੇ ਸਹੀ ਢੰਗ ਨਾਲ ਨਿਪਟਾਰੇ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਿੰਡਾਂ ਨੂੰ ਸਾਫ਼-ਸੁਥਰਾ ਰੱਖਣ ਲਈ ਕੂੜੇ ਦੇ ਢੇਰਾਂ ਦੀ ਸਫ਼ਾਈ ਕਰਵਾਈ ਜਾਵੇਗੀ ਅਤੇ ਪਿੰਡਾਂ ਵਿੱਚ ਸਥਾਪਿਤ ਕੀਤੇ ਗਏ ਠੋਸ ਕੂੜਾ ਪ੍ਰਬੰਧਨ ਪ੍ਰੋਜੈਕਟਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਵਿੱਚ ਲਿਆਉਣ ਅਤੇ ਉਨ੍ਹਾਂ ਦੇ ਸੁਚੱਜੇ ਰੱਖ-ਰਖਾਅ ਸਬੰਧੀ ਵੀ ਲੋਕਾਂ ਨੂੰ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀ ਭਾਗੀਦਾਰੀ ਅਤੇ ਸਹਿਯੋਗ ਨਾਲ ਸਫ਼ਾਈ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ। ਇਸ ਮੌਕੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਸ੍ਰੀ ਵਿਸ਼ਾਲ ਪੁਰੀ, ਸਮੂਹ ਉਪ ਮੰਡਲ ਇੰਜੀਨੀਅਰ, ਜੂਨੀਅਰ ਇੰਜੀਨੀਅਰ, ਸੋਸ਼ਲ ਸਟਾਫ਼, ਸੀ.ਡੀ.ਐੱਸ., ਜੂਨੀਅਰ ਇੰਜੀਨੀਅਰ ਵਾਤਾਵਰਣ, ਆਈ.ਈ.ਸੀ. ਸਪੈਸ਼ਲਿਸਟ ਅਤੇ ਬੀ.ਆਰ.ਸੀ ਹਾਜਰ ਸਨ।

# ਨਸ਼ਾ ਮੁਕਤ ਪੰਜਾਬ ਯਾਤਰਾ ਦਾ ਦੂਜਾ ਪੜਾਅ: ਦਿੱਲੀ ਸੀਐਮ ਰੇਖਾ ਗੁਪਤਾ ਫਤਿਹਗੜ੍ਹ ਸਾਹਿਬ ਪਹੁੰਚੀ

**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਭਾਜਪਾ ਵੱਲੋਂ ਚਲਾਈ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਦੂਜੇ ਦਿਨ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਸ਼ਨੀਵਾਰ ਨੂੰ ਪੰਜਾਬ ਪਹੁੰਚੀ। ਫਤਿਹਗੜ੍ਹ ਸਾਹਿਬ ਪਹੁੰਚਣ 'ਤੇ ਉਨ੍ਹਾਂ ਨੇ ਧਾਰਮਿਕ ਸਥਾਨ 'ਤੇ ਮੱਥਾ ਟੇਕਿਆ। ਇਸ ਮੌਕੇ ਪੰਜਾਬ ਭਾਜਪਾ ਆਗੂ ਕੇਵਲ ਸਿੰਘ ਢਿੱਲੋਂ ਵੀ ਉਨ੍ਹਾਂ ਦੇ ਨਾਲ ਸਨ।

ਫਤਿਹਗੜ੍ਹ ਸਾਹਿਬ ਤੋਂ ਯਾਤਰਾ ਦੀ ਸ਼ੁਰੂਆਤ: ਭਾਜਪਾ ਦੇ ਤੈਅ ਪ੍ਰੋਗਰਾਮ ਮੁਤਾਬਕ ਰੇਖਾ ਗੁਪਤਾ ਨੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਤਮਸਤਕ ਹੋ ਕੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਤੋਂ ਬਾਅਦ ਸਥਾਨਕ ਦਾਣਾ ਮੰਡੀ ਵਿੱਚ ਇਕੱਠ ਨੂੰ ਸੰਬੋਧਨ ਕਰਕੇ ਯਾਤਰਾ ਨੂੰ ਹਰੀ ਝੰਡੀ ਦਿਖਾਈ। ਭਾਜਪਾ ਨੇ ਇਸ ਮੁਹਿੰਮ ਦਾ ਨਾਅਰਾ ਭਾਜਪਾ ਦਾ ਨਾਅਰਾ, ਨਸ਼ਾ ਮੁਕਾਉਣਾ ਸਾਰਾ ਰੱਖਿਆ ਹੈ।

ਪਾਰਟੀ ਮੁਤਾਬਕ ਯਾਤਰਾ ਦਾ ਮੁੱਖ ਉਦੇਸ਼ ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਅਤੇ ਜਨਤਕ ਸੰਪਰਕ ਵਧਾਉਣਾ ਹੈ। ਪਾਰਟੀ ਨੇ ਇਸ ਨਾਲ ਨਸ਼ਿਆਂ ਤੋਂ ਇਲਾਵਾ ਕਾਨੂੰਨ-ਵਿਵਸਥਾ ਅਤੇ ਭ੍ਰਿਸ਼ਟਾਚਾਰ ਦੇ ਮੁੱਦੇ ਵੀ ਜੋੜੇ ਹਨ। ਇਹ ਭਾਜਪਾ ਦੇ ਪਾਰਟੀ ਪੱਖੋਂ ਕੀਤੇ ਗਏ ਦਾਅਵੇ ਹਨ।

24 ਵਿਧਾਨ ਸਭਾ ਹਲਕਿਆਂ ਵਿੱਚੋਂ ਲੰਘੇਗੀ ਯਾਤਰਾ: ਫਤਿਹਗੜ੍ਹ ਸਾਹਿਬ ਤੋਂ ਸ਼ੁਰੂ ਹੋਣ ਵਾਲੀ ਇਹ ਯਾਤਰਾ ਸਮਰਾਲਾ, ਪਾਇਲ, ਖੰਨਾ, ਅਮਲੋਹ, ਬੱਸੀ ਪਠਾਣਾ, ਡੇਰਾਬੱਸੀ, ਐਸ.ਏ.ਐਸ. ਨਗਰ, ਖਰੜ, ਚਮਕੌਰ ਸਾਹਿਬ, ਰੋਪੜ, ਆਨੰਦਪੁਰ ਸਾਹਿਬ, ਗੜ੍ਹਸ਼ੰਕਰ, ਚੱਬੇਵਾਲ, ਹੁਸ਼ਿਆਰਪੁਰ, ਸ਼ਾਮ ਚੌਰਾਸੀ, ਦਸੂਹਾ, ਮੁਕੇਰੀਆਂ, ਉੜਮੁੜ, ਆਦਮਪੁਰ, ਬਲਾਚੌਰ, ਨਵਾਂਸ਼ਹਿਰ, ਬੰਗਾ ਅਤੇ ਫਗਵਾੜਾ ਸਮੇਤ 24 ਵਿਧਾਨ ਸਭਾ ਹਲਕਿਆਂ ਵਿੱਚੋਂ ਲੰਘ ਕੇ ਜਲੰਧਰ ਵਿੱਚ ਸਮਾਪਤ ਹੋਵੇਗੀ।

ਚਾਰ ਯਾਤਰਾਵਾਂ, 117 ਹਲਕਿਆਂ ਤੱਕ ਪਹੁੰਚਣ ਦਾ ਪ੍ਰੋਗਰਾਮ: ਭਾਜਪਾ ਵੱਲੋਂ ਪੰਜਾਬ ਵਿੱਚ ਕੁੱਲ ਚਾਰ ਨਸ਼ਾ ਮੁਕਤ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ। ਪਹਿਲੀ ਯਾਤਰਾ 18 ਸਤੰਬਰ ਨੂੰ ਪਠਾਨਕੋਟ ਤੋਂ ਸ਼ੁਰੂ ਹੋਈ, ਜਦਕਿ ਦੂਜੀ 19 ਸਤੰਬਰ ਨੂੰ ਫਤਿਹਗੜ੍ਹ ਸਾਹਿਬ ਤੋਂ, ਤੀਜੀ 20 ਸਤੰਬਰ ਨੂੰ ਫਾਜ਼ਿਲਕਾ ਅਤੇ ਚੌਥੀ 21 ਸਤੰਬਰ ਨੂੰ ਤਲਵੰਡੀ ਸਾਬੋ ਤੋਂ ਸ਼ੁਰੂ ਹੋਣੀ ਹੈ। ਚਾਰਾਂ ਯਾਤਰਾਵਾਂ ਦਾ ਸਮਾਪਨ 30 ਸਤੰਬਰ ਨੂੰ ਜਲੰਧਰ ਵਿੱਚ ਹੋਣਾ ਹੈ ਤੈਅ। ਭਾਜਪਾ ਅਨੁਸਾਰ ਇਹ ਯਾਤਰਾਵਾਂ ਲਗਭਗ 4,000 ਕਿਲੋਮੀਟਰ ਦਾ ਸਫ਼ਰ ਤੈਅ ਕਰਕੇ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਤੱਕ ਪਹੁੰਚਣਗੀਆਂ। ਜਲੰਧਰ ਵਿੱਚ ਸਮਾਪਤੀ ਸਮਾਗਮ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਸੰਬੋਧਨ ਦੀ ਯੋਜਨਾ ਦੱਸੀ ਗਈ ਹੈ।

# ਨੌਜਵਾਨਾਂ ਨੂੰ ਪੰਜਾਬ 'ਚ ਹੀ ਮੌਕੇ ਦੇਣ ਲਈ ਸਟਾਰਟਅਪ ਤੇ ਇਨੋਵੇਸ਼ਨ ਨੂੰ ਹੁਲਾਰਾ: ਮੁੱਖ ਮੰਤਰੀ ਮਾਨ

**ਮੁਹਾਲੀ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਆਪਣੇ ਵਿਚਾਰਾਂ ਨੂੰ ਕਾਰੋਬਾਰ, ਨਵੀਨਤਾ ਅਤੇ ਰੁਜ਼ਗਾਰ ਦੇ ਮੌਕਿਆਂ ਵਿੱਚ ਬਦਲਣ ਲਈ ਵਿੱਤੀ ਅਤੇ ਸੰਸਥਾਗਤ ਸਹਾਇਤਾ ਦੇਣ ਵੱਲ ਕੰਮ ਕਰ ਰਹੀ ਹੈ। ਉਹ ਮੁਹਾਲੀ ਸਥਿਤ ਇੰਡੀਅਨ ਸਕੂਲ ਆਫ਼ ਬਿਜ਼ਨਸ (ਆਈਐਸਬੀ ) ਦੇ ਲੀਡਰਸ਼ਿਪ ਸਮਿਟ -2026 ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ। ਮੁੱਖ ਮੰਤਰੀ ਨੇ ਦੱਸਿਆ ਕਿ ਨੌਜਵਾਨਾਂ ਦੇ ਨਵੇਂ ਵਿਚਾਰਾਂ ਨੂੰ ਅੱਗੇ ਵਧਾਉਣ ਲਈ ਸਟਾਰਟਅੱਪ ਸੈਂਟਰ ਸਥਾਪਿਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਕੂਲਜ਼ ਆਫ ਐਮੀਨੈਂਸ ਵਿੱਚ ਚਲਾਏ ਜਾ ਰਹੇ ਬਿਜ਼ਨੈੱਸ ਬਲਾਸਟਰਜ਼ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਕਾਰੋਬਾਰੀ ਵਿਚਾਰ ਵਿਕਸਿਤ ਕਰਨ ਲਈ ਸੀਡ ਮਨੀ ਦਿੱਤੀ ਜਾ ਰਹੀ ਹੈ। ਸਰਕਾਰ ਵੱਲੋਂ ਬਿਹਤਰ ਵਿਚਾਰਾਂ ਨੂੰ ਪੇਟੈਂਟ ਕਰਵਾਉਣ ਲਈ ਵੀ ਕਦਮ ਚੁੱਕੇ ਜਾ ਰਹੇ ਹਨ।

ਮਾਨ ਨੇ ਉਦਯੋਗਪਤੀਆਂ ਅਤੇ ਨਿਵੇਸ਼ਕਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਰਕਾਰ ਸੂਬੇ ਨੂੰ ਉਦਯੋਗ, ਨਿਵੇਸ਼ ਅਤੇ ਨਵੀਨਤਾ ਦਾ ਕੇਂਦਰ ਬਣਾਉਣ ਵੱਲ ਕੰਮ ਕਰ ਰਹੀ ਹੈ।

ਉਨ੍ਹਾਂ ਮੁਤਾਬਕ ਨੌਜਵਾਨਾਂ ਨੂੰ ਰੁਜ਼ਗਾਰ ਲੱਭਣ ਵਾਲਿਆਂ ਦੇ ਨਾਲ-ਨਾਲ ਰੁਜ਼ਗਾਰ ਪੈਦਾ ਕਰਨ ਵਾਲੇ ਉੱਦਮੀ ਬਣਾਉਣ 'ਤੇ ਧਿਆਨ ਦਿੱਤਾ ਜਾ ਰਿਹਾ ਹੈ। ਇਹ ਮੁੱਖ ਮੰਤਰੀ ਦਾ ਸਰਕਾਰ ਦੀ ਨੀਤੀ ਬਾਰੇ ਬਿਆਨ ਹੈ। ਇਸੇ ਦਿਸ਼ਾ ਵਿੱਚ ਪੰਜਾਬ ਸਰਕਾਰ ਨੇ ਜੂਨ 2026 ਵਿੱਚ 31 ਸਟਾਰਟਅਪਸ ਨੂੰ ਕੁੱਲ ?1.07 ਕਰੋੜ ਦੀ ਸੀਡ ਫੰਡਿੰਗ ਦਿੱਤੀ ਸੀ। ਪੰਜਾਬ ਸਟਾਰਟਅੱਪ ਐਂਡ ਇੰਡਸਟਰੀਅਲ ਪੋਲਿਸੀ -2026 ਤਹਿਤ ਸੀਡ ਗਰਾਂਟ ਦੀ ਸਹਾਇਤਾ ਨੂੰ ?3 ਲੱਖ ਤੋਂ ਵਧਾ ਕੇ ?5 ਲੱਖ ਕੀਤਾ ਗਿਆ ਹੈ।

ਰਾਸ਼ਟਰੀ ਪੱਧਰ 'ਤੇ ਵੀ ਸਟਾਰਟਅੱਪ ਇੰਡੀਆ ਦੇ ਅੰਕੜਿਆਂ ਮੁਤਾਬਕ 31 ਮਾਰਚ 2026 ਤੱਕ 2.23 ਲੱਖ ਤੋਂ ਵੱਧ ਸਟਾਰਟਅਪਸ ਨੂੰ ਮਾਨਤਾ ਮਿਲ ਚੁੱਕੀ ਸੀ ਅਤੇ ਇਨ੍ਹਾਂ ਨਾਲ 23.36 ਲੱਖ ਤੋਂ ਵੱਧ ਸਿੱਧੀਆਂ ਨੌਕਰੀਆਂ ਪੈਦਾ ਹੋਈਆਂ ਸਨ। ਮੁੱਖ ਮੰਤਰੀ ਨੇ ਆਈਐਸਬੀ ਦੇ 25 ਸਾਲ ਪੂਰੇ ਹੋਣ 'ਤੇ ਸੰਸਥਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਨੌਜਵਾਨਾਂ ਦੀ ਪ੍ਰਤਿਭਾ ਨੂੰ ਸਹੀ ਦਿਸ਼ਾ ਦੇਣ ਵਿੱਚ ਭੂਮਿਕਾ ਨਿਭਾ ਸਕਦੀਆਂ ਹਨ।

# ਦੁਬਈ ਨੌਕਰੀ ਦੇ ਨਾਂ 'ਤੇ ਠੱਗੀ ਦਾ ਦੋਸ਼, ਜਲੰਧਰ ਦੇ ਨੌਜਵਾਨ ਨੇ ਦੱਸੀ ਕਥਿਤ ਏਜੰਟਾਂ ਦੀ ਕਾਰਗੁਜ਼ਾਰੀ

**ਜਲੰਧਰ, 19 ਸਤੰਬਰ (ਸ਼ਹੀਦ-ਏ-ਆਜ਼ਮ ਬਿਊਰੋ)** : ਵਿਦੇਸ਼ ਭੇਜਣ ਦੇ ਨਾਂ 'ਤੇ ਨੌਜਵਾਨਾਂ ਨਾਲ ਹੋ ਰਹੀ ਕਥਿਤ ਠੱਗੀ ਅਤੇ ਸ਼ੋਸ਼ਣ ਦਾ ਇੱਕ ਹੋਰ ਮਾਮਲਾ ਸਾਹਮਣੇ ਆਇਆ ਹੈ। ਜਲੰਧਰ ਦੇ ਵਾਸਲ ਮਾਲ ਸਥਿਤ ਅਰਾਧਿਆ ਐਂਟਰਪ੍ਰਾਈਜ਼ਿਜ਼ ਨਾਲ ਜੁੜੇ ਇੱਕ ਕਲਾਇੰਟ ਨੀਰਜ ਕੁਮਾਰ ਨੇ ਦਾਅਵਾ ਕੀਤਾ ਹੈ ਕਿ ਦੁਬਈ ਵਿੱਚ ਉਸ ਨਾਲ ਨੌਕਰੀ ਦੇ ਨਾਂ 'ਤੇ ਧੋਖਾਧੜੀ ਹੋਈ ਅਤੇ ਉਸ ਦਾ ਪਾਸਪੋਰਟ ਵੀ ਆਪਣੇ ਕਬਜ਼ੇ ਵਿੱਚ ਲੈ ਲਿਆ ਗਿਆ। ਇਹ ਦੋਸ਼ ਉਸ ਵੱਲੋਂ ਕੀਤੇ ਗਏ ਬਿਆਨਾਂ 'ਤੇ ਆਧਾਰਿਤ ਹਨ।

ਨੀਰਜ ਮੁਤਾਬਕ ਉਸ ਨੂੰ ਕਰੀਬ 90 ਹਜ਼ਾਰ ਰੁਪਏ ਵਿੱਚ ਦੁਬਈ ਲਈ 'ਵਿਜ਼ਿਟ ਟੂ ਵਰਕ' ਵੀਜ਼ਾ ਦਿਵਾਉਣ ਦਾ ਭਰੋਸਾ ਦਿੱਤਾ ਗਿਆ ਸੀ। ਉਸ ਦੇ ਦਾਅਵੇ ਅਨੁਸਾਰ ਦੁਬਈ ਪਹੁੰਚਣ 'ਤੇ ਏਅਰਪੋਰਟ ਤੋਂ ਇੱਕ ਏਜੰਟ ਉਸ ਨੂੰ ਲੈ ਕੇ ਗਿਆ ਅਤੇ ਉਸ ਦਾ ਪਾਸਪੋਰਟ ਲੈ ਲਿਆ। ਬਾਅਦ ਵਿੱਚ ਉਸ ਨੂੰ ਇੱਕ ਵਰਕਸ਼ਾਪ ਅਤੇ ਫਿਰ ਫੈਕਟਰੀ ਵਿੱਚ ਕੰਮ ਦਿੱਤਾ ਗਿਆ, ਜਿੱਥੇ ਉਸ ਨੇ ਤਨਖ਼ਾਹ ਨਾ ਮਿਲਣ ਅਤੇ ਮਾੜੇ ਹਾਲਾਤਾਂ ਦੇ ਦੋਸ਼ ਲਗਾਏ। ਨੀਰਜ ਨੇ ਅੱਗੇ ਦੱਸਿਆ ਕਿ ਜਦੋਂ ਉਸ ਨੇ ਵਾਪਸ ਭੇਜਣ ਦੀ ਮੰਗ ਕੀਤੀ ਤਾਂ ਉਸ ਨੂੰ ਦੁਬਈ ਦੇ ਇੱਕ ਹੋਰ ਇਲਾਕੇ ਵਿੱਚ ਲਿਜਾਇਆ ਗਿਆ, ਜਿੱਥੇ ਉਸ ਦੇ ਅਨੁਸਾਰ ਪੰਜਾਬ ਅਤੇ ਹਿਮਾਚਲ ਨਾਲ ਸਬੰਧਤ ਹੋਰ ਨੌਜਵਾਨ-ਨੌਜਵਾਨੀਆਂ ਵੀ ਮੌਜੂਦ ਸਨ। ਬਾਅਦ ਵਿੱਚ ਉਸ ਨੂੰ ਇੱਕ ਕਾਲ ਸੈਂਟਰ ਵਿੱਚ ਕੰਮ ਦਿੱਤਾ ਗਿਆ, ਜਿੱਥੇ ਉਸ ਦੇ ਦਾਅਵੇ ਮੁਤਾਬਕ ਗੈਰਕਾਨੂੰਨੀ ਜੂਏ ਨਾਲ ਜੁੜੀ ਗਤੀਵਿਧੀ ਹੋ ਰਹੀ ਸੀ। ਇਸ ਤੋਂ ਬਾਅਦ ਉਹ ਜਾਣ-ਪਛਾਣ ਵਾਲਿਆਂ ਦੀ ਮਦਦ ਨਾਲ ਭਾਰਤ ਵਾਪਸ ਆਇਆ। ਭਾਰਤ ਪਰਤਣ ਤੋਂ ਬਾਅਦ ਨੀਰਜ ਨੇ ਜਲੰਧਰ ਪੁਲਸ ਕੋਲ ਸ਼ਿਕਾਇਤ ਕਰਨ ਦੀ ਗੱਲ ਵੀ ਕਹੀ। ਉਸ ਦਾ ਦਾਅਵਾ ਹੈ ਕਿ ਬਾਅਦ ਵਿੱਚ ਏਜੰਟ ਵੱਲੋਂ ਪੈਸੇ ਵਾਪਸ ਕਰਨ ਤੋਂ ਬਾਅਦ ਮਾਮਲਾ ਸਮਝੌਤੇ ਨਾਲ ਖਤਮ ਹੋ ਗਿਆ। ਜਗਬਾਣੀ ਦੀ ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਸਬੰਧਤ ਇਮੀਗ੍ਰੇਸ਼ਨ ਕਾਰੋਬਾਰ ਕੋਲ ਕੰਸਲਟੈਂਸੀ ਲਾਇਸੈਂਸ ਹੋਣ ਦਾ ਦਾਅਵਾ ਹੈ। ਵਿਦੇਸ਼ੀ ਰੁਜ਼ਗਾਰ ਦੇ ਨਾਂ 'ਤੇ ਧੋਖਾਧੜੀ ਅਤੇ ਮਨੁੱਖੀ ਤਸਕਰੀ ਦੇ ਖ਼ਤਰੇ ਸਿਰਫ਼ ਇੱਕ ਦੇਸ਼ ਤੱਕ ਸੀਮਤ ਨਹੀਂ ਹਨ। ਹਾਲ ਹੀ ਵਿੱਚ ਇੰਡੀਅਨ ਐਕਸਪ੍ਰੈਸ ਨੇ ਪੰਜਾਬ ਦੇ ਨੌਜਵਾਨਾਂ ਨਾਲ ਜੁੜੇ ਕਈ ਅਜਿਹੇ ਮਾਮਲਿਆਂ ਦੀ ਰਿਪੋਰਟ ਕੀਤੀ ਹੈ, ਜਿਨ੍ਹਾਂ ਵਿੱਚ ਨੌਕਰੀ ਦਾ ਵਾਅਦਾ ਕਰਕੇ ਉਨ੍ਹਾਂ ਨੂੰ ਦੂਜੇ ਦੇਸ਼ਾਂ ਵਿੱਚ ਫਸਾਏ ਜਾਣ ਦੇ ਦੋਸ਼ ਸਾਹਮਣੇ ਆਏ।

# ਸਵੱਛਤਾ ਹੀ ਸੇਵਾ-2026 ਤਹਿਤ ਸਟੇਟ ਬੈਂਕ ਆਫ ਇੰਡੀਆ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸਵੱਛਤਾ ਦਾ ਪ੍ਰਣ ਲਿਆ



**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਵੱਛਤਾ ਹੀ ਸੇਵਾ-2026 ਮੁਹਿੰਮ ਤਹਿਤ ਸਟੇਟ ਬੈਂਕ ਆਫ ਇੰਡੀਆ,ਬ੍ਰਾਂਚ ਡੀ.ਸੀ. ਕੰਪਲੈਕਸ, ਫਤਿਹਗੜ੍ਹ ਸਾਹਿਬ ਵਿਖੇ ਸਵੱਛਤਾ ਪ੍ਰਤੀ ਜਾਗਰੂਕਤਾ ਪੈਦਾ ਕਰਨ ਅਤੇ ਲੋਕਾਂ ਨੂੰ ਸਾਫ਼-ਸੁਥਰੇ ਵਾਤਾਵਰਣ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਅਧਿਕਾਰੀ ਤੇ ਕਰਮਚਾਰੀਆਂ ਨੂੰ ਸਹੁੰ ਚੁਕਾਈ ਗਈ। ਇਹ ਜਾਣਕਾਰੀ ਦਿੰਦਿਆਂ ਲੀਡ ਬੈਂਕ ਮੈਨੇਜਰ ਸ੍ਰੀਮਤੀ ਸੁਮਨ ਸਹੋਤਾ ਨੇ ਦੱਸਿਆ ਕਿ ਸਰਕਾਰ ਵੱਲੋਂ 2 ਅਕਤੂਬਰ, 2026 ਤੱਕ ਸਵੱਛਤਾ ਵਿੱਚ ਸਹਿਭਾਗ-ਸਵੱਛ ਭਾਰਤ, ਵਿਕਸਿਤ ਭਾਰਤ ਦੇ ਥੀਮ ਹੇਠ ਸਵੱਛਤਾ ਹੀ ਸੇਵਾ ਮੁਹਿੰਮ ਚਲਾਈ ਜਾ ਰਹੀ ਹੈ। ਲੀਡ ਜ਼ਿਲ੍ਹਾ ਮੈਨੇਜਰ ਸ੍ਰੀਮਤੀ ਸੁਮਨ ਸਹੋਤਾ ਨੇ ਕਿਹਾ ਕਿ ਸਵੱਛਤਾ ਹੀ ਸੇਵਾ ਦਾ ਸੰਦੇਸ਼ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਨਾ ਸਿਰਫ਼ ਚੰਗੀ ਸਿਹਤ ਲਈ ਜਰੂਰੀ ਹੈ, ਸਗੋਂ ਇਹ ਇੱਕ ਜਾਗਰੂਕ, ਜ਼ਿੰਮੇਵਾਰ ਅਤੇ ਵਿਕਸਿਤ ਸਮਾਜ ਦੀ ਪਹਿਚਾਣ ਵੀ ਹੈ। ਉਨ੍ਹਾਂ ਅਪੀਲ ਕੀਤੀ ਕਿ ਸਵੱਛਤਾ ਨੂੰ ਸਿਰਫ਼ ਇੱਕ ਮੁਹਿੰਮ ਤੱਕ ਸੀਮਤ ਨਾ ਰੱਖਿਆ ਜਾਵੇ, ਬਲਕਿ ਇਸਨੂੰ ਆਪਣੇ ਰੋਜ਼ਾਨਾ ਜੀਵਨ ਦਾ ਅਟੁੱਟ ਹਿੱਸਾ ਬਣਾਇਆ ਜਾਵੇ। ਉਨ੍ਹਾਂ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਕਿਹਾ ਕਿ ਉਹ ਖੁਦ ਸਵੱਛਤਾ ਪ੍ਰਤੀ ਸੁਚੇਤ ਰਹਿਣ ਦੇ ਨਾਲ-ਨਾਲ ਆਪਣੇ ਪਰਿਵਾਰਾਂ, ਸਹਿਕਰਮੀਆਂ ਅਤੇ ਆਮ ਲੋਕਾਂ ਨੂੰ ਵੀ ਸਫ਼ਾਈ ਪ੍ਰਤੀ ਪ੍ਰੇਰਿਤ ਕਰਨ, ਤਾਂ ਜੋ ਸਵੱਛ, ਸੁੰਦਰ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਦੇ ਸੁਪਨੇ ਨੂੰ ਸਾਕਾਰ ਕੀਤਾ ਜਾ ਸਕੇ।

# ਰਾਜੀਵ ਗੋਇਲ ਅਤੇ ਤ੍ਰਿਭਵਨ ਗੁਪਤਾ ਬਣੇ ਰਾਸ਼ਟਰੀ ਜਯੋਤੀ ਕਲਾ ਮੰਚ ਦੇ ਸਰਪ੍ਰਸਤ




**ਪਟਿਆਲਾ, 19 ਸਤੰਬਰ**
**-ਛਤਰਪਾਲ ਸਿੰਘ-**

ਅੱਜ ਰਾਸ਼ਟਰੀ ਜਯੋਤੀ ਕਲਾ ਮੰਚ (ਰਜਿ.)ਪਟਿਆਲਾ ਦੀ ਦੁਸ਼ਹਿਰਾ ਕਮੇਟੀ ਦੀ ਦੂਜੀ ਮੀਟਿੰਗ ਭਗਵਾਨ ਦਾਸ ਜੁਨੇਜਾ ਗਰੀਨ ਮੈਨ ਦੀ ਸਰਪਰਸਤੀ ਹੇਠ ਅਤੇ ਡਾਇਰੈਕਟਰ ਰਾਕੇਸ਼ ਠਾਕੁਰ ਦੀ ਨਿਰਦੇਸ਼ਨਾ ਹੇਠ ਹੋਈ। ਜਿਸ ਵਿੱਚ ਮੰਚ ਦੇ ਅਹੁਦੇਦਾਰਾਂ ਅਤੇ ਸਾਰੇ ਮੈਂਬਰਾਂ ਨੇ ਸਰਬ ਸੰਮਤੀ ਨਾਲ ਸ਼੍ਰੀ ਤ੍ਰਿਭਵਨ ਗੁਪਤਾ ਅਤੇ ਸਮਾਜ ਸੇਵੀ ਸ਼੍ਰੀ ਰਾਜੀਵ ਗੋਇਲ ਨੂੰ ਰਾਸ਼ਟਰੀ ਜਯੋਤੀ ਕਲਾ ਮੰਚ ਦੇ ਸਰਪ੍ਰਸਤ ਚੁਣਿਆ ਗਿਆ। ਜ਼ਿਕਰਯੋਗ ਹੈ ਕਿ ਮੰਚ ਦਾ 19ਵਾਂ ਦੁਸਹਿਰਾ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਐਸ.ਐਸ.ਟੀ ਨਗਰ ਪਟਿਆਲਾ ਵਿਖੇ ਆਯੋਜਿਤ ਕੀਤਾ ਜਾਵੇਗਾ। ਮੀਟਿੰਗ ਦੌਰਾਨ ਜਿੱਥੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਸਨਮਾਨਿਤ ਕੀਤਾ ਗਿਆ ਉਥੇ ਹੀ ਮੇਲੇ ਦੀ ਰੂਪਰੇਖਾ ਅਤੇ ਤਿਆਰੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਰਾਸ਼ਟਰੀ ਜਯੋਤੀ ਕਲਾ ਮੰਚ ਦੇ ਅਹੁਦੇਦਾਰ ਅਤੇ ਚੇਅਰਮੈਨ ਸੰਜੇ ਗੋਇਲ, ਇੰਜ. ਨਰਿੰਦਰ ਸਿੰਘ, ਸੋਨਮ ਬਾਂਸਲ, ਡਾ. ਬੀਰ ਚੰਦ ਖੁਰਮੀ, ਹਰਮੇਸ਼ ਸਿੰਗਲਾ, ਕੇ.ਵੀ ਪੁਰੀ, ਗਗਨ ਗੋਇਲ, ਦਰਸ਼ਨ ਜਿੰਦਲ, ਧਰਮਪਾਲ ਗਰਗ, ਬਰਿੰਦਰ ਵਰਮਾ, ਰਾਕੇਸ਼ ਠਾਕੁਰ, ਡਾ. ਧਰਮਿੰਦਰ ਸੰਧੂ ਅਤੇ ਇੰਜੀਨੀਅਰ ਮਾਨਿਕ ਠਾਕੁਰ ਮੌਜੂਦ ਰਹੇ।

# ਨਾਭਾ ਚ ਗੂੰਜੀ ਪੱਤਰਕਾਰਾਂ ਦੀ ਇੱਕਜੁਟ ਆਵਾਜ਼, ਨਵੇਂ ਮੀਡੀਆ ਕਲੱਬ ਦੀ ਹੋਈ ਸਥਾਪਨਾ

## ਪੱਤਰਕਾਰਾਂ ਦੇ ਹੱਕਾਂ ਨਾਲ ਖਿਲਵਾੜ ਤੇ ਦੁਰਵਿਵਹਾਰ ਬਰਦਾਸ਼ਤ ਨਹੀਂ: ਸੰਜੀਵ ਸ਼ਰਮਾ ਗੋਲਡੀ, ਜਗਨਾਰ ਸਿੰਘ ਦੁਲੱਦੀ

**ਨਾਭਾ, 19 ਸਤੰਬਰ**
**-ਹਰਸ਼ਪ੍ਰੀਤ ਕੌਰ-**



ਪੱਤਰਕਾਰੀ ਦੇ ਖੇਤਰ ਦੇ ਨਾਲ ਜੁੜੇ ਹੋਏ ਪੱਤਰਕਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਨਾਭਾ ਦੇ ਨਿਜੀ ਹੋਟਲ ਵਿਖੇ ਕੀਤੀ ਗਈ। ਜਿਸ ਵਿੱਚ ਜਿੱਥੇ ਪੱਤਰਕਾਰਾਂ ਨੂੰ ਕੰਮ ਕਰਦੇ ਹੋਏ ਪੇਸ਼ ਆ ਰਹੀਆਂ ਸਮੱਸਿਆ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਉੱਥੇ ਪੱਤਰਕਾਰਾਂ ਦੇ ਹਿੱਤਾਂ ਦੇ ਲਈ ਨਵੇਂ ਨਾਭਾ ਮੀਡਿਆ ਕਲੱਬ ਨਾਭਾ ਦੀ ਸਥਾਪਨਾ ਕੀਤੀ ਗਈ। ਜਿਸ ਵਿੱਚ ਸੰਜੀਵ ਕੁਮਾਰ ਸ਼ਰਮਾ ਨੂੰ ਸੰਵਿਧਾਨਿਕ ਵਿਧੀ ਰਾਹੀ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਕਲੱਬ ਵੱਲੋਂ ਸਾਰੇ ਅਹੁਦੇਦਾਰਾਂ ਦੀ ਚੋਣ ਸਰਬ ਸਹਿਮਤੀ ਦੇ ਨਾਲ ਕੀਤੀ ਗਈ। ਜਿਸ ਵਿੱਚ ਚੇਅਰਮੈਨ ਜਗਨਾਰ ਸਿੰਘ ਦੁਲੱਦੀ, ਸਰਪ੍ਰਸਤ ਸਤੀਸ਼ ਬਾਤਿਸ਼ ਅਤੇ ਬਲਜਿੰਦਰ ਸਿੰਘ ਮਾਨ, ਸੀਨੀਅਰ ਵਾਈਸ ਪ੍ਰਧਾਨ ਵਿਕਾਸ ਗੋਇਲ, ਵਾਈਸ ਪ੍ਰਧਾਨ ਗੌਰਵ ਢੀਂਗੀ , ਜਨਰਲ ਸਕੱਤਰ ਪ੍ਰਦੀਪ ਬਾਂਗਾ, ਕੈਸ਼ੀਅਰ ਅਮਰਦੀਪ ਅਹੂਜਾ, ਪ੍ਰੈਸ ਸਕੱਤਰ ਵਰਿੰਦਰ ਵਰਮਾ, ਲੀਗਲ ਐਡਵਾਈਜਰ ਤਰੁਣ ਸ਼ਰਮਾ, ਜੁਆਇੰਟ ਸਕੱਤਰ ਅਸ਼ੋਕ ਸੌਫਤ, ਸਲਾਹਕਾਰ ਪੁਨੀਤ ਭਾਰਦਵਾਜ ਅਤੇ ਤਰੁਣ ਮਹਿਤਾ, ਕਾਰਜਕਾਰਨੀ ਮੈਂਬਰ ਵਿਸ਼ਵ ਦੀਪਕ ਸੋਗੀ, ਦਿਨੇਸ਼ ਬਾਂਗਾ, ਹੈਪੀ ਢਿੰਗੀ, ਅਮਨ ਗਰਗ, ਅਵਤਾਰ ਸਿੰਘ ਧਰਮਸੋਤ, ਜਤਿੰਦਰ ਜੋਨੀ, ਗੁਰਸੇਵਕ ਸਿੰਘ, ਰਕੇਸ਼ ਜਿੰਦਲ ਸ਼ਾਮਿਲ ਹਨ। ਇਸ ਮੌਕੇ ਸਮੂਹ ਮੈਂਬਰਾਂ ਨੇ ਭਵਿੱਖ ਵਿੱਚ ਪੱਤਰਕਾਰਾਂ ਨੂੰ ਕੋਈ ਸਮੱਸਿਆ ਨਾ ਆਵੇ ਇਸ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਨਵ ਨਿਯੁਕਤ ਪ੍ਰਧਾਨ ਸੰਜੀਵ ਕੁਮਾਰ ਸ਼ਰਮਾ ਨੇ ਕਿਹਾ ਕਿ ਅੱਜ ਦੇ ਸਮੇਂ ਪੱਤਰਕਾਰਤਾ ਕਰਨੀ ਬੜੀ ਮੁਸ਼ਕਿਲ ਹੋ ਗਈ ਹੈ ਖਾਸ ਤੌਰ ਤੇ ਰਾਜਨੀਤਿਕ ਪਾਰਟੀਆਂ ਵੱਲੋਂ ਪੱਤਰਕਾਰਾਂ ਦੇ ਖਿਲਾਫ ਕੀਤੇ ਜਾ ਰਹੇ ਦੁਰਵਿਵਹਾਰ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਇਹ ਕਲੱਬ ਜਿੱਥੇ ਪੱਤਰਕਾਰਾਂ ਦੇ ਹਿੱਤਾਂ ਦੇ ਲਈ ਕੰਮ ਕਰੇਗਾ ਉਥੇ ਸਮਾਜ ਭਲਾਈ ਦੇ ਕਿਸੇ ਵੀ ਖੇਤਰ ਦੇ ਵਿੱਚ ਸੰਸਥਾਵਾਂ ਦਾ ਸਾਥ ਦੇਵੇਗਾ। ਉਨਾਂ ਸਮੂਹ ਰਾਜਨੀਤਿਕ ਪਾਰਟੀਆਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਪੱਤਰਕਾਰਾਂ ਨੂੰ ਬਣਦਾ ਮਾਨ ਸਨਮਾਨ ਦਿੱਤਾ ਜਾਵੇ।

ਕਲੱਬ ਦੇ ਚੇਅਰਮੈਨ ਜਗਨਾਰ ਸਿੰਘ ਦੁਲੱਦੀ ਅਤੇ ਮੈਂਬਰਾਂ ਨੇ ਕਿਹਾ ਕਿ ਅਜੋਕੇ ਸਮੇਂ ਪੱਤਰਕਾਰੀ ਕਰਨੀ ਬੜੀ ਮੁਸ਼ਕਿਲ ਹੈ ਪਰ ਬਾਵਜੂਦ ਇਸਦੇ ਬੜੀ ਦ੍ਰਿੜਤਾ ਦੇ ਨਾਲ ਨਾਭਾ ਵਿਖੇ ਪੱਤਰਕਾਰ ਆਪਣੀ ਜ਼ਿੰਮੇਵਾਰੀ ਨਿਭਾ ਰਹੇ ਹਨ। ਇਸ ਨਵੇਂ ਪ੍ਰੈਸ ਕਲੱਬ ਰਾਹੀ ਸਰਕਾਰ ਅਤੇ ਪ੍ਰਸ਼ਾਸਨ ਤੱਕ ਪੱਤਰਕਾਰਾਂ ਦੀ ਭਵਿੱਖ ਲਈ ਕੰਮ ਕੀਤਾ ਜਾਵੇਗਾ।

# ਅੰਮ੍ਰਿਤਸਰ ਵਿੱਚ 10 ਕਿਲੋ ਹੋਰ ਹੈਰੋਇਨ ਬਰਾਮਦ; ਮੁੱਖ ਕਾਰਕੁਨ ਗ੍ਰਿਫਤਾਰ

## ਵਿਦੇਸ਼ੀ ਹੈਂਡਲਰ ਦੇ ਇਸ਼ਾਰੇ 'ਤੇ ਹੈਰੋਇਨ ਦੀਆਂ ਖੇਪਾਂ ਪ੍ਰਾਪਤ ਕਰਕੇ ਅੱਗੇ ਸਪਲਾਈ ਕਰ ਰਿਹਾ ਸੀ ਗ੍ਰਿਫ਼ਤਾਰ ਕੀਤਾ ਵਿਅਕਤੀ: ਡੀਜੀਪੀ ਗੌਰਵ ਯਾਦਵ

**ਅੰਮ੍ਰਿਤਸਰ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਇੱਕ ਹੋਰ ਸਫਲਤਾ ਦਰਜ ਕਰਦਿਆਂ, ਕਾਊਂਟਰ ਇੰਟੈਲੀਜੈਂਸ (ਸੀ.ਆਈ.) ਅੰਮ੍ਰਿਤਸਰ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਇੱਕ ਗਿਰੋਹ ਦੇ ਮੁੱਖ ਕਾਰਕੁਨ ਨੂੰ 10 ਕਿਲੋ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸਹਿਜਪ੍ਰੀਤ ਸਿੰਘ ਵਾਸੀ ਪਿੰਡ ਜਠੌਲ(ਅੰਮ੍ਰਿਤਸਰ) ਵਜੋਂ ਹੋਈ ਹੈ।

ਇਹ ਕਾਰਵਾਈ, ਸੀ.ਆਈ. ਅੰਮ੍ਰਿਤਸਰ ਵੱਲੋਂ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਇੱਕ ਹੋਰ ਗਿਰੋਹ ਦੇ ਚਾਰ ਵਿਅਕਤੀਆਂ, ਜਿਨ੍ਹਾਂ ਕੋਲੋਂ 27 ਕਿਲੋ ਹੈਰੋਇਨ ਅਤੇ ਇੱਕ ਵਿਦੇਸ਼ੀ ਆਧੁਨਿਕ .30 ਬੋਰ ਪੀਐਕਸ5 ਪਿਸਤੌਲ ਸਮੇਤ ਤਿੰਨ ਕਾਰਤੂਸ ਬਰਾਮਦ ਹੋਏ ਸਨ, ਦੀ ਗ੍ਰਿਫ਼ਤਾਰੀ ਤੋਂ ਦੋ ਦਿਨ ਬਾਅਦ ਸਾਹਮਣੇ ਆਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ 'ਚ ਬੈਠੇ ਇੱਕ ਤਸਕਰ ਦੇ ਸੰਪਰਕ ਵਿੱਚ ਸੀ ਅਤੇ ਉਸ ਦੇ ਇਸ਼ਾਰੇ 'ਤੇ ਹੈਰੋਇਨ ਦੀਆਂ ਖੇਪਾਂ ਪ੍ਰਾਪਤ ਕਰ ਅੱਗੇ ਸਪਲਾਈ ਕਰ ਰਿਹਾ ਸੀ। ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਸੀ.ਆਈ. ਅੰਮ੍ਰਿਤਸਰ ਦੀਆਂ ਟੀਮਾਂ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਸਹਿਜਪ੍ਰੀਤ ਸਿੰਘ ਨਾਮਕ ਵਿਅਕਤੀ ਨੇ ਆਪਣੇ ਘਰ ਨੇੜਿਓਂ ਡਰੋਨ ਰਾਹੀਂ ਹੈਰੋਇਨ ਦੀ ਵੱਡੀ ਖੇਪ ਪ੍ਰਾਪਤ ਕੀਤੀ ਹੈ ਅਤੇ ਉਹ ਇਸ ਖੇਪ ਨੂੰ ਅੱਗੇ ਸਪਲਾਈ ਕਰਨ ਦੀ ਯੋਜਨਾ ਬਣਾ ਰਿਹਾ ਹੈ। ਇਸ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਸ਼ੱਕੀ ਵਿਅਕਤੀ ਦੇ ਘਰ ਛਾਪਾ ਮਾਰਿਆ ਅਤੇ ਤਲਾਸ਼ੀ ਦੌਰਾਨ ਉਸ ਕੋਲੋਂ 10 ਕਿਲੋ ਹੈਰੋਇਨ ਬਰਾਮਦ ਕੀਤੀ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ -ਪਿਛਲੇ ਸਬੰਧ ਸਥਾਪਤ ਕੀਤੇ ਜਾ ਰਹੇ ਹਨ ਅਤੇ ਕੇਸ ਨਾਲ ਜੁੜੇ ਹੋਰ ਵਿਅਕਤੀਆਂ ਦੀ ਪਛਾਣ ਕਰਨ ਅਤੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਨੈੱਟਵਰਕ ਨੂੰ ਬੇਅਸਰ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ।

ਇਸ ਸਬੰਧ ਵਿੱਚ ਐਫਆਈਆਰ ਨੰਬਰ 59, ਮਿਤੀ 17-09-2026 ਨੂੰ ਐਨਡੀਪੀਐਸ ਐਕਟ ਦੀਆਂ ਧਾਰਾਵਾਂ 21 ਅਤੇ 29 ਤਹਿਤ ਪੁਲਿਸ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤਾ ਗਿਆ ਹੈ।



# ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਮੀਢਵਾ ਅੱਪਰ ਤੋਂ ਤੀਰਥ ਯਾਤਰਾ ਬੱਸ ਕੀਤੀ ਰਵਾਨਾ



**ਸ੍ਰੀ ਅਨੰਦਪੁਰ ਸਾਹਿਬ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਚੱਲ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੀਢਵਾ ਅੱਪਰ ਤੋਂ ਅੱਜ ਬੱਸ ਰਵਾਨਾ ਕੀਤੀ। ਇਸ ਮੌਕੇ ਸੰਗਤਾਂ ਯਾਤਰਾ ਦੌਰਾਨ ਬਹੁਤ ਉਤਸ਼ਾਹ ਵਿਚ ਸਨ। ਸਰਕਾਰ ਦੇ ਇਸ ਵਿਸੇਸ਼ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ।

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹ ਬੱਸ ਸ੍ਰੀ ਅਮ੍ਰਿਤਸਰ ਸਾਹਿਬ ਜਾਵੇਗੀ। ਇਸ ਤੀਰਥ ਯਾਤਰਾ ਦਾ ਸਾਰਾ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਕਿਸੇ ਵੀ ਸ਼ਰਧਾਲੂ ਤੋਂ ਕੋਈ ਪੈਸਾ ਨਹੀਂ ਲਿਆ ਜਾ ਰਿਹਾ।

ਉਹਨਾਂ ਦੱਸਿਆ ਕਿ ਹੁਣ ਤੱਕ ਅਣਗਿਣਤ ਸ਼ਰਧਾਲੂ ਤੀਰਥ ਯਾਤਰਾ ਕਰ ਚੁੱਕੇ ਹਨ, ਜਿਨਾਂ ਨੂੰ ਇਹ ਯਾਤਰਾ ਕਰਵਾਈ ਜਾ ਰਹੀ ਹੈ ਉਹਨਾਂ ਦੱਸਿਆ ਸਰਕਾਰ ਨੇ ਇਸ ਉਪਰਾਲੇ ਦਾ ਸੂਬਾ ਵਾਸੀਆਂ ਵੱਲੋਂ ਸਹਿਯੋਗ ਕਰਨ ਦੇ ਨਾਲ ਨਾਲ ਧੰਨਵਾਦ ਵੀ ਕੀਤਾ ਜਾ ਰਿਹਾ ਹੈ।

ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਧਾਰਮਿਕ ਆਸਥਾ ਨਾਲ ਜੁੜੇ ਲੋਕਾਂ ਲਈ ਇੱਕ ਵੱਡਾ ਉਪਰਾਲਾ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

ਸ.ਬੈਂਸ ਨੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਦ ਅਤੇ ਮੰਗਲਮਈ ਯਾਤਰਾ ਦੀ ਕਾਮਨਾ ਕੀਤੀ। ਸ਼ਰਧਾਲੂਆਂ ਨੇ ਵੀ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ।

# ਖੱਟੜਾ ਨੇ ਝਿੱਲ ਸਰਕਲ ਦੇ ਭਾਜਪਾ ਵਰਕਰਾਂ ਨਾਲ ਕੀਤੀ ਅਹਿਮ ਮੀਟਿੰਗ



**ਪਟਿਆਲਾ, 19 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਦਿਹਾਤੀ ਹਲਕੇ ਤੋਂ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਸਤਬੀਰ ਸਿੰਘ ਖੱਟੜਾ ਦੀ ਅਗਵਾਈ ਹੇਠ ਝਿੱਲ ਸਰਕਲ ਦੇ ਪ੍ਰਧਾਨ ਅਨਿਲ ਕੁਮਾਰ ਵੱਲੋਂ ਅਨਾਜ ਮੰਡੀ ਵਿਖੇ ਵਿਸ਼ਾਲ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਥੇ ਪੰਜਾਬ ਵਿਚ ਫੈਲੇ ਨਸ਼ੇ ਦੇ ਖਾਤਮੇ ਲਈ ਭਾਜਪਾ ਹਾਈ ਕਮਾਂਡ ਦੀ ਅਗਵਾਈ ਹੇਠ ਸਮੁੱਚੇ ਪੰਜਾਬ ਅੰਦਰ ਜਾਣ ਵਾਲੀ ਯਾਤਰਾ ਦਾ ਨਿੱਘਾ ਸਵਾਗਤ ਕੀਤਾ ਜਾ ਰਿਹਾ ਹੈ, ਜਿਸ ਦਾ ਪਟਿਆਲਾ ਦਿਹਾਤੀ ਹਲਕੇ ਵਿਚ ਵੀ ਭਾਜਪਾ ਵਰਕਰ ਨਿੱਘਾ ਸਵਾਗਤ ਕਰਨਗੇ। ਮੀਟਿੰਗ ਵਿਚ ਭਾਜਪਾ ਦੇ ਜਿਲ੍ਹਾ ਪ੍ਰਧਾਨ ਵਿਜੇ ਕੁਮਾਰ ਕੁਮਾਰ, ਕਰਮਜੀਤ ਸਿੰਘ ਝਿੱਲ, ਵਾਈਸ ਪ੍ਰਧਾਨ, ਆਈ. ਟੀ. ਵਿੰਗ ਦੇ ਆਗੂ ਇਸ ਸਮੇਂ ਮੌਜੂਦ ਸਨ, ਜਿਥੇ ਖੱਟੜਾ ਨੇ ਬੋਲਦਿਆਂ ਕਿਹਾ ਕਿ ਸੂਬੇ ਅੰਦਰ ਜਿਸ ਦਿਨ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਉਸ ਦਿਨ ਤੋਂ ਨਸ਼ੇ ਦਾ ਪ੍ਰਕੋਪ ਹੋਰ ਵਧਦਾ ਜਾ ਰਿਹਾ ਹੈ। ਪੰਜਾਬ ਅੰਦਰ ਨਸ਼ੇ ਨੂੰ ਖਤਮ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਜੋ ਮੁਹਿੰਮ ਤੋਰੀ ਸੀ, ਉਹ ਬੁਰੀ ਤਰ੍ਹਾਂ ਫਲਾਪ ਸਾਬਤ ਹੋਈ ਹੈ। ਖੱਟੜਾ ਨੇ ਕਿਹਾ ਕਿ ਸੂਬੇ ਅੰਦਰ ਭਾਜਪਾ ਸਰਕਾਰ ਬਣਨ 'ਤੇ ਸਭ ਤੋਂ ਪਹਿਲਾਂ ਨਸ਼ਿਆਂ ਦਾ ਖਾਤਮਾ ਕਰਕੇ ਨੌਜਵਾਨੀ ਨੂੰ ਬਚਾਉਣ 'ਤੇ ਜ਼ੋਰ ਦਿੱਤਾ ਜਾਵੇਗਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਕੱਢ ਕੇ ਰੋਜ਼ਗਾਰ ਵੱਲ ਲਗਾਇਆ ਜਾਵੇਗਾ ਤਾਂ ਜੋ ਮੁੜ ਤੋਂ ਕੋਈ ਵੀ ਵਿਅਕਤੀ ਨਸ਼ਿਆਂ ਵੱਲ ਮੂੰਹ ਨਾ ਕਰ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦੀ ਅਗਵਾਈ ਹੇਠ ਵਿਧਾਨ ਸਭਾ ਚੋਣਾਂ ਵੇਲੇ ਬਣੇ ਚੋਣ ਮੈਨੀਫੈਸਟੋ ਵਿਚੋਂ ਵਾਅਦੇ ਪੂਰੇ ਕਰਨੇ ਭੁੱਲ ਗਏ ਹਨ ਤਾਂ ਹੀ ਪੰਜਾਬ ਦੇ ਲੋਕ ਆਪ ਨੂੰ ਸੂਬੇ ਅੰਦਰੋਂ ਚੱਲਦਾ ਕਰਨ ਲਈ ਤਿਆਰ ਬਰ ਤਿਆਰ ਬੈਠੇ ਹਨ। ਮੀਟਿੰਗ ਉਪਰੰਤ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਜਿਲ੍ਹਾ ਪ੍ਰਧਾਨ ਵਿਜੇ ਕੁਮਾਰ ਕੂਕਾ ਤੇ ਹਲਕਾ ਪਟਿਆਲਾ ਦਿਹਾਤੀ ਦੇ ਸੀਨੀਅਰ ਆਗੂ ਖੱਟੜਾ ਨੇ ਆਹੁਦੇਦਾਰੀਆਂ ਦੇ ਪੱਤਰ ਵੀ ਸੌਂਪੇ। ਇਸ ਮੌਕੇ ਭਾਜਪਾ ਕੋਆਰਡੀਨੇਟਰ ਯੁਵਰਾਜ ਸ਼ਰਮਾ, ਗੁਰੀ ਸਿੱਧੂਵਾਲ, ਤਰਸੇਮ ਕੋਟਲੀ ਆਦਿ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।

ਫੋਟੋ ਕੈਪਸ਼ਨ 2: ਨਸ਼ਿਆਂ ਵਿਰੁੱਧ ਝਿੱਲ ਸਰਕਲ ਵਿਖੇ ਕੀਤੀ ਗਈ ਮੀਟਿੰਗ ਦੌਰਾਨ ਨੌਜਵਾਨਾਂ ਨੂੰ ਆਹੁਦੇਦਾਰੀਆਂ ਦੇ ਪੱਤਰ ਸੌਂਪਦੇ ਹੋਏ ਐਡਵੋਕੇਟ ਸਤਬੀਰ ਸਿੰਘ ਖੱਟੜਾ ਤੇ ਵਿਜੇ ਕੁਮਾਰ ਕੂਕਾ।

# ਡਿਪਟੀ ਕਮਿਸ਼ਨਰ ਨੇ ਸ਼੍ਰੀ ਸਿੱਧ ਬਾਬਾ ਸੋਢਲ ਮੇਲੇ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਜਲੰਧਰ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ 25 ਸਤੰਬਰ ਨੂੰ ਮਨਾਏ ਜਾ ਰਹੇ ਸ਼੍ਰੀ ਸਿੱਧ ਬਾਬਾ ਸੋਢਲ ਮੇਲੇ ਦੀਆਂ ਚੱਲ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਮੇਲੇ ਵਿੱਚ ਵੱਡੀ ਗਿਣਤੀ ਸ਼ਰਧਾਲੂਆਂ ਦੀ ਸ਼ਮੂਲੀਅਤ ਦੇ ਮੱਦੇਨਜ਼ਰ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੇਲੇ ਦੀ ਖੇਤਰ ਵਿੱਚ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਇਹ ਯਕੀਨੀ ਬਣਾਇਆ ਜਾਵੇ ਕਿ ਸ਼ਰਧਾਲੂ ਬਿਨਾਂ ਕਿਸੇ ਦਿੱਕਤ ਦੇ ਸ਼੍ਰੀ ਸਿੱਧ ਬਾਬਾ ਸੋਢਲ ਮੇਲੇ ਵਿੱਚ ਸ਼ਾਮਲ ਹੋ ਕੇ ਸ਼ਰਧਾ ਭੇਟ ਕਰ ਸਕਣ।

ਸ਼੍ਰੀ ਵਾਲੀਆ ਨੇ ਸੁਰੱਖਿਆ, ਆਵਾਜਾਈ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਲੋੜੀਂਦੀ ਗਿਣਤੀ ਵਿੱਚ ਪੁਲਿਸ ਕਰਮਚਾਰੀਆਂ ਦੀ ਤਾਇਨਾਤੀ, ਮਹਿਲਾ ਪੁਲਿਸ, ਸੁਚੱਜੀ ਨਿਗਰਾਨੀ, ਆਵਾਜਾਈ ਦੇ ਬਦਲਵੇਂ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ। ਇਸ ਦੇ ਨਾਲ ਹੀ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਮੰਦਿਰ, ਮੰਦਿਰ ਨੂੰ ਜਾਣ ਵਾਲੇ ਮੁੱਖ ਮਾਰਗ, ਨਾਲ ਲੱਗਦੀਆਂ ਸੜਕਾਂ ਅਤੇ ਮੇਲੇ ਵਾਲੇ ਸਥਾਨ ਦੀ ਢੁੱਕਵੀਂ ਸਾਫ-ਸਫਾਈ, ਸਜਾਵਟ, ਮੈਡੀਕਲ ਟੀਮਾਂ ਸਮੇਤ ਐਂਬੂਲੈਂਸਾਂ ਦੀ ਤਾਇਨਾਤੀ, ਪੀਣ ਵਾਲੇ ਪਾਣੀ ਦੇ ਇੰਤਜ਼ਾਮ, ਫਾਇਰ ਬ੍ਰਿਗੇਡ ਅਤੇ ਆਰਜੀ ਪਖਾਨਿਆਂ ਸਮੇਤ ਹੋਰ ਲੋੜੀਂਦੇ ਬੰਦੋਬਸਤ ਸਮੇਂ ਸਿਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਸ਼ਰਧਾਲੂਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਲੋਕ ਨਿਰਮਾਣ ਵਿਭਾਗ ਨੂੰ ਮੇਲੇ ਵਿੱਚ ਲੱਗਣ ਵਾਲੀਆਂ ਸਟੇਜਾਂ ਅਤੇ ਝੂਲਿਆਂ ਦੀ ਲੋੜੀਂਦੀ ਜਾਂਚ ਯਕੀਨੀ ਬਣਾਉਣ ਦੀ ਹਦਾਇਤ ਵੀ ਕੀਤੀ। ਬਿਜਲੀ ਵਿਭਾਗ ਨੂੰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਨਿਰਦੇਸ਼ ਦਿੰਦਿਆਂ ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਜੇਕਰ ਕਿਤੇ ਤਾਰਾਂ ਢਿੱਲੀਆਂ ਜਾਂ ਨੀਵੀਆਂ ਹਨ ਤਾਂ ਉਨ੍ਹਾਂ ਨੂੰ ਜਲਦ ਤੋਂ ਜਲਦ ਠੀਕ ਕਰਵਾਇਆ ਜਾਵੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੇਲੇ ਦੌਰਾਨ ਵੱਡੀ ਗਿਣਤੀ ਸ਼ਰਧਾਲੂ ਮੰਦਿਰ ਵਿਖੇ ਮੱਥਾ ਟੇਕਣ ਅਤੇ ਸ਼ਰਧਾ ਭੇਟ ਕਰਨ ਲਈ ਆਉਂਦੇ ਹਨ, ਜਿਨ੍ਹਾਂ ਦੀ ਸਹੂਲਤ ਲਈ ਪ੍ਰਬੰਧਾਂ ਪੱਖੋਂ ਕੋਈ ਕਮੀ ਨਹੀਂ ਰਹਿਣੀ ਚਾਹੀਦੀ। ਉਨ੍ਹਾਂ ਸਮੂਹ ਵਿਭਾਗਾਂ ਨੂੰ ਬਿਹਤਰ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ ਤਾਂ ਜੋ ਸ਼੍ਰੀ ਸਿੱਧ ਬਾਬਾ ਸੋਢਲ ਮੇਲੇ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ, ਡੀ.ਸੀ.ਪੀ. ਮਨਪ੍ਰੀਤ ਸਿੰਘ ਢਿੱਲੋਂ, ਡੀ.ਸੀ.ਪੀ. ਪਰਮਿੰਦਰ ਸਿੰਘ, ਡੀ.ਸੀ.ਪੀ. ਅਦਿੱਤਿਆ ਵਾਰੀਅਰ, ਐਸ.ਡੀ.ਐਮ. ਸ਼ੁਭੀ ਆਂਗਰਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# 5 ਸਾਲਾ ਹਰਵੀਰ ਨਾਲ ਬਦਫੈਲੀ ਮਗਰੋਂ ਕਤਲ ਕਰਨ ਵਾਲੇ ਦੋਸ਼ੀ ਨੂੰ ਫ਼ਾਂਸੀ ਦੀ ਸਜ਼ਾ

## ਅਦਾਲਤ ਨੇ ਮਾਮਲੇ ਨੂੰ 'ਦੁਰਲੱਭ ਤੋਂ ਦੁਰਲੱਭ' ਕਰਾਰ ਦੇ ਕੇ ਸੁਣਾਇਆ ਸਖ਼ਤ ਫ਼ੈਸਲਾ ਪਰਿਵਾਰ ਨੇ ਕਿਹਾ ਇਨਸਾਫ਼ ਨਾਲ ਮਿਲੀ ਰਾਹਤ




**ਹੁਸ਼ਿਆਰਪੁਰ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹੁਸ਼ਿਆਰਪੁਰ ਦੀ ਮਾਣਯੋਗ ਅਦਾਲਤ ਨੇ ਦੀਪ ਨਗਰ ਮੁਹੱਲੇ ਦੇ 5 ਸਾਲਾ ਬੱਚੇ ਹਰਵੀਰ ਸਿੰਘ ਨਾਲ ਬਦਫੈਲੀ ਕਰਨ ਉਪਰੰਤ ਉਸ ਦਾ ਕਤਲ ਕਰਨ ਦੇ ਮਾਮਲੇ ਵਿੱਚ ਦੋਸ਼ੀ ਨਾਨਕੇ ਯਾਦਵ ਨੂੰ ਫ਼ਾਂਸੀ ਦੀ ਸਜ਼ਾ ਸੁਣਾਈ ਹੈ।

ਮਾਣਯੋਗ ਜੱਜ ਮਨਪ੍ਰੀਤ ਕੌਰ ਦੀ ਅਦਾਲਤ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਇਸ ਨੂੰ 'ਦੁਰਲੱਭ ਤੋਂ ਦੁਰਲੱਭ' ਮਾਮਲਾ ਮੰਨਿਆ ਅਤੇ ਦੋਸ਼ੀ ਲਈ ਮੌਤ ਦੀ ਸਜ਼ਾ ਦਾ ਐਲਾਨ ਕੀਤਾ। ਅਦਾਲਤ ਵੱਲੋਂ 15 ਸਤੰਬਰ ਨੂੰ ਹੀ ਮੁਲਜ਼ਮ ਨੂੰ ਭਾਰਤੀ ਨਿਆਂ ਸੰਹਿਤਾ ਦੀ ਧਾਰਾ 103 ਅਤੇ ਪੋਕਸੋ ਐਕਟ ਤਹਿਤ ਦੋਸ਼ੀ ਕਰਾਰ ਦਿੱਤਾ ਗਿਆ ਸੀ, ਜਦਕਿ ਸਜ਼ਾ ਸੁਣਾਉਣ ਲਈ 18 ਸਤੰਬਰ ਦੀ ਤਾਰੀਖ਼ ਮੁਕੱਰਰ ਕੀਤੀ ਗਈ ਸੀ।

ਮਾਮਲੇ ਦੀ ਸੁਣਵਾਈ ਦੌਰਾਨ ਸਾਹਮਣੇ ਆਏ ਤੱਥਾਂ ਅਨੁਸਾਰ ਪਿਛਲੇ ਸਾਲ 9 ਸਤੰਬਰ ਨੂੰ 5 ਸਾਲਾ ਹਰਵੀਰ ਸਿੰਘ ਆਪਣੇ ਘਰ ਦੇ ਬਾਹਰ ਖੇਡ ਰਿਹਾ ਸੀ। ਇਸ ਦੌਰਾਨ ਦੋਸ਼ੀ ਉਸ ਨੂੰ ਕਥਿਤ ਤੌਰ 'ਤੇ ਅਗਵਾ ਕਰਕੇ ਆਪਣੇ ਨਾਲ ਲੈ ਗਿਆ। ਪਰਿਵਾਰ ਵੱਲੋਂ ਬੱਚੇ ਦੀ ਭਾਲ ਕੀਤੀ ਗਈ ਅਤੇ ਮਾਮਲਾ ਪੁਲੀਸ ਤੱਕ ਪਹੁੰਚਣ ਉਪਰੰਤ ਪੁਲੀਸ ਨੇ ਤੁਰੰਤ ਕਾਰਵਾਈ ਸ਼ੁਰੂ ਕੀਤੀ। ਅਗਲੇ ਦਿਨ ਪੁਰਹੀਰਾਂ ਸਥਿਤ ਇੱਕ ਸ਼ਮਸ਼ਾਨਘਾਟ ਤੋਂ ਬੱਚੇ ਦੀ ਲਾਸ਼ ਬਰਾਮਦ ਹੋਈ, ਜਿਸ ਤੋਂ ਬਾਅਦ ਇਲਾਕੇ ਵਿੱਚ ਸੋਗ ਅਤੇ ਰੋਸ ਦੀ ਲਹਿਰ ਫੈਲ ਗਈ।

ਪੋਸਟਮਾਰਟਮ ਰਿਪੋਰਟ ਵਿੱਚ ਸਾਹਮਣੇ ਆਇਆ ਕਿ ਬੱਚੇ ਨਾਲ ਕਤਲ ਤੋਂ ਪਹਿਲਾਂ ਬਦਫੈਲੀ ਕੀਤੀ ਗਈ ਸੀ। ਪੁਲੀਸ ਨੇ ਮਾਮਲੇ ਦੀ ਜਾਂਚ ਨੂੰ ਤੇਜ਼ ਕਰਦਿਆਂ ਵਾਰਦਾਤ ਤੋਂ ਅਗਲੇ ਹੀ ਦਿਨ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਜਾਂਚ ਦੌਰਾਨ ਇਕੱਠੇ ਕੀਤੇ ਸਬੂਤਾਂ ਅਤੇ ਗਵਾਹੀਆਂ ਦੇ ਆਧਾਰ 'ਤੇ ਮਾਮਲਾ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੇ ਲੰਬੀ ਸੁਣਵਾਈ ਉਪਰੰਤ ਅਦਾਲਤ ਨੇ ਮੁਲਜ਼ਮ ਨੂੰ ਦੋਸ਼ੀ ਕਰਾਰ ਦਿੰਦਿਆਂ ਹੁਣ ਫ਼ਾਂਸੀ ਦੀ ਸਜ਼ਾ ਸੁਣਾਈ ਹੈ।

ਇਸ ਘਿਨਾਉਣੀ ਘਟਨਾ ਨੇ ਉਸ ਸਮੇਂ ਹੁਸ਼ਿਆਰਪੁਰ ਹੀ ਨਹੀਂ ਸਗੋਂ ਪੰਜਾਬ ਦੇ ਕਈ ਹਿੱਸਿਆਂ ਵਿੱਚ ਵੀ ਤਿੱਖਾ ਰੋਸ ਪੈਦਾ ਕੀਤਾ ਸੀ। ਘਟਨਾ ਤੋਂ ਬਾਅਦ ਲੋਕਾਂ ਵੱਲੋਂ ਦੋਸ਼ੀ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਸੀ। ਇਸ ਦੌਰਾਨ ਕੁਝ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਪ੍ਰਵਾਸੀ ਮਜ਼ਦੂਰਾਂ ਸਬੰਧੀ ਮਤੇ ਪਾਸ ਕੀਤੇ ਜਾਣ ਦੀਆਂ ਘਟਨਾਵਾਂ ਵੀ ਸਾਹਮਣੇ ਆਈਆਂ ਸਨ, ਜਿਸ ਕਾਰਨ ਇਹ ਮਾਮਲਾ ਵਿਆਪਕ ਚਰਚਾ ਦਾ ਵਿਸ਼ਾ ਬਣਿਆ।

ਅਦਾਲਤ ਵੱਲੋਂ ਦੋਸ਼ੀ ਨੂੰ ਮੌਤ ਦੀ ਸਜ਼ਾ ਸੁਣਾਏ ਜਾਣ 'ਤੇ ਮ੍ਰਿਤਕ ਬੱਚੇ ਦੇ ਪਿਤਾ ਅਮਨਦੀਪ ਸਿੰਘ ਨੇ ਤਸੱਲੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਬੱਚਾ ਬੇਸ਼ੱਕ ਕਦੇ ਵਾਪਸ ਨਹੀਂ ਆ ਸਕਦਾ, ਪਰ ਦੋਸ਼ੀ ਨੂੰ ਸਜ਼ਾ ਮਿਲਣ ਨਾਲ ਪਰਿਵਾਰ ਨੂੰ ਇਨਸਾਫ਼ ਮਿਲਣ ਦੀ ਭਾਵਨਾ ਜ਼ਰੂਰ ਪੈਦਾ ਹੋਈ ਹੈ। ਉਨ੍ਹਾਂ ਕਿਹਾ ਕਿ ਹਰਵੀਰ ਦੀ ਮੌਤ ਦਾ ਦੁੱਖ ਪਰਿਵਾਰ ਕਦੇ ਨਹੀਂ ਭੁਲਾ ਸਕਦਾ।

ਪਰਿਵਾਰ ਦੀ ਤਰਫ਼ੋਂ ਕੇਸ ਦੀ ਪੈਰਵੀ ਕਰਨ ਵਾਲੇ ਐਡਵੋਕੇਟ ਅਸ਼ਵਨੀ ਕੁਮਾਰ ਵਰਮਾ ਨੇ ਵੀ ਅਦਾਲਤ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਅਦਾਲਤ ਦੇ ਫ਼ੈਸਲੇ ਨਾਲ ਪਰਿਵਾਰ ਨੂੰ ਇਨਸਾਫ਼ ਮਿਲਿਆ ਹੈ। ਉਨ੍ਹਾਂ ਕਿਹਾ ਕਿ ਮੁਕੱਦਮੇ ਦੇ ਪਹਿਲੇ ਦਿਨ ਤੋਂ ਹੀ ਉਨ੍ਹਾਂ ਦੀ ਕੋਸ਼ਿਸ਼ ਰਹੀ ਕਿ ਮਾਮਲੇ ਦੀ ਗੰਭੀਰਤਾ ਨੂੰ ਅਦਾਲਤ ਸਾਹਮਣੇ ਪ੍ਰਭਾਵਸ਼ਾਲੀ ਢੰਗ ਨਾਲ ਰੱਖਿਆ ਜਾਵੇ ਅਤੇ ਦੋਸ਼ੀ ਨੂੰ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਸਜ਼ਾ ਦਿਵਾਈ ਜਾਵੇ।

# ਡੇਅਰੀ ਸਿਖ਼ਲਾਈ ਕੋਰਸਾਂ ਤੇ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਨੌਜਵਾਨ : ਡਿਪਟੀ ਡਾਇਰੈਕਟਰ ਡੇਅਰੀ

**ਜਲੰਧਰ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਕਪਲਮੀਤ ਸਿੰਘ ਸੰਧੂ ਨੇ ਨੌਜਵਾਨਾਂ ਨੂੰ ਡੇਅਰੀ ਸਿਖ਼ਲਾਈ ਕੋਰਸਾਂ ਦਾ ਲਾਭ ਲੈ ਕੇ ਆਪਣਾ ਰੋਜ਼ਗਾਰ ਸਥਾਪਤ ਕਰਨ ਦਾ ਸੱਦਾ ਦਿੱਤਾ।

ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਵਰਿਆਮ ਸਿੰਘ ਗਿੱਲ ਦੀ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ ਵੱਲੋਂ ਬੇਰੋਜ਼ਗਾਰ ਨੌਜਵਾਨਾਂ ਨੂੰ ਡੇਅਰੀ ਕਿੱਤੇ ਨਾਲ ਜੋੜਨ ਅਤੇ ਸਵੈ-ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਵੱਖ-ਵੱਖ ਸਿਖ਼ਲਾਈ ਕੋਰਸ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਜਲੰਧਰ ਦੇ ਪੇਂਡੂ ਖੇਤਰਾਂ ਨਾਲ ਸਬੰਧਤ 18 ਤੋਂ 55 ਸਾਲ ਦੀ ਉਮਰ ਦੇ ਪੁਰਸ਼ ਤੇ ਮਹਿਲਾਵਾਂ ਡੇਅਰੀ ਵਿਕਾਸ ਵਿਭਾਗ ਵਲੋਂ ਦਿੱਤੀ ਜਾਂਦੀ ਸਿਖ਼ਲਾਈ ਹਾਸਲ ਕਰਕੇ ਆਪਣਾ ਡੇਅਰੀ ਯੂਨਿਟ ਸਥਾਪਤ ਕਰਕੇ ਡੇਅਰੀ ਕਿੱਤੇ ਨੂੰ ਰੋਜ਼ਗਾਰ ਵਜੋਂ ਅਪਣਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵੱਲੋਂ ਸਿਖ਼ਲਾਈ ਪ੍ਰਾਪਤ ਸਿਖਿਆਰਥੀਆਂ ਨੂੰ ਆਪਣਾ ਡੇਅਰੀ ਯੂਨਿਟ ਸਥਾਪਤ ਕਰਨ ਲਈ 2 ਲੱਖ ਤੋਂ 18 ਲੱਖ ਤੱਕ ਦੇ ਬੈਂਕ ਕਰਜ਼ੇ ਮੁਹੱਈਆ ਕਰਵਾਉਣ ਵਿੱਚ ਸਹਾਇਤਾ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਸਕੀਮ ਅਨੁਸਾਰ ਜਨਰਲ ਵਰਗ ਲਈ 25 ਫੀਸਦੀ ਅਤੇ ਅਨੁਸੂਚਿਤ ਜਾਤੀ ਵਰਗ ਲਈ 33 ਫੀਸਦੀ ਸਬਸਿਡੀ ਵੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਡੇਅਰੀ ਕਿਸਾਨਾਂ ਦੀ ਸਹੂਲਤ ਲਈ ਸਿੰਗਲ ਟੀਟ ਕੱਪ ਅਤੇ ਡਬਲ ਟੀਟ ਕੱਪ ਮਿਲਕਿੰਗ ਮਸ਼ੀਨਾਂ @ਤੇ 50 ਫੀਸਦੀ ਸਬਸਿਡੀ ਦਿੱਤੀ ਜਾਂਦੀ ਹੈ। ਉਨ੍ਹਾਂ ਪੇਂਡੂ ਖੇਤਰਾਂ ਦੇ ਨੌਜਵਾਨਾਂ ਨੂੰ ਡੇਅਰੀ ਵਿਕਾਸ ਵਿਭਾਗ ਵੱਲੋਂ ਦਿੱਤੀ ਜਾ ਰਹੀ ਸਿਖ਼ਲਾਈ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਡੇਅਰੀ ਕਿੱਤੇ ਨੂੰ ਸਵੈ-ਰੋਜ਼ਗਾਰ ਨੂੰ ਅਪਣਾ ਕੇ ਸੂਬੇ ਦੀ ਖੁਸ਼ਹਾਲੀ ਤੇ ਪ੍ਰਗਤੀ ਵਿੱਚ ਆਪਣਾ ਵੱਧ ਤੋਂ ਵੱਧ ਯੋਗਦਾਨ ਪਾਉਣ ਲਈ ਅੱਗੇ ਆਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਡਿਪਟੀ ਡਾਇਰੈਕਟਰ, ਡੇਅਰੀ, ਜਲੰਧਰ (97793-52959) ਅਤੇ ਦਫ਼ਤਰ ਆਰ.ਡੀ.ਡੀ.ਐਲ. ਲਾਡੋਵਾਲੀ ਰੋਡ, ਜ਼ਿਲ੍ਹਾ ਜਲੰਧਰ ਦੇ ਸੰਪਰਕ ਨੰਬਰ 81949-08659 ਤੇ 73408-86952 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਨੇ ਬੂਟੇ ਲਗਾ ਕੇ ਮਨਾਇਆ ਸਥਾਪਨਾ ਦਿਵਸ

## ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਬੂਟਾ ਲਾ ਕੇ ਆਗਾਜ਼ ਕਰਦਿਆਂ 3100 ਬੂਟੇ ਲਗਵਾਏ

**ਪਟਿਆਲਾ, 19 ਸਤੰਬਰ**
**-ਜੀ. ਐਸ. ਤੁੰਗ-**



ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਪਟਿਆਲਾ ਨੇ ਆਪਣਾ ਸਥਾਪਨਾ ਦਿਵਸ ਉਤਸ਼ਾਹ ਨਾਲ ਮਨਾਇਆ। ਇਸ ਵਿਸ਼ੇਸ਼ ਮੌਕੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਬੂਟਾ ਲਾ ਕੇ ਆਗਾਜ਼ ਕਰਦਿਆਂ 3100 ਬੂਟੇ ਲਗਵਾਏ। ਵਾਈਸ ਚਾਂਸਲਰ ਡਾ. ਗਿੱਲ ਨੇ ਖੇਡ ਯੂਨੀਵਰਸਿਟੀ ਦੇ ਸਥਾਪਨਾ ਦਿਵਸ ਮੌਕੇ ਆਪਣੀ ਖੁਸ਼ੀ ਸਾਂਝੀ ਕਰਦਿਆਂ ਦੱਸਿਆ ਕਿ ਸਾਡੀ ਯੂਨੀਵਰਸਿਟੀ 100 ਏਕੜ ਦੇ ਘੇਰੇ ਵਿਚ ਫੈਲਿਆ ਵਿਸ਼ਾਲ ਕੈਂਪਸ ਹੈ। ਇਸਦਾ ਹਰਾ-ਭਰਾ ਅਤੇ ਤੰਦਰੁਸਤ ਵਾਤਾਵਰਣ ਸਮਾਜ ਲਈ ਇੱਕ ਚੰਗਾ ਸੁਨੇਹਾ ਲੈ ਕੇ ਜਾਵੇਗਾ।

ਉਹਨਾਂ ਦੱਸਿਆ ਕਿ ਅਸੀਂ 44 ਵੱਖ-ਵੱਖ ਕਿਸਮ ਦੇ ਬੂਟੇ ਲਗਾਏ ਹਨ ਜੋ ਕਿ ਪੰਜਾਬ ਦੇ ਰਵਾਇਤੀ ਬੂਟੇ ਹਨ ਤੇ ਇਨ੍ਹਾਂ ਵਿੱਚ ਕੋਈ ਵੀ ਰੁਪਾਂਤਰਿਤ ਬੂਟਾ ਨਹੀਂ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰੂ ਨਾਨਕ ਬਗੀਚੀ ਦੇ ਦਿੱਤੇ ਸੰਕਲਪ ਦੇ ਪੈਟਰਨ ਨੂੰ ਮੁੱਖ ਰੱਖਦਿਆਂ ਬੂਟਿਆਂ ਨੂੰ ਸ਼ਾਮਲ ਕੀਤਾ ਗਿਆ ਹੈ। ਇਹਦੇ ਵਿੱਚ ਬਕਾਇਦਾ ਇੱਕ ਟਰੈਕ ਬਣਾਇਆ ਜਾ ਰਿਹਾ ਹੈ ਜਿਹੜਾ ਰੋਜ਼ਾਨਾ ਸੈਰ ਕਰਨ ਲਈ ਵਿਦਿਆਰਥੀਆਂ ਲਈ ਉਪਯੋਗੀ ਹੋਵੇਗਾ। ਇਹ ਸਿਹਤਮੰਦ ਜੀਵਨ ਢੰਗ ਅਤੇ ਵਾਤਾਵਰਣ ਨੂੰ ਸੁਰੱਖਿਅਤ ਰੱਖਣ ਵਿੱਚ ਸਹਾਈ ਹੋਵੇਗਾ। ਉਹਨਾਂ ਇਹ ਵੀ ਦੱਸਿਆ ਕਿ ਅਸੀਂ ਯੂਨੀਵਰਸਿਟੀ ਵਿੱਚ ਸਵ. ਸ. ਬਘੇਲ ਸਿੰਘ ਖਹਿਰਾ ਜੋ ਕਿ ਮਨੁੱਖਤਾ ਦੀ ਸੇਵਾ, ਖੇਡਾਂ ਨੂੰ ਅੱਗੇ ਲੈ ਕੇ ਜਾਣ ਦਾ ਸੁਪਨਾ ਲੈਣ ਵਾਲੀ ਮਹਾਨ ਸ਼ਖਸੀਅਤ ਅਤੇ ਵੱਡੇ ਸਮਾਜ ਸੇਵੀ ਸਨ, ਦੀ ਯਾਦ ਵਿੱਚ ਇਹ ਪਾਰਕ ਯੂਨੀਵਰਸਿਟੀ ਵਿਚ ਸਥਾਪਿਤ ਕਰ ਰਹੇ ਹਾਂ ਤਾਂ ਜੋ ਸਮਾਜ ਵਿਚ ਅਜਿਹੀਆਂ ਸ਼ਖਸੀਅਤਾਂ ਬਾਰੇ ਜਾਗਰੂਕ ਹੋਕੇ ਲੋਕਾਂ ਵਿੱਚ ਸੇਵਾ ਦਾ ਸੁਨੇਹਾ ਪਹੁੰਚਾ ਸਕੀਏ।

ਇਸ ਮੌਕੇ ਗੁਰੂ ਨਾਨਕ ਪਵਿੱਤਰ ਜੰਗਲ ਵੱਲੋਂ ਅਮਲਤਾਸ, ਅਰਜੁਨ, ਔਲ਼ਾ, ਬੜਹਲ, ਬਹੇੜਾ, ਚੁਕਰਸੀਆ, ਬੋਹੜ, ਕਟਹਲ, ਜਾਮਣ, ਕਰੌਂਦਾ, ਕੁਸਮ, ਦੇਸੀ ਅੰਬ, ਪਿਲਾਖਣ, ਸੁਹੰਜਣਾ, ਸੰਭਾਲੂ ਅਤੇ ਹੋਰ ਕੁੱਲ 44 ਕਿਸਮਾਂ ਦੇ 3100 ਬੂਟੇ ਯੂਨੀਵਰਸਿਟੀ ਲਈ ਮੁਹੱਈਆ ਕਰਵਾਏ ਗਏ। ਇਸ ਮੌਕੇ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਆਪਣੇ ਫਰਜ਼ ਨੂੰ ਸਮਝਦਿਆਂ ਬੂਟਿਆਂ ਦੀ ਸਾਂਭ-ਸੰਭਾਲ ਦੀ ਪੂਰੀ ਜ਼ਿੰਮੇਵਾਰੀ ਲਈ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਇਸ ਤੋਂ ਪਹਿਲਾਂ 6000 ਬੂਟੇ ਪਹਿਲਾਂ ਲਗਾਏ ਜਾ ਚੁੱਕੇ ਹਨ।

# ਝੋਨੇ ਦੀ ਪਰਾਲੀ ਤੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ 'ਤੇ ਪਾਬੰਦੀ

**ਜਲੰਧਰ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਿੰਦਰ ਕੌਰ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਜਲੰਧਰ ਵਿੱਚ ਝੋਨੇ ਦੀ ਪਰਾਲੀ ਤੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ 'ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ ਮਿਤੀ 16.11.2026 ਤੱਕ ਲਾਗੂ ਰਹੇਗਾ।

ਇਸ ਦੌਰਾਨ ਆਮ ਦੇਖਣ ਵਿੱਚ ਆਇਆ ਹੈ ਕਿ ਝੋਨੇ ਦੀ ਕਟਾਈ ਉਪਰੰਤ ਪਰਾਲੀ ਤੇ ਰਹਿੰਦ ਖੂੰਹਦ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਨਾਲ ਨੁਕਸਾਨ ਹੋਣ ਦੀ ਸੰਭਾਵਨਾ ਬਣੀ ਰਹਿੰਦੀ ਹੈ। ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ, ਜਿਸ ਨਾਲ ਸਾਹ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਇਸ ਤੋਂ ਇਲਾਵਾ ਜ਼ਮੀਨ ਦਾ ਉਪਯੋਗੀ ਜੀਵਕ ਮਾਦਾ, ਜੋ ਕਿ ਜ਼ਮੀਨ ਲਈ ਬਹੁਤ ਲਾਭਦਾਇਕ ਹੈ, ਦਾ ਵੀ ਨੁਕਸਾਨ ਹੁੰਦਾ ਹੈ ਤੇ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ। ਇਸ ਦੇ ਨਾਲ ਆਲੇ-ਦੁਆਲੇ ਖੜ੍ਹੀ ਫਸਲ ਜਾਂ ਪਿੰਡ ਵਿੱਚ ਵੀ ਅੱਗ ਲੱਗਣ ਦਾ ਡਰ ਰਹਿੰਦਾ ਹੈ, ਜਿਸ ਨਾਲ ਵੱਡੇ ਹਾਦਸੇ ਵਾਪਰ ਸਕਦੇ ਹਨ। ਸੜਕਾਂ ਦੁਆਲੇ ਮੌਜੂਦ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਆਵਾਜਾਈ ਵਿਚ ਵਿਘਨ ਪੈਂਦਾ ਹੈ ਅਤੇ ਕਈ ਹਾਦਸੇ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਨਾਲ ਸਿੱਧਾ ਨੁਕਸਾਨ ਕਿਸਾਨਾਂ ਨੂੰ ਹੁੰਦਾ ਹੈ ਅਤੇ ਉਸ ਦਾ ਅਸਿੱਧੇ ਤੌਰ 'ਤੇ ਅਸਰ ਦੇਸ਼ ਦੇ ਉਤਪਾਦਨ 'ਤੇ ਵੀ ਪੈਂਦਾ ਹੈ।

# ਬਟਾਲਾ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 539ਵੇਂ ਵਿਆਹ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ

**ਬਟਾਲਾ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗੁਰੂ ਨਾਨਕ ਦੇਵ ਜੀ ਦੇ 539ਵੇਂ ਵਿਆਹ ਪੁਰਬ ਨੂੰ ਸਮਰਪਿਤ ਅੱਜ ਬਟਾਲਾ ਸ਼ਹਿਰ ਗੁਰਬਾਣੀ, ਕੀਰਤਨ ਅਤੇ ਜੈਕਾਰਿਆਂ ਨਾਲ ਗੂੰਜ ਉੱਠਿਆ। ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਅਤੇ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਪ੍ਰਗਟ ਕੀਤੀ। ਸਵੇਰੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਰਦਾਸ ਉਪਰੰਤ ਮਹਾਨ ਨਗਰ ਕੀਰਤਨ ਰਵਾਨਾ ਹੋਇਆ। ਗੁਰਦੁਆਰਾ ਡੇਹਰਾ ਸਾਹਿਬ ਉਹ ਇਤਿਹਾਸਕ ਅਸਥਾਨ ਹੈ ਜਿੱਥੇ ਮਾਤਾ ਸੁਲੱਖਣੀ ਜੀ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਨੰਦ ਕਾਰਜ ਹੋਏ ਸਨ। ਨਗਰ ਕੀਰਤਨ ਬਟਾਲਾ ਦੇ ਵੱਖ-ਵੱਖ ਬਾਜ਼ਾਰਾਂ ਵਿਚੋਂ ਹੁੰਦਾ ਹੋਇਆ ਸ਼ਾਮ ਵੇਲੇ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਸੰਪੂਰਨ ਹੋਣ ਦਾ ਪ੍ਰੋਗਰਾਮ ਹੈ।

# ਸੀਟੀ ਯੂਨੀਵਰਸਿਟੀ ਗਣੇਸ਼ ਉਤਸਵ ਦੇ ਰੰਗ ਵਿੱਚ ਰੰਗੀ, ਚਾਰ ਰੋਜ਼ਾ ਸਮਾਗਮ ਸ਼ਰਧਾ ਤੇ ਉਤਸ਼ਾਹ ਨਾਲ ਸੰਪੰਨ

**ਲੁਧਿਆਣਾ, 19 ਸਤੰਬਰ/ਦੁੱਗਰੀ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਸੀਟੀ ਯੂਨੀਵਰਸਿਟੀ ਵਿਖੇ ਗਣੇਸ਼ ਚਤੁਰਥੀ ਦੇ ਪਵਿੱਤਰ ਮੌਕੇ 'ਤੇ ਚਾਰ ਰੋਜ਼ਾ ਗਣੇਸ਼ ਉਤਸਵ ਕਰਵਾਇਆ ਗਿਆ। ਉਤਸਵ ਦੀ ਸ਼ੁਰੂਆਤ 13 ਸਤੰਬਰ ਨੂੰ ਸ਼੍ਰੀ ਗਣੇਸ਼ ਆਗਮਨ ਨਾਲ ਹੋਈ, ਜਦਕਿ ਅੱਜ ਗਣੇਸ਼ ਵਿਸਰਜਨ ਨਾਲ ਸਮਾਪਤੀ ਹੋਈ।

ਇਸ ਦੌਰਾਨ ਪੂਜਾ-ਅਰਚਨਾ, ਖੇਡਾਂ, ਲੱਡੂ ਨੀਲਾਮੀ, ਸੱਭਿਆਚਾਰਕ ਪ੍ਰੋਗਰਾਮ ਅਤੇ ਲੰਗਰ ਸਮੇਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਵਿਦਿਆਰਥੀਆਂ, ਅਧਿਆਪਕਾਂ ਅਤੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਭਗਤੀ, ਸੇਵਾ ਅਤੇ ਏਕਤਾ ਦੀ ਭਾਵਨਾ ਦਾ ਪ੍ਰਗਟਾਵਾ ਕੀਤਾ। ਵਿਸਰਜਨ ਮੌਕੇ ਢੋਲ-ਸੰਗੀਤ ਅਤੇ ਤਿਉਹਾਰੀ ਰੌਣਕ ਦਰਮਿਆਨ ਸੀਟੀ ਪਰਿਵਾਰ ਵੱਲੋਂ ਬੱਪਾ ਨੂੰ ਸ਼ਰਧਾ ਨਾਲ ਵਿਦਾਈ ਦਿੱਤੀ ਗਈ।

ਸੀਟੀ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਨੇ ਕਿਹਾ ਕਿ ਅਜਿਹੇ ਤਿਉਹਾਰ ਵਿਦਿਆਰਥੀਆਂ ਨੂੰ ਸੱਭਿਆਚਾਰਕ ਪਰੰਪਰਾਵਾਂ ਨਾਲ ਜੋੜਨ ਦੇ ਨਾਲ-ਨਾਲ ਭਾਈਚਾਰਕ ਸਾਂਝ ਅਤੇ ਏਕਤਾ ਨੂੰ ਮਜ਼ਬੂਤ ਕਰਦੇ ਹਨ। ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਗਣੇਸ਼ ਉਤਸਵ ਨੇ ਭਗਤੀ, ਸੇਵਾ, ਜਸ਼ਨ ਅਤੇ ਏਕਤਾ ਨੂੰ ਸੁੰਦਰ ਢੰਗ ਨਾਲ ਇਕੱਠਾ ਕੀਤਾ।

ਸਮਾਗਮਾਂ ਵਿੱਚ ਮੈਨੇਜਿੰਗ ਡਾਇਰੈਕਟਰ ਤਨਿਕਾ ਚੰਨੀ, ਵਾਈਸ ਚਾਂਸਲਰ ਡਾ. ਨਿਤਿਨ ਟੰਡਨ, ਰਜਿਸਟਰਾਰ ਸੰਜੇ ਖੰਡੂਰੀ ਅਤੇ ਡਾਇਰੈਕਟਰ ਵਿਦਿਆਰਥੀ ਭਲਾਈ ਇੰਜੀ. ਦਵਿੰਦਰ ਸਿੰਘ ਸਮੇਤ ਯੂਨੀਵਰਸਿਟੀ ਦੀ ਅਗਵਾਈ ਦੀ ਵਿਸ਼ੇਸ਼ ਮੌਜੂਦਗੀ ਰਹੀ।

# ਚੰਡੀਗੜ੍ਹ ਵਿੱਚ ਕੁਦਰਤੀ ਗੈਸ 'ਤੇ ਵੈਟ ਦੀ ਦਰ 12.5% ਤੋਂ ਘਟਾ ਕੇ 5% ਕੀਤੀ ਗਈ

**ਚੰਡੀਗੜ੍ਹ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਚੰਡੀਗੜ੍ਹ ਪ੍ਰਸ਼ਾਸਨ ਨੇ ਕੁਦਰਤੀ ਗੈਸ 'ਤੇ ਵੈਲਿਊ ਐਡਿਡ ਟੈਕਸ (ਵੈਟ) ਦੀ ਦਰ 12.5% ਤੋਂ ਘਟਾ ਕੇ 5% ਕਰ ਦਿੱਤੀ ਹੈ। ਨਵੀਂ ਦਰ 18 ਸਤੰਬਰ, 2026 ਦੀ ਅੱਧੀ ਰਾਤ ਤੋਂ ਪ੍ਰਭਾਵੀ ਹੋਵੇਗੀ।

ਇਸ ਨਿਰਣੇ ਨਾਲ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਕੰਪਰੈੱਸਡ ਨੈਚੁਰਲ ਗੈਸ (ਸੀਐੱਨਜੀ) ਅਤੇ ਪਾਇਪਡ ਨੈਚੁਰਲ ਗੈਸ (ਪੀਐੱਨਜੀ) ਦਾ ਉਪਯੋਗ ਕਰਨ ਵਾਲੇ ਉਪਭੋਗਤਾਵਾਂ ਨੂੰ ਮਹੱਤਵਪੂਰਨ ਟੈਕਸ ਰਾਹਤ ਮਿਲੇਗੀ।

ਵੈਟ ਦੀ ਦਰ ਵਿੱਚ ਕਮੀ ਨਾਲ ਕੁਦਰਤੀ ਗੈਸ ਉਪਭੋਗਤਾਵਾਂ ਲਈ ਅਧਿਕ ਕਿਫ਼ਾਇਤੀ ਹੋਣ ਦੀ ਉਮੀਦ ਹੈ। ਇਸ ਨਾਲ ਸ਼ਹਿਰ ਵਿੱਚ ਕੁਦਰਤੀ ਗੈਸ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਤੇ ਵਿਸਤਾਰ ਨੂੰ ਵੀ ਹੁਲਾਰਾ ਮਿਲੇਗਾ ਅਤੇ ਚੰਡੀਗੜ੍ਹ ਵਿੱਚ ਸਵੱਛ ਈਂਧਣ ਵਿਕਲਪਾਂ ਦੀ ਵਿਆਪਕ ਉਪਲਬਧਤਾ ਅਤੇ ਉਪਯੋਗ ਨੂੰ ਪ੍ਰੋਤਸਾਹਨ ਮਿਲੇਗਾ।

# 4 ਮਹੀਨਿਆਂ ਦੇ ਇਕੱਠੇ ਆਏ ਬਿਜਲੀ ਬਿੱਲ ਕਾਰਨ ਲੋਕਾਂ ਵਿਚ ਹਾਹਾਕਾਰ

## 1200 ਯੂਨਿਟ ਮੁਆਫੀ ਤੋਂ ਉਪਰਲੇ ਯੂਨਿਟਾਂ ਦਾ ਬਿੱਲ ਭਰਵਾਉਣ ਦੀ ਮੰਗ ਨੇ ਫੜ੍ਹਿਆ ਜ਼ੋਰ

**ਪਟਿਆਲਾ, 19 ਸਤੰਬਰ**
**-ਬਲਜੀਤ ਸਰਨਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੂਬੇ ਅੰਦਰ ਪੰਜਾਬ ਸਰਕਾਰ ਮੁਫਤ ਬਿਜਲੀ ਦੇਣ ਦੇ ਦਮਗੱਜੇ ਮਾਰ ਰਹੀ ਹੈ ਅਤੇ ਹਰ ਸਮਾਗਮ ਵਿਚ ਇਹ ਗੱਲ ਪੂਰੇ ਜ਼ੋਰ ਨਾਲ ਪ੍ਰਚਾਰੀ ਜਾ ਰਹੀ ਹੈ ਕਿ ਸੂਬੇ ਅੰਦਰ ਸਰਕਾਰ ਵੱਲੋਂ ਮੁਫਤ ਬਿਜਲੀ ਦਿੱਤੀ ਜਾ ਰਹੀ ਹੈ। ਪਰ 2027 ਦੀਆਂ ਚੋਣਾਂ ਤੋਂ ਪਹਿਲਾਂ ਹੀ ਆਪ ਸਰਕਾਰ ਨੇ ਆਪਣਾ ਰੰਗ ਦਿਖਾਉਣਾ ਸ਼ੁਰੂ ਕਰ ਦਿੱਤਾ ਹੈ, ਜਿਥੇ ਸੂਬੇ ਭਰ ਦੇ ਲੋਕਾਂ ਨੂੰ 4-4 ਮਹੀਨਿਆਂ ਦੇ ਇਕੱਠੇ ਆਏ ਬਿਜਲੀ ਦੇ ਬਿੱਲ ਦੇਖ ਲੋਕਾਂ ਵਿਚ ਹਾਹਾਕਾਰ ਮਚੀ ਹੋਈ ਹੈ। ਹੈਰਾਨੀ ਦੀ ਗੱਲ ਤਾਂ ਇਹ ਹੈ ਕਿ 2-3 ਮਹੀਨੇ ਪਹਿਲਾਂ ਚੱਲੀ ਮੀਟਰ ਰੀਡਰਾਂ ਦੀ ਹੜ੍ਹਤਾਲ ਕਾਰਨ ਮੀਟਰ ਰੀਡਰਾਂ ਨੇ ਮੀਟਰਾਂ ਦੀ ਰੀਡਿੰਗ ਨਹੀਂ ਲਈ, ਜਿਸ ਕਾਰਨ ਬਿਜਲੀ ਬੋਰਡ ਨੇ ਐਵਰੇਜ ਬਿੱਲਾਂ ਦੇ ਹਿਸਾਬ ਨਾਲ ਖਪਤ ਮੰਨ ਕੇ ਅਨੇਕਾਂ ਖਪਤਕਾਰਾਂ ਨੂੰ 2 ਮਹੀਨਿਆਂ ਦਾ ਬਿਜਲੀ ਬਿੱਲ ਜ਼ੀਰੋ ਹੋਣ ਦਾ ਮੈਸੇਜ ਫੋਨਾਂ 'ਤੇ ਆਇਆ। ਪਰ ਜਿਉਂ ਹੀ ਦੂਜੇ ਬਿੱਲ ਦਾ ਸਮਾਂ ਆਇਆ ਤਾਂ ਇਸ ਦਰਮਿਆਨ ਮੀਟਰ ਰੀਡਰਾਂ ਦੀ ਹੜ੍ਹਤਾਲ ਖਤਮ ਹੋ ਚੁੱਕੀ ਸੀ, ਜਿਸ ਕਾਰਨ ਮੀਟਰਾਂ ਦੀ ਰੀਡਿੰਗ 4 ਮਹੀਨਿਆਂ ਦੀ ਲਈ ਗਈ। ਇਸ ਕਾਰਨ ਸਰਕਾਰ ਵੱਲੋਂ ਮੁਆਫ ਕੀਤੀ 600-600 ਯੂਨਿਟਾਂ ਦੀ ਮਾਫੀ ਦਰਕਿਨਾਰ ਹੁੰਦੀ ਦਿਖਾਈ ਦਿੱਤੀ ਜਦੋਂ 4 ਮਹੀਨਿਆਂ ਦੇ ਅਰਸੇ ਦੀ ਕੁੱਲ ਖਪਤ 1200 ਮੁਆਫੀ ਵਾਲੇ ਯੂਨਿਟਾਂ ਤੋਂ ਵੱਧ ਗਈ। ਮੀਟਰ ਰੀਡਰਾਂ ਦੀ ਹੜ੍ਹਤਾਲ ਦਾ ਖਮਿਆਜ਼ਾ ਆਮ ਲੋਕਾਂ ਨੂੰ ਭੁਗਤਣ ਲਈ ਮਜ਼ਬੂਰ ਹੋਣਾ ਪੈ ਰਿਹਾ ਹੈ। ਜਦੋਂ ਕਿ ਬਿਜਲੀ ਬੋਰਡ ਵੱਲੋਂ 4 ਮਹੀਨਿਆਂ ਦੇ ਇਕੱਠੇ ਆਏ ਬਿਜਲੀ ਬਿੱਲਾਂ ਸੰਬੰਧੀ ਮੁੱਖ ਮੰਤਰੀ ਪੰਜਾਬ ਸਰਕਾਰ ਅਤੇ ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਹੱਲ ਕੱਢਣ ਦਾ ਬਿਆਨ ਦਿੱਤਾ ਕਿ ਹਾਲੇ ਥੋੜਾ ਇੰਤਜ਼ਾਰ ਕਰੋ ਕਿ ਜਦੋਂ ਤੱਕ ਬਿਜਲੀ ਬਿੱਲ ਠੀਕ ਕੀਤੇ ਜਾਂਦੇ ਹਨ। ਪਰ ਖਪਤਕਾਰਾਂ ਵੱਲੋਂ ਬਿਜਲੀ ਬਿੱਲ ਠੀਕ ਕਰਵਾਉਣ ਸੰਬੰਧੀ ਬਿਜਲੀ ਬੋਰਡ ਦੀਆਂ ਸਬ ਡਵੀਜਨਾਂ ਦੇ ਦਫਤਰਾਂ ਵਿਚ ਜਾ ਕੇ ਪਤਾ ਲਗਦਾ ਹੈ ਕਿ ਹਾਲੇ ਤੱਕ ਸਰਕਾਰ ਨੇ ਕੋਈ ਵੀ ਆਰਡਰ ਜਾਰੀ ਨਹੀਂ ਕੀਤਾ, ਇਹ ਬਿੱਲ ਤਾਂ ਪੂਰੇ ਹੀ ਭਰਨੇ ਪੈਣਗੇ। ਦੂਜੇ ਪਾਸੇ ਬਿਜਲੀ ਸਪਲਾਈ ਵਿਚ ਲੱਗ ਰਹੇ ਲਗਾਤਾਰ ਕੱਟਾਂ ਕਾਰਨ ਵੀ ਲੋਕ ਪ੍ਰੇਸ਼ਾਨ ਹੋ ਰਹੇ ਹਨ। ਇੰਨਾ ਹੀ ਨਹੀਂ ਸਮੁੱਚੀਆਂ ਵਿਰੋਧੀ ਪਾਰਟੀਆਂ ਅਤੇ ਤੜਫੇ ਹੋਏ ਲੋਕ ਸਰਕਾਰ ਅਤੇ ਬਿਜਲੀ ਬੋਰਡ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰ ਰਹੇ ਹਨ, ਪਰ ਸਰਕਾਰ ਵੱਲੋਂ ਕੋਈ ਸੁਣਵਾਈ ਹੁੰਦੀ ਦਿਖਾਈ ਨਹੀਂ ਦੇ ਰਹੀ। ਹੁਣ ਦੇਖਣ ਵਾਲੀ ਗੱਲ ਇਹ ਹੋਵੇਗੀ ਕਿ ਸਰਕਾਰ ਕਦੋਂ ਅਤੇ ਕਿਵੇਂ ਬਿਜਲੀ ਬਿੱਲਾਂ ਦੀ ਸਮੱਸਿਆ ਨੂੰ ਹੱਲ ਕਰੇਗੀ ਜਾਂ ਫਿਰ ਵੱਡੇ ਬਿਜਲੀ ਬਿੱਲਾਂ ਦੀ ਤਲਵਾਰ ਲੋਕਾਂ ਦੇ ਗਲੇ 'ਤੇ ਲਟਕਦੀ ਹੀ ਰਹੇਗੀ।

# ਮੇਅਰ ਸਰਬਜੀਤ ਸਿੰਘ ਸਮਾਣਾ ਵੱਲੋਂ ਵਾਲੀਬਾਲ ਅਤੇ ਬੈਡਮਿੰਟਨ ਕੋਰਟ ਦਾ ਉਦਘਾਟਨ

**ਮੁਹਾਲੀ, 19 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਮੋਹਾਲੀ ਨਗਰ ਨਿਗਮ ਦੇ ਮੇਅਰ ਸਰਬਜੀਤ ਸਿੰਘ ਸਮਾਣਾ ਵੱਲੋਂ ਸਰਕਾਰੀ ਹਾਈ ਸਕੂਲ ਮਟੌਰ ਦੇ ਨੇੜੇ ਸੈਕਟਰ 70 ਵਾਲੇ ਪਾਰਕ ਦੇ ਵਿੱਚ ਵਾਲੀਬਾਲ ਕੋਰਟ ਦਾ ਉਦਘਾਟਨ ਕੀਤਾ ਗਿਆ ਇਸ ਮੌਕੇ ਤੇ ਹਰਪਾਲ ਸਿੰਘ ਚੰਨਾ ਡਿਪਟੀ ਮੇਅਰ ਮੋਹਾਲੀ ਨਗਰ ਨਿਗਮ ਉਚੇਚੇ ਤੌਰ ਤੇ ਹਾਜ਼ਰ ਰਹੇ, ਜਦਕਿ ਕਾਰਗਿਲ ਪਾਰਕ ਸੈਕਟਰ -71 ਵਿਖੇ ਵੀ ਹਰਪਾਲ ਸਿੰਘ ਚੰਨਾ- ਡਿਪਟੀ ਮੇਅਰ ਮੋਹਾਲੀ ਨਗਰ ਨਿਗਮ ਦੀ ਮੌਜੂਦਗੀ ਵਿੱਚ ਮੇਅਰ ਸਰਬਜੀਤ ਸਿੰਘ ਸਮਾਣਾ ਹੋਰਾਂ ਦੇ ਵੱਲੋਂ ਬੈਡਮਿੰਟਨ ਕੋਰਟ ਅਤੇ ਫੁਆਰੇ ਦਾ ਉਦਘਾਟਨ ਕੀਤਾ ਗਿਆ, ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਰਬਜੀਤ ਸਿੰਘ ਸਮਾਣਾ- ਮੇਅਰ ਮੋਹਾਲੀ ਨਗਰ ਨਿਗਮ ਹੋਰਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵੱਲੋਂ ਸੂਬੇ ਵਿੱਚ ਖਿਡਾਰੀਆਂ ਨੂੰ ਲੋੜੀਂਦੇ ਸਮਾਨ ਦੀ ਉਪਲਬਧਤਾ ਕਰਵਾਈ ਜਾ ਰਹੀ ਹੈ, ਤਾਂ ਕਿ ਕੋਈ ਵੀ ਖਿਡਾਰੀ ਆਪਣੀ ਖੇਡ ਕਲਾ ਦਾ ਪ੍ਰਗਟਾਵਾ ਕਰਨ ਤੋਂ ਵਾਂਝਾ ਨਾ ਰਹਿ ਸਕੇ ਅਤੇ ਨੌਜਵਾਨ ਵਰਗ ਨੂੰ ਤੰਦਰੁਸਤੀ ਦੇ ਰਾਹ ਤੋਂ ਤੋਰਿਆ ਜਾ ਸਕੇ , ਉਹਨਾਂ ਕਿਹਾ ਕਿ ਬੈਡਮਿੰਟਨ ਅਤੇ ਵਾਲੀਬਾਲ ਕੋਰਟ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਨੂੰ ਸਮਰਪਿਤ ਕਰ ਦਿੱਤੇ ਗਏ ਹਨ, ਹੁਣ ਖਿਡਾਰੀ ਵਰਗ ਆਪਣੇ ਨੇੜੇ ਦੇ ਖੇਡ ਮੈਦਾਨ ਦੇ ਵਿੱਚ ਜਾ ਕੇ ਆਪਣੀ ਖੇਡ ਕਲਾ ਦੇ ਵਿੱਚ ਵਧੇਰੇ ਨਿਖਾਰ ਲਿਆ ਸਕਣਗੇ, ਮੇਅਰ -ਸਰਬਜੀਤ ਸਿੰਘ ਸਮਾਣਾ ਹੋਰਾਂ ਕਿਹਾ ਕਿ ਇਸ ਤੋਂ ਇਲਾਵਾ ਵੀ ਜਿਸ ਕਿਸੇ ਵੀ ਖਿਡਾਰੀ ਨੂੰ ਕਿਸੇ ਵੀ ਸਮਾਨ ਦੀ, ਕਿਸੇ ਵੀ ਵੇਲੇ ਜ਼ਰੂਰਤ ਹੋਵੇ ਤਾਂ ਉਸ ਦੀ ਹਰ ਲੋੜ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇਗਾ, ਉਹਨਾਂ ਕਿਹਾ ਕਿ ਅੱਜ ਮੋਹਾਲੀ ਵਿਧਾਨ ਸਭਾ ਹਲਕੇ ਸਮੇਤ ਸਮੁੱਚੇ ਪੰਜਾਬ ਦੇ ਅੰਦਰ ਵੱਡੇ ਪੱਧਰ ਤੇ ਖੇਡ ਮੇਲੇ ਆਯੋਜਿਤ ਹੋ ਰਹੇ ਹਨ, ਜੋ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਬਦੌਲਤ ਹਨ, ਸਰਬਜੀਤ ਸਿੰਘ ਸਮਾਣਾ ਹੋਰਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ- ਅਰਵਿੰਦ ਕੇਜਰੀਵਾਲ ਵੱਲੋਂ ਜੋ- ਜੋ ਗਰੰਟੀਆਂ ਅਤੇ ਜੋ -ਜੋ ਵਾਅਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਵੱਲੋਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਦੀ ਕਚਹਿਰੀ ਵਿੱਚ ਜਾ ਕੇ ਦਿੱਤੇ ਗਏ ਸਨ, ਉਹਨਾਂ ਨੂੰ ਇੱਕ-ਇੱਕ ਕਰਕੇ ਪੂਰਾ ਕਰ ਲਿਆ ਗਿਆ ਹੈ, ਹੁਣ ਉਸ ਤੋਂ ਵੀ ਅਗਾਹ ਜਾਂਦੇ ਹੋਏ ਪੰਜਾਬ ਫਿਰ ਤੋਂ ਵਿਕਾਸ ਦੇ ਰਾਹ ਤੁਰ ਪਿਆ ਹੈ, ਅਤੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੇ ਲਈ ਸਿਰ ਤੋੜ ਯਤਨ ਜਾਰੀ ਹਨ। ਅਤੇ ਨਸ਼ਿਆਂ ਦੇ ਵਪਾਰੀਆਂ ਉੱਤੇ ਸਖਤੀ ਨਾਲ ਸ਼ਿਕੰਜਾ ਕੱਸਿਆ ਜਾ ਰਿਹਾ ਹੈ,ਇਸ ਮੌਕੇ ਤੇ ਡਿਪਟੀ ਮੇਅਰ ਮੋਹਾਲੀ ਨਗਰ ਨਿਗਮ- ਹਰਪਾਲ ਸਿੰਘ ਚੰਨਾ , ਬੱਚਨ ਸਿੰਘ ਬੋਪਾਰਾਏ ਕੌਂਸਲਰ , ਗੁਰਪ੍ਰੀਤ ਕੌਰ ਪਤਨੀ ਰਣਦੀ ਰਣਦੀਪ ਸਿੰਘ, ਕੁਲਵਿੰਦਰ ਕੌਰ ਪਤਨੀ ਦਰਸ਼ਨ ਸਿੰਘ, , ਕੌਂਸਲਰ ਗੁਰਜੀਤ ਸਿੰਘ , ਰਜਿੰਦਰ ਕੁਮਾਰ ਐਕਸੀਅਨ, , ਰਾਜਵੀਰ ਸਿੰਘ ਜਈ, ਰਾਤੇਸ਼ ਐਸ.ਡੀ.ਓ., ਤਰਲੋਚਨ ਸਿੰਘ , , ਮਨਦੀਪ ਮਟੌਰ , ਸੁਰਿੰਦਰ ਛਿੰਦਾ , ਮਨਜੀਤ ਖ਼ਾਨ ,ਕਮਲਪ੍ਰੀਤ ਸਿੰਘ, ਸੁਦਾਗਰ ਖਾਨ, ਨਵਜੋਤ ਸਿੰਘ, ਸੋਨੂ ਮਟੌਰ , H•S ਮਨਿਹਾਸ, ਮਨਜੋਤ ਸਿੰਘ, ਸਤਾਰ ਖਾਨ, ਕਰਨਲ ਢਿਲੋਂ, ਵਿਸ਼ਵਪ੍ਰੀਤ ਸਿੰਘ ਵੀ ਹਾਜ਼ਰ ਸਨ।

# ਲੰਡਨ 'ਚ ਥੇਮਜ਼ ਨਦੀ ਦੇ ਕੰਢੇ ਪਹਿਲੀ ਵਾਰ ਗੰਗਾ ਆਰਤੀ ਦਾ ਆਯੋਜਨ

**ਲੰਡਨ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਲੰਡਨ 'ਚ ਥੇਮਜ਼ ਨਦੀ ਦੇ ਕੰਢੇ ਐਤਵਾਰ ਨੂੰ ਪਹਿਲੀ ਵਾਰ ਗੰਗਾ ਆਰਤੀ ਦਾ ਆਯੋਜਨ ਕੀਤਾ ਗਿਆ ਜਿਸ 'ਚ ਹਜ਼ਾਰਾਂ ਲੋਕਾਂ ਨੇ ਹਿੱਸਾ ਲਿਆ। ਥੇਮਜ਼ ਦੇ ਕੰਢੇ ਗੰਗਾ ਆਰਤੀ: ਰੌਸ਼ਨੀਆਂ ਦਾ ਜਸ਼ਨ ਸਿਰਲੇਖ ਵਾਲਾ ਇਹ ਸਮਾਗਮ ਚਿਨਮਯਾ ਮਿਸ਼ਨ UK ਦੁਆਰਾ ਟੋਟਲੀ ਥੇਮਜ਼ ਦੇ ਸਾਲਾਨਾ ਤਿਓਹਾਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਇਹ ਸਮਾਗਮ ਚਿਨਮਯਾ ਮਿਸ਼ਨ ਦੀ ਸਥਾਪਨਾ ਦੀ 75ਵੀਂ ਵਰ੍ਹੇਗੰਢ ਨੂੰ ਮਨਾਉਣ ਲਈ ਦੁਨੀਆਂ ਭਰ 'ਚ ਆਯੋਜਿਤ ਕੀਤੇ ਜਾ ਰਹੇ ਸਮਾਗਮਾਂ ਦੀ ਇੱਕ ਲੜੀ ਦਾ ਹਿੱਸਾ ਸੀ।

ਭਾਰਤ 'ਚ ਗੰਗਾ ਦੇ ਕੰਢੇ ਆਯੋਜਿਤ ਆਰਤੀ ਦੀ ਮਸ਼ਹੂਰ ਪ੍ਰੰਪਰਾ ਤੋਂ ਪ੍ਰੇਰਿਤ ਹੋ ਕੇ ਇਸ ਸਮਾਗਮ ਦੀ ਕਲਪਨਾ ਕੁਦਰਤ, ਗਿਆਨ ਅਤੇ ਚੇਤਨਾ ਦੇ ਜੀਵਨਦਾਇਕ ਪ੍ਰਵਾਹ ਦੇ ਪ੍ਰਤੀਕ ਵਜੋਂ ਕੀਤੀ ਗਈ ਸੀ। ਚਿਨਮਯਾ ਮਿਸ਼ਨ UK ਦੇ ਇੱਕ ਅਧਿਆਪਕ ਬ੍ਰਹਮਚਾਰਿਣੀ ਸ਼੍ਰੀਪ੍ਰਿਯਾ ਚੈਤੰਨਿਆ ਨੇ ਕਿਹਾ, "ਪੀੜ੍ਹੀਆਂ ਤੋਂ ਸ਼ਰਧਾਲੂਆਂ ਨੇ ਗੰਗਾ ਦੇ ਕੰਢੇ ਮਾਂ ਗੰਗਾ ਦੀ ਪੂਜਾ ਕਰਨ ਲਈ ਦੀਵੇ ਜਗਾਏ ਹਨ, ਕੁਦਰਤ ਅਤੇ ਜੀਵਨ ਨੂੰ ਪੋਸ਼ਣ ਦੇਣ ਵਾਲੀਆਂ ਬ੍ਰਹਮ ਸ਼ਕਤੀਆਂ ਪ੍ਰਤੀ ਸ਼ਰਧਾ ਅਤੇ ਸ਼ੁਕਰਗੁਜ਼ਾਰੀ ਪ੍ਰਗਟ ਕੀਤੀ ਹੈ।" ਉਸ ਨੇ ਅੱਗੇ ਕਿਹਾ, "ਥੇਮਜ਼ ਨਦੀ ਦੇ ਕੰਢੇ 'ਤੇ ਗੰਗਾ ਆਰਤੀ ਵੀ ਇਸ ਭਾਵਨਾ ਨੂੰ ਅੱਗੇ ਵਧਾਉਂਦੀ ਹੈ ਅਤੇ ਲੋਕਾਂ ਨੂੰ ਸ਼ੁਕਰਗੁਜ਼ਾਰੀ, ਉਮੀਦ ਅਤੇ ਏਕਤਾ ਦੀ ਸਾਂਝੀ ਭਾਵਨਾ 'ਚ ਇਕੱਠਾ ਕਰਦੀ ਹੈ।"

ਚੈਤੰਨਿਆ ਨੇ ਸਮਝਾਇਆ ਕਿ ਚਿਨਮਯਾ ਮਿਸ਼ਨ ਲਈ, ਗੰਗਾ



ਗਿਆਨ ਦੇ ਪ੍ਰਵਾਹ ਦਾ ਵੀ ਪ੍ਰਤੀਕ ਹੈ। ਉਨ੍ਹਾਂ ਕਿਹਾ, "ਸਾਡੇ ਸੰਸਥਾਪਕ, ਸਵਾਮੀ ਚਿਨਮਯਾਨੰਦ ਨੇ ਆਪਣਾ ਜੀਵਨ ਹਿਮਾਲਿਆ ਦੀ ਪਵਿੱਤਰ ਧਰਤੀ ਤੋਂ ਵੇਦਾਂਤ ਦੇ ਸਦੀਵੀ ਗਿਆਨ ਅਤੇ ਅਧਿਆਤਮਿਕ ਸੰਦੇਸ਼ ਨੂੰ ਜਨਤਾ ਤਕ ਪਹੁੰਚਾਉਣ ਲਈ ਸਮਰਪਿਤ ਕੀਤਾ, ਇਸ ਨੂੰ ਉਨ੍ਹਾਂ ਦੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਇਆ। ਚਿਨਮਯਾ ਮਿਸ਼ਨ ਦੀ 75ਵੀਂ ਵਰ੍ਹੇਗੰਢ ਦੇ ਮੌਕੇ 'ਤੇ ਆਯੋਜਿਤ ਇਹ ਸਮਾਗਮ, ਹਿੰਦੂ ਧਰਮ ਦੀਆਂ ਮਹਾਨ ਦਾਰਸ਼ਨਿਕ ਅਤੇ ਅਧਿਆਤਮਿਕ ਪ੍ਰੰਪਰਾਵਾਂ 'ਚੋਂ ਇੱਕ, ਵੇਦਾਂਤ ਦੀ ਬ੍ਰਹਮ ਵਿਰਾਸਤ ਨੂੰ ਅੱਗੇ ਵਧਾਉਂਦੇ ਹੋਏ, ਗਿਆਨ, ਸੇਵਾ ਅਤੇ ਸ਼ੁਕਰਗੁਜ਼ਾਰੀ ਦੀ ਪਵਿੱਤਰ ਧਾਰਾ ਦਾ ਜਸ਼ਨ ਵੀ ਹੈ ਜੋ ਭੂਗੋਲਿਕ ਸੀਮਾਵਾਂ ਤੋਂ ਪਰੇ ਵਗਦੀ ਰਹਿੰਦੀ ਹੈ। ਗੰਗਾ ਆਰਤੀ ਹਿੰਦੂ ਧਰਮ ਦੀ ਇੱਕ ਪ੍ਰਾਚੀਨ ਧਾਰਮਿਕ ਰਸਮ ਹੈ। ਇਸ 'ਚ ਵੱਡੀ ਗਿਣਤੀ 'ਚ ਦੀਵੇ ਜਗਾਉਣੇ ਅਤੇ ਪ੍ਰਾਰਥਨਾਵਾਂ, ਭਜਨਾਂ, ਸੰਗੀਤ ਅਤੇ ਜਾਪ ਰਾਹੀਂ ਮਾਂ ਗੰਗਾ ਪ੍ਰਤੀ ਸ਼ਰਧਾ ਅਤੇ ਸ਼ੁਕਰਗੁਜ਼ਾਰੀ ਪ੍ਰਗਟ ਕਰਨਾ ਸ਼ਾਮਿਲ ਹੈ। ਇਹ ਰਸਮ ਕੁਦਰਤ ਅਤੇ ਇਸ ਦੀ ਜੀਵਨ ਦਾਤਾ ਪ੍ਰਕਿਰਤੀ ਪ੍ਰਤੀ ਵਿਸ਼ਵਾਸ ਅਤੇ ਸਤਿਕਾਰ ਦਾ ਪ੍ਰਗਟਾਵਾ ਵੀ ਹੈ।" ਚਿਨਮਯਾ ਮਿਸ਼ਨ ਦੇ ਇੱਕ ਬੁਲਾਰੇ ਨੇ ਕਿਹਾ, "ਕੁਦਰਤ ਪ੍ਰਤੀ ਸ਼ਰਧਾ ਸਿਰਫ਼ ਗੰਗਾ ਆਰਤੀ ਦਾ ਇੱਕ ਹਿੱਸਾ ਨਹੀਂ ਸਗੋਂ ਇਸ ਦੇ ਮੂਲ 'ਚ ਹੈ। ਇਹ ਮਾਂ ਗੰਗਾ ਪ੍ਰਤੀ ਸ਼ਰਧਾ ਅਤੇ ਸ਼ੁਕਰਗੁਜ਼ਾਰੀ ਪੇਸ਼ ਕਰਨ ਦਾ ਇੱਕ ਸਾਧਨ ਹੈ। ਹਿੰਦੂ ਪ੍ਰੰਪਰਾ 'ਚ, ਮਾਂ ਗੰਗਾ ਨੂੰ ਸਾਰੇ ਜੀਵਾਂ ਦੀ ਇੱਕ ਪਵਿੱਤਰ, ਜੀਵਨਦਾਇਕ ਅਤੇ ਪੋਸ਼ਣ ਦੇਣ ਵਾਲੀ ਦੇਵੀ ਵਜੋਂ ਪੂਜਿਆ ਜਾਂਦਾ ਹੈ।" ਥੇਮਜ਼ ਦੇ ਕੰਢੇ ਆਯੋਜਿਤ ਕੀਤੀ ਗਈ ਇਸ ਆਰਤੀ ਨੇ ਪਰੰਪਰਾ ਦੀ ਪਵਿੱਤਰਤਾ ਨੂੰ ਕਾਇਮ ਰੱਖਿਆ, ਨਾਲ ਹੀ ਨਦੀ ਦੀ ਸ਼ੁੱਧਤਾ ਅਤੇ ਵਾਤਾਵਰਣ ਦੀ ਸ਼ਾਨ ਦਾ ਵੀ ਸਤਿਕਾਰ ਕੀਤਾ। ਪੂਰੀ ਰਸਮ ਜ਼ਮੀਨ 'ਤੇ, ਨਦੀ ਦੇ ਕੰਢੇ 'ਤੇ ਕੀਤੀ ਗਈ। ਆਰਤੀ 'ਚ ਵਰਤੀਆਂ ਜਾਂਦੀਆਂ ਕੋਈ ਵੀ ਵਸਤੂਆਂ ਨੂੰ ਥੇਮਜ਼ 'ਚ ਨਹੀਂ ਸੁੱਟਿਆ ਗਿਆ।

ਟੋਟਲੀ ਥੇਮਜ਼ ਇੱਕ ਟਰੱਸਟ ਦੁਆਰਾ ਆਯੋਜਿਤ ਇੱਕ ਸਾਲਾਨਾ ਤਿਓਹਾਰ ਹੈ ਜੋ 1997 'ਚ ਸ਼ੁਰੂ ਹੋਇਆ ਸੀ। ਇਹ ਤਿਓਹਾਰ ਕਲਾ, ਵਾਤਾਵਰਣ ਸੰਭਾਲ, ਸਭਿਆਚਾਰਕ ਵਿਰਾਸਤ ਅਤੇ ਸਿੱਖਿਆ ਨਾਲ ਸਬੰਧਤ ਵੱਖ-ਵੱਖ ਪ੍ਰੋਗਰਾਮਾਂ ਰਾਹੀਂ ਥੇਮਜ਼ ਦਰਿਆ ਦੀ ਮਹੱਤਤਾ ਅਤੇ ਅਮੀਰ ਵਿਰਾਸਤ ਨੂੰ ਉਜਾਗਰ ਕਰਦਾ ਹੈ।

# ਪਾਕਿ 'ਚ ਕਾਨੂੰਨਾਂ ਦੇ ਬਾਵਜੂਦ ਔਰਤਾਂ ਅਜੇ ਵੀ ਅਸੁਰੱਖਿਅਤ !

**ਲਾਹੌਰ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਾਕਿਸਤਾਨ 'ਚ ਬਲਾਤਕਾਰ, ਘਰੇਲੂ ਹਿੰਸਾ, ਜਿਣਸੀ ਉਤਪੀੜਨ, ਜ਼ਬਰਦਸਤੀ ਵਿਆਹ ਅਤੇ ਜਾਇਦਾਦ ਦੇ ਹੱਕਾਂ ਤੋਂ ਵਾਂਝੇ ਰੱਖਣ ਵਿਰੁੱਧ ਕੇਂਦਰੀ ਅਤੇ ਸੂਬਾਈ ਪੱਧਰ 'ਤੇ ਕਈ ਔਰਤ-ਪੱਖੀ ਕਾਨੂੰਨ ਮੌਜੂਦ ਹਨ। ਇਸ ਤੋਂ ਇਲਾਵਾ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਦੀ ਦਰ ਵਧਾਉਣ ਅਤੇ ਕੇਸਾਂ ਦੇ ਤੇਜ਼ੀ ਨਾਲ ਨਿਪਟਾਰੇ ਲਈ ਵਿਸ਼ੇਸ਼ ਲਿੰਗ-ਆਧਾਰਤ ਹਿੰਸਾ ਅਦਾਲਤਾਂ ਵੀ ਬਣਾਈਆਂ ਗਈਆਂ ਹਨ। ਹਾਲ ਹੀ 'ਚ ਰਾਵਲਪਿੰਡੀ 'ਚ ਹਿਨਾ ਜਾਵੇਦ ਦਾ ਉਸ ਦੇ ਪਤੀ ਵਲੋਂ ਕੀਤਾ ਗਿਆ ਕਤਲ ਇਹ ਦਰਸਾਉਂਦਾ ਹੈ ਕਿ ਅਜਿਹੀ ਹਿੰਸਾ ਸਮਾਜ ਦੇ ਪੜ੍ਹੇ-ਲਿਖੇ ਹਿੱਸਿਆਂ 'ਚ ਵੀ ਫ਼ੈਲੀ ਹੋਈ ਹੈ ਕਿਉਂਕਿ ਦੋਸ਼ੀ ਇੱਕ ਯੂਨੀਵਰਸਿਟੀ 'ਚ ਅਧਿਆਪਕ ਹੈ। ਔਰਤਾਂ ਵਿਰੁੱਧ ਹਿੰਸਾ ਦਾ ਇਹ ਚੱਕਰ ਕਦੇ ਅਣਖ ਦੇ ਨਾਂ 'ਤੇ ਅਤੇ ਕਦੇ ਅਸ਼ਲੀਲਤਾ ਜਾਂ ਹੋਰ ਬਹਾਨਿਆਂ ਹੇਠ ਲਗਾਤਾਰ ਜਾਰੀ ਹੈ।

ਪਾਕਿਸਤਾਨ ਔਰਤਾਂ ਦੇ ਹੱਕਾਂ ਨਾਲ ਸਬੰਧਤ ਅੰਤਰਰਾਸ਼ਟਰੀ ਸੰਧੀਆਂ ਜਿਵੇਂ ਕਿ ਮਹਿਲਾਵਾਂ ਵਿਰੁੱਧ ਸਾਰੇ ਭੇਦਭਾਵ ਖ਼ਤਮ ਕਰਨ ਦੇ ਸਮਝੌਤੇ ਅਤੇ ਟਾਰਚਰ ਵਿਰੁੱਧ ਸਮਝੌਤੇ ਦਾ ਵੀ ਹਿੱਸਾ ਹੈ। ਇਸ ਦੇ ਬਾਵਜੂਦ ਵੂਮੈੱਨਜ਼ ਪੀਸ ਐਂਡ ਸਿਕਿਓਰਿਟੀ ਇੰਡੈਕਸ 2023/24 'ਚ ਪਾਕਿਸਤਾਨ 177 ਦੇਸ਼ਾਂ 'ਚੋਂ 158ਵੇਂ ਸਥਾਨ 'ਤੇ ਸੀ ਜੋ ਕਿ 2025/26 ਦੀ ਰੈਂਕਿੰਗ 'ਚ ਹੋਰ ਨਿਘਾਰ ਨਾਲ 181 ਦੇਸ਼ਾਂ 'ਚੋਂ 169ਵੇਂ ਸਥਾਨ 'ਤੇ ਪਹੁੰਚ ਗਿਆ ਹੈ।

ਔਰਤਾਂ ਵਿਰੁੱਧ ਹਿੰਸਾ ਜਾਰੀ ਰਹਿਣ ਦੇ ਪ੍ਰਮੁੱਖ ਕਾਰਨਾਂ 'ਚ ਕਾਨੂੰਨਾਂ ਦਾ ਕਮਜ਼ੋਰ ਅਮਲ, ਅਦਾਲਤਾਂ 'ਚ ਦੋਸ਼ੀਆਂ ਨੂੰ ਸਜ਼ਾ ਮਿਲਣ ਦੀ ਘੱਟ ਦਰ, ਸਜ਼ਾ ਦੀ ਅਨਿਸ਼ਚਿਤਤਾ, ਇਨਸਾਫ਼ ਤਕ ਸੀਮਿਤ ਪਹੁੰਚ, ਜੱਜਾਂ ਅਤੇ ਸਰਕਾਰੀ ਵਕੀਲਾਂ ਲਈ ਲਿੰਗ-ਸੰਵੇਦਨਸ਼ੀਲ ਸਿਖਲਾਈ ਦੀ ਘਾਟ, ਨੁਕਸਦਾਰ ਜਾਂਚ ਪ੍ਰਕਿਰਿਆ, ਮਹਿਲਾ ਪੁਲੀਸ ਸਟੇਸ਼ਨਾਂ ਦੀ ਘਾਟ ਅਤੇ ਔਰਤਾਂ 'ਚ ਆਪਣੇ ਹੱਕਾਂ ਪ੍ਰਤੀ ਘੱਟ ਜਾਗਰੂਕਤਾ ਸ਼ਾਮਿਲ ਹਨ।

ਇਸ ਸਥਿਤੀ ਨੂੰ ਸੁਧਾਰਨ ਲਈ ਲਿੰਗ-ਆਧਾਰਤ ਹਿੰਸਾ ਨੂੰ ਅਜਿਹਾ ਅਪਰਾਧ ਘੋਸ਼ਿਤ ਕਰਨ ਦੀ ਲੋੜ ਹੈ ਜਿਸ 'ਚ ਪੁਲੀਸ ਮੈਜਿਸਟ੍ਰੇਟ ਦੀ ਪਹਿਲੀ ਮਨਜ਼ੂਰੀ ਤੋਂ ਬਿਨਾਂ ਕੇਸ ਦਰਜ ਕਰ ਕੇ ਕਾਰਵਾਈ ਸ਼ੁਰੂ ਕਰ ਸਕੇ ਕਿਉਂਕਿ ਮੌਜੂਦਾ ਢਾਂਚੇ 'ਚ ਮੈਜਿਸਟ੍ਰੇਟ ਦੀ ਪਹਿਲਾਂ ਪ੍ਰਵਾਨਗੀ ਦੀ ਲੋੜ ਹੋਣ ਕਰ ਕੇ ਕੇਸ ਦਰਜ ਕਰਨ 'ਚ ਕਾਫ਼ੀ ਦੇਰੀ ਹੁੰਦੀ ਹੈ।

## ਕਪੂਰਥਲਾ 'ਚ ਪਰਾਲੀ ਸਾੜਨ 'ਤੇ ਰੋਕ ਲਈ ਵਿਆਪਕ ਯੋਜਨਾ, 499 ਅਧਿਕਾਰੀ ਕਰਨਗੇ ਨਿਗਰਾਨੀ

**ਕਪੂਰਥਲਾ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਝੋਨੇ ਦੀ ਵਾਢੀ ਦੇ ਆਉਣ ਵਾਲੇ ਸੀਜ਼ਨ ਦੌਰਾਨ ਪਰਾਲੀ ਸਾੜਨ ਦੀਆਂ ਘਟਨਾਵਾਂ ਰੋਕਣ ਲਈ ਕਪੂਰਥਲਾ ਜ਼ਿਲ੍ਹਾ ਪ੍ਰਸ਼ਾਸਨ ਨੇ ਵਿਆਪਕ ਕਾਰਜਯੋਜਨਾ ਤਿਆਰ ਕੀਤੀ ਹੈ। ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਮੁਤਾਬਕ ਯੋਜਨਾ ਦਾ ਕੇਂਦਰ ਵਿਗਿਆਨਕ ਫਸਲੀ ਰਹਿੰਦ-ਖੂੰਹਦ ਪ੍ਰਬੰਧਨ, ਪਿੰਡ ਪੱਧਰੀ ਨਿਗਰਾਨੀ ਅਤੇ ਕਿਸਾਨਾਂ ਨੂੰ ਲਗਾਤਾਰ ਜਾਗਰੂਕ ਕਰਨਾ ਹੈ। ਪ੍ਰਸ਼ਾਸਨ ਵੱਲੋਂ 364 ਨੋਡਲ ਅਫ਼ਸਰ ਅਤੇ 135 ਕਲੱਸਟਰ ਅਫ਼ਸਰ, ਅਰਥਾਤ ਕੁੱਲ 499 ਅਧਿਕਾਰੀ, ਪਿੰਡਾਂ ਅਤੇ ਕਲੱਸਟਰਾਂ ਦੀ ਨਿਗਰਾਨੀ ਲਈ ਤਾਇਨਾਤ ਕੀਤੇ ਜਾਣਗੇ। ਇਹ ਅਧਿਕਾਰੀ ਕਿਸਾਨਾਂ ਨਾਲ ਸੰਪਰਕ ਵਿੱਚ ਰਹਿਣਗੇ, ਸੰਵੇਦਨਸ਼ੀਲ ਖੇਤਰਾਂ ਦੀ ਪਛਾਣ ਕਰਨਗੇ ਅਤੇ ਪਰਾਲੀ ਸਾੜਨ ਦੀ ਸੰਭਾਵਨਾ ਵਾਲੇ ਮਾਮਲਿਆਂ ਵਿੱਚ ਸਮੇਂ ਸਿਰ ਦਖ਼ਲ ਦੇਣਗੇ।

7.5 ਲੱਖ ਟਨ ਪਰਾਲੀ ਦਾ ਪ੍ਰਬੰਧਨ: ਪ੍ਰਸ਼ਾਸਨ ਦੇ ਅਨੁਮਾਨ ਅਨੁਸਾਰ ਇਸ ਸੀਜ਼ਨ ਦੌਰਾਨ ਜ਼ਿਲ੍ਹੇ ਵਿੱਚ ਕਰੀਬ 7.5 ਲੱਖ ਮੀਟ੍ਰਿਕ ਟਨ ਝੋਨੇ ਦੀ ਪਰਾਲੀ ਪੈਦਾ ਹੋਣ ਦੀ ਉਮੀਦ ਹੈ। ਇਸ ਵਿੱਚੋਂ ਲਗਭਗ 2.70 ਲੱਖ ਮੀਟ੍ਰਿਕ ਟਨ ਇਨ-ਸਿਟੂ ਤਰੀਕਿਆਂ ਨਾਲ ਅਤੇ 4.80 ਲੱਖ ਮੀਟ੍ਰਿਕ ਟਨ ਐਕਸ-ਸਿਟੂ ਤਰੀਕਿਆਂ ਨਾਲ ਸੰਭਾਲਣ ਦੀ ਯੋਜਨਾ ਹੈ। ਬਾਕੀ ਰਹਿੰਦ-ਖੂੰਹਦ ਨੂੰ ਇੱਟਾਂ ਦੇ ਭੱਠਿਆਂ, ਬਾਇਲਰਾਂ ਅਤੇ ਹੋਰ ਉਤਪਾਦਕ ਵਰਤੋਂ ਲਈ ਭੇਜਣ ਦਾ ਟੀਚਾ ਰੱਖਿਆ ਗਿਆ ਹੈ। ਕਿਸਾਨਾਂ ਲਈ ਕਸਟਮ ਹਾਇਰਿੰਗ ਸੈਂਟਰਾਂ, ਸਹਿਕਾਰੀ ਸਭਾਵਾਂ ਅਤੇ ਕਿਸਾਨ ਸਮੂਹਾਂ ਰਾਹੀਂ ਲਗਭਗ 4,000 ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਉਪਲੱਬਧ ਦੱਸੀਆਂ ਗਈਆਂ ਹਨ। ਇਨ੍ਹਾਂ ਵਿੱਚ ਬੇਲਰ, ਰੇਕ, ਸੁਪਰ ਸੀਡਰ, ਸਮਾਰਟ ਸੀਡਰ, ਜ਼ੀਰੋ ਡ੍ਰਿਲ, ਮਲਚਰ, ਸਟ੍ਰਾਅ ਚੌਪਰ ਅਤੇ ਹੋਰ ਮਸ਼ੀਨਰੀ ਸ਼ਾਮਲ ਹੈ।

ਪਰਾਲੀ ਸਾੜਨ ਦੇ ਵਾਤਾਵਰਣਕ ਪ੍ਰਭਾਵ 'ਤੇ ਵੀ ਜ਼ੋਰ: ਡੀਸੀ ਅਕਾਸ਼ ਬਾਂਸਲ ਨੇ ਕਿਹਾ ਕਿ ਪਰਾਲੀ ਸਾੜਨ ਨਾਲ ਹਵਾ ਪ੍ਰਦੂਸ਼ਣ ਵਧਣ ਦੇ ਨਾਲ ਮਿੱਟੀ ਦੇ ਜ਼ਰੂਰੀ ਪੋਸ਼ਕ ਤੱਤ ਅਤੇ ਲਾਭਦਾਇਕ ਜੀਵ-ਜੰਤੂ ਪ੍ਰਭਾਵਿਤ ਹੁੰਦੇ ਹਨ। ਵਿਗਿਆਨਕ ਰਹਿੰਦ-ਖੂੰਹਦ ਪ੍ਰਬੰਧਨ ਨਾਲ ਪਰਾਲੀ ਨੂੰ ਕੂੜਾ ਸਮਝਣ ਦੀ ਬਜਾਏ ਖੇਤੀਬਾੜੀ ਸਰੋਤ ਵਜੋਂ ਵਰਤਣ ਦੀ ਸੰਭਾਵਨਾ ਬਣਦੀ ਹੈ। ਪ੍ਰਸ਼ਾਸਨ ਨੇ ਖੇਤੀਬਾੜੀ ਵਿਭਾਗ, ਸਥਾਨਕ ਸੰਸਥਾਵਾਂ, ਫੀਲਡ ਅਧਿਕਾਰੀਆਂ ਅਤੇ ਹੋਰ ਭਾਗੀਦਾਰਾਂ ਨਾਲ ਤਾਲਮੇਲ ਕਰਕੇ ਮੁਹਿੰਮ ਚਲਾਉਣ ਅਤੇ ਕਿਸਾਨਾਂ ਨੂੰ ਮਸ਼ੀਨਰੀ ਤੇ ਤਕਨੀਕੀ ਮਾਰਗਦਰਸ਼ਨ ਦੇਣ 'ਤੇ ਜ਼ੋਰ ਦਿੱਤਾ ਹੈ।

# ਸਾਡੀ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰਨ ਅਤੇ ਖੇਤੀ ਨੂੰ ਆਧੁਨਿਕ ਅਤੇ ਲਾਭਦਾਇਕ ਬਣਾਉਣ ਲਈ ਵਚਨਬੱਧ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

➢ ਕਿਸਾਨਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣ ਲਈ 14,000 ਕਿਲੋਮੀਟਰ ਪਾਈਪਲਾਈਨ ਨੈੱਟਵਰਕ ਵਿਛਾਇਆ ਗਿਆ; ਸਾਲ ਦੇ ਅੰਤ ਤੱਕ 7,000 ਕਿਲੋਮੀਟਰ ਹੋਰ ਵਿਛਾਇਆ ਜਾਵੇਗਾ ➢ ਖੇਤੀਬਾੜੀ ਮੇਲੇ 2026 ਦੌਰਾਨ ਕਿਸਾਨਾਂ ਦੀ ਉਪਜ ਦਾ ਹਰ ਇੱਕ ਦਾਣਾ ਖਰੀਦਿਆ ਅਤੇ ਚੁੱਕਿਆ ਜਾਵੇਗਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਚੰਡੀਗੜ੍ਹ 19 ਸਤੰਬਰ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਨੂੰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਖੇਤੀਬਾੜੀ ਨੂੰ ਇੱਕ ਆਧੁਨਿਕ ਅਤੇ ਲਾਭਦਾਇਕ ਪੇਸ਼ਾ ਬਣਾਉਣ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ, ਜਦੋਂ ਕਿ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਦੇ ਕੀਮਤੀ ਜਲ ਸਰੋਤਾਂ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਕਿਸਾਨ ਮੇਲੇ ਦੌਰਾਨ, ਉਨ੍ਹਾਂ ਨੇ ਨਹਿਰੀ ਸਿੰਚਾਈ ਦੇ 88% ਤੱਕ ਵਿਸਥਾਰ, 14,000 ਕਿਲੋਮੀਟਰ ਭੂਮੀਗਤ ਪਾਈਪਲਾਈਨਾਂ ਵਿਛਾਉਣ, ਸਾਲ ਦੇ ਅੰਤ ਤੱਕ ਹੋਰ 7,000 ਕਿਲੋਮੀਟਰ ਦੀ ਯੋਜਨਾਬੰਦੀ, ਅਤੇ ਨਤੀਜੇ ਵਜੋਂ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਸੁਧਾਰ 'ਤੇ ਚਾਨਣਾ ਪਾਇਆ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਪੀਏਯੂ ਦੀ ਬੀਜ ਖੋਜ ਨੂੰ ਮਜ਼ਬੂਤ ਕਰ ਰਹੀ ਹੈ, ਬਾਗਬਾਨੀ ਵਿੱਚ 1,300 ਕਰੋੜ ਰੁਪਏ ਦਾ ਨਿਵੇਸ਼ ਕਰ ਰਹੀ ਹੈ ਅਤੇ ਦੇਸ਼ ਦੀ ਸਭ ਤੋਂ ਵੱਧ ਗੰਨੇ ਦੀ ਕੀਮਤ 416 ਰੁਪਏ ਪ੍ਰਤੀ ਕੁਇੰਟਲ ਨੂੰ ਯਕੀਨੀ ਬਣਾ ਰਹੀ ਹੈ, ਨਾਲ ਹੀ ਕੇਂਦਰ ਨੂੰ ਵਿਕਲਪਕ ਫਸਲਾਂ ਲਈ ਲਾਹੇਵੰਦ ਐਮਐਸਪੀ ਅਤੇ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਰੋਕਣ ਲਈ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੀ ਮੰਗ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹ ਵੀ ਭਰੋਸਾ ਦਿੱਤਾ ਕਿ ਕੇਐਮਐਸ 2026 ਦੌਰਾਨ ਕਿਸਾਨਾਂ ਦੀ ਉਪਜ ਦਾ ਇੱਕ-ਇੱਕ ਦਾਣਾ ਖਰੀਦਿਆ ਅਤੇ ਚੁੱਕਿਆ ਜਾਵੇਗਾ।

ਦਸਵੇਂ ਸਥਾਨ 'ਤੇ ਪਹੁੰਚਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਪੀਏਯੂ ਵਿਖੇ ਕਿਸਾਨ ਮੇਲੇ ਵਿੱਚ ਸ਼ਿਰਕਤ ਕੀਤੀ ਅਤੇ ਅਗਾਂਹਵਧੂ ਕਿਸਾਨਾਂ ਨੂੰ ਸਨਮਾਨਿਤ ਕੀਤਾ। ਇਹ ਪੰਜਾਬ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਯੂਨੀਵਰਸਿਟੀ ਨੂੰ ਦੁਨੀਆ ਦੀਆਂ ਚੋਟੀ ਦੀਆਂ 100 ਯੂਨੀਵਰਸਿਟੀਆਂ ਵਿੱਚ ਦਰਜਾ ਦਿੱਤਾ ਗਿਆ ਹੈ।

ਖੇਤੀਬਾੜੀ ਨੂੰ ਇੱਕ ਲਾਭਦਾਇਕ ਪੇਸ਼ਾ ਬਣਾਉਣ ਲਈ, ਅਸੀਂ ਨਹਿਰੀ ਪਾਣੀ ਦੀ ਵਰਤੋਂ 88% ਤੱਕ ਵਧਾ ਦਿੱਤੀ ਹੈ। 14,000 ਕਿਲੋਮੀਟਰ ਭੂਮੀਗਤ ਪਾਈਪਲਾਈਨਾਂ ਵਿਛਾਉਣ ਨਾਲ ਰਾਜ ਵਿੱਚ ਭੂਮੀਗਤ ਪਾਣੀ ਦਾ ਪੱਧਰ 5 ਮੀਟਰ ਤੱਕ ਵਧ ਗਿਆ ਹੈ। ਕਿਸਾਨਾਂ ਦੀ ਸਹੂਲਤ ਲਈ, ਖੇਤਾਂ ਨੂੰ ਦਿਨ ਵੇਲੇ ਬਿਜਲੀ ਸਪਲਾਈ ਹੁਣ ਯਕੀਨੀ ਬਣਾਈ ਗਈ ਹੈ। ਸਾਡੇ ਕਿਸਾਨਾਂ ਦੀ ਸਖ਼ਤ ਮਿਹਨਤ ਨਾਲ, ਸਾਨੂੰ ਇਸ ਸਾਲ ਵੀ ਝੋਨੇ ਦੀ ਬੰਪਰ ਪੈਦਾਵਾਰ ਦੀ ਪੂਰੀ ਉਮੀਦ ਹੈ। ਇਨਕਲਾਬ ਜ਼ਿੰਦਾਬਾਦ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਆਯੋਜਿਤ ਕਿਸਾਨ ਮੇਲੇ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਭਾਰਤ ਵਿੱਚ ਹਰੀ ਕ੍ਰਾਂਤੀ ਦਾ ਜਨਮ ਸਥਾਨ ਰਿਹਾ ਹੈ, ਜਿਸਨੇ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਸਵੈ-ਨਿਰਭਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਦੇਸ਼ ਨੂੰ ਅਨਾਜ ਦੀ ਘਾਟ ਵਾਲੇ ਦੇਸ਼ ਤੋਂ ਅਨਾਜ ਦੀ ਘਾਟ ਵਾਲੇ ਦੇਸ਼ ਵਿੱਚ ਬਦਲਣ ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਭੂਮਿਕਾ ਵੀ ਸ਼ਲਾਘਾਯੋਗ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਮਿਹਨਤੀ ਅਤੇ ਲਚਕੀਲੇ ਕਿਸਾਨਾਂ ਨੇ ਪੀਏਯੂ ਦੇ ਨਵੀਨਤਾਕਾਰੀ ਖੇਤੀ ਵਿਗਿਆਨੀਆਂ ਦੀ ਯੋਗ ਅਗਵਾਈ ਹੇਠ, ਸੂਬੇ ਦੀ ਉਪਜਾਊ ਮਿੱਟੀ ਅਤੇ ਜਲ ਸਰੋਤਾਂ ਦੀ ਵਰਤੋਂ ਕਰਕੇ ਦੇਸ਼ ਦੀ ਕਿਸਮਤ ਬਦਲ ਦਿੱਤੀ ਹੈ। ਉਨ੍ਹਾਂ ਕਿਹਾ, ਪੰਜਾਬ ਸਰਕਾਰ ਖੇਤੀ ਨੂੰ ਆਧੁਨਿਕ ਅਤੇ ਲਾਭਦਾਇਕ ਬਣਾਉਣ ਲਈ ਠੋਸ ਯਤਨ ਕਰ ਰਹੀ ਹੈ ਤਾਂ ਜੋ ਖੁਸ਼ਹਾਲੀ ਹਰ ਕਿਸਾਨ ਤੱਕ ਪਹੁੰਚੇ। ਪੀਏਯੂ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਿਰਫ਼ ਉੱਚ-ਗੁਣਵੱਤਾ ਵਾਲੇ ਬੀਜ ਹੀ ਕਿਸਾਨਾਂ ਤੱਕ ਪਹੁੰਚਣ, ਜਦੋਂ ਕਿ ਪੰਜਾਬ ਵਿੱਚ ਬਾਗਬਾਨੀ ਨੂੰ ਉਤਸ਼ਾਹਿਤ ਕਰਨ ਲਈ 1,300 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਪੂਰੇ ਦੇਸ਼ ਵਿੱਚ ਸਭ ਤੋਂ ਵੱਧ ਗੰਨੇ ਦਾ ਮੁੱਲ 416 ਰੁਪਏ ਪ੍ਰਤੀ ਕੁਇੰਟਲ ਦੇ ਰਿਹਾ ਹੈ, ਅਤੇ ਗੰਨੇ ਦੀ ਕਾਸ਼ਤ ਹੇਠ ਰਕਬਾ ਵੀ ਪਿਛਲੇ ਸਾਲ ਦੇ ਮੁਕਾਬਲੇ ਵਧਿਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਦੋਂ ਮੌਜੂਦਾ ਸੂਬਾ ਸਰਕਾਰ ਨੇ ਸੱਤਾ ਸੰਭਾਲੀ ਸੀ, ਉਦੋਂ ਸਿੰਚਾਈ ਲਈ ਸਿਰਫ਼ 22% ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਸੀ, ਜਦੋਂ ਕਿ ਹੁਣ ਇਹ 88% ਤੋਂ ਵੱਧ ਹੋ ਗਈ ਹੈ। ਅਸੀਂ ਪੰਜਾਬ ਭਰ ਦੇ ਕਿਸਾਨਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣ ਲਈ 14,000 ਕਿਲੋਮੀਟਰ ਪਾਈਪਲਾਈਨਾਂ ਵਿਛਾਈਆਂ ਹਨ। ਇਹ ਦੂਰੀ ਕੈਨੇਡਾ ਤੋਂ ਬਾਘਾਪੁਰਾਣਾ ਤੱਕ ਦੀ ਯਾਤਰਾ ਦੇ ਬਰਾਬਰ ਹੈ। ਇਸ ਸਾਲ ਦੇ ਅੰਤ ਤੱਕ 7,000 ਕਿਲੋਮੀਟਰ ਹੋਰ ਪਾਈਪਲਾਈਨਾਂ ਵਿਛਾਈਆਂ ਜਾਣਗੀਆਂ, ਉਨ੍ਹਾਂ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਭਰ ਵਿੱਚ ਪਾਈਪਲਾਈਨਾਂ ਅਤੇ ਜਲ ਮਾਰਗ ਵਿਛਾਏ ਗਏ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਨਹਿਰੀ ਪਾਣੀ ਪੰਜਾਬ ਦੇ ਹਰ ਕੋਨੇ ਅਤੇ ਕੋਨੇ ਵਿੱਚ ਕਿਸਾਨਾਂ ਤੱਕ ਪਹੁੰਚੇ ਅਤੇ ਉਨ੍ਹਾਂ ਦੀਆਂ ਸਿੰਚਾਈ ਜ਼ਰੂਰਤਾਂ ਨੂੰ ਪੂਰਾ ਕਰੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਧਰਤੀ ਹੇਠਲੇ ਪਾਣੀ ਦੀ ਸਥਿਤੀ ਨੂੰ ਸੁਧਾਰਨ ਲਈ ਨਹਿਰਾਂ ਅਤੇ ਦਰਿਆਵਾਂ ਵਿੱਚ ਰੀਚਾਰਜ ਪੁਆਇੰਟ ਬਣਾਏ ਗਏ ਹਨ। ਉਨ੍ਹਾਂ ਕਿਹਾ, ਪਾਣੀ ਰੀਚਾਰਜ ਵੱਡੇ ਪੱਧਰ 'ਤੇ ਕੀਤਾ ਗਿਆ ਹੈ ਅਤੇ ਕਈ ਖੇਤਰਾਂ ਵਿੱਚ ਪਾਣੀ ਦਾ ਪੱਧਰ ਦੋ ਤੋਂ ਚਾਰ ਮੀਟਰ ਵਧਿਆ ਹੈ। ਸਾਨੂੰ ਆਪਣੇ ਕੀਮਤੀ ਜਲ ਸਰੋਤਾਂ ਦੀ ਹਰ ਬੂੰਦ ਦੀ ਰੱਖਿਆ ਕਰਨੀ ਪਵੇਗੀ।

ਕਿਸਾਨਾਂ ਨੂੰ ਸਿਰਫ਼ ਪੀਏਯੂ ਦੁਆਰਾ ਸਿਫ਼ਾਰਸ਼ ਕੀਤੀਆਂ ਸਪਰੇਆਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਕਰਨ ਦੀ ਅਪੀਲ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਿਹਤਰ ਝਾੜ ਨੂੰ ਯਕੀਨੀ ਬਣਾਉਣ ਅਤੇ ਕਿਸਾਨਾਂ ਨੂੰ ਬੇਲੋੜੇ ਨੁਕਸਾਨ ਤੋਂ ਬਚਾਉਣ ਲਈ ਬਿਜਾਈ ਤੋਂ ਪਹਿਲਾਂ ਬੀਜਾਂ ਦੀ ਵੀ ਤਸਦੀਕ ਕੀਤੀ ਜਾਣੀ ਚਾਹੀਦੀ ਹੈ।

ਖੇਤੀਬਾੜੀ ਸੰਕਟ ਬਾਰੇ ਗੱਲ ਕਰਦਿਆਂ, ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਨੂੰ ਕਰਜ਼ੇ ਦੇ ਦੁਸ਼ਟ ਚੱਕਰ ਵਿੱਚੋਂ ਬਾਹਰ ਕੱਢਣ ਲਈ ਸਖ਼ਤ ਯਤਨ ਕਰ ਰਹੀ ਹੈ। ਵਧਦੀ ਲਾਗਤ ਅਤੇ ਘਟਦੀ ਆਮਦਨ ਨੇ ਕਿਸਾਨਾਂ ਨੂੰ ਇੱਕ ਮੁਸ਼ਕਲ ਮੋੜ 'ਤੇ ਪਾ ਦਿੱਤਾ ਹੈ। ਅਸੀਂ ਉਨ੍ਹਾਂ ਦੀ ਆਮਦਨ ਨੂੰ ਵਧਾਉਣ ਅਤੇ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੇ ਹਾਂ ਕਿ ਕਿਸਾਨ ਇੱਕ ਸਨਮਾਨਜਨਕ ਅਤੇ ਖੁਸ਼ਹਾਲ ਜੀਵਨ ਜੀ ਸਕਣ, ਉਨ੍ਹਾਂ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਸੀਮਤ ਕੁਦਰਤੀ ਸਰੋਤਾਂ ਦੇ ਬਾਵਜੂਦ, ਪੰਜਾਬ ਦੇ ਕਿਸਾਨਾਂ ਨੇ ਭਾਰਤ ਨੂੰ ਅਨਾਜ ਉਤਪਾਦਨ ਵਿੱਚ ਆਤਮਨਿਰਭਰ ਬਣਾਉਣ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ ਹੈ, ਅਕਸਰ ਸੂਬੇ ਦੇ ਕੁਦਰਤੀ ਸਰੋਤਾਂ ਦੀ ਜ਼ਿਆਦਾ ਵਰਤੋਂ ਦੀ ਕੀਮਤ 'ਤੇ। ਪੰਜਾਬ ਕੋਲ ਕਿਸੇ ਹੋਰ ਸੂਬੇ ਨਾਲ ਸਾਂਝਾ ਕਰਨ ਲਈ ਵਾਧੂ ਪਾਣੀ ਨਹੀਂ ਹੈ। ਕਿਸੇ ਨਾਲ ਪਾਣੀ ਦੀ ਇੱਕ ਬੂੰਦ ਵੀ ਸਾਂਝੀ ਕਰਨ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਪਿਛਲੇ ਸ਼ਾਸਕਾਂ ਨੇ ਆਪਣੇ ਨਿੱਜੀ ਹਿੱਤਾਂ ਲਈ, ਦਰਿਆਈ ਪਾਣੀਆਂ ਦੇ ਸੂਬੇ ਦੇ ਹਿੱਸੇ ਨੂੰ ਛੱਡ ਕੇ ਪੰਜਾਬ ਦੇ ਹਿੱਤਾਂ ਨੂੰ ਖਤਰੇ ਵਿੱਚ ਪਾਇਆ। ਸਾਡੀ ਸਰਕਾਰ ਨੇ ਇਹ ਯਕੀਨੀ ਬਣਾਇਆ ਹੈ ਕਿ ਪੰਜਾਬ ਦੇ ਹਿੱਤਾਂ ਨਾਲ ਅਜਿਹੇ ਸਮਝੌਤੇ ਦੁਬਾਰਾ ਨਾ ਹੋਣ, ਉਨ੍ਹਾਂ ਕਿਹਾ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਰਕਾਰੀ ਖਜ਼ਾਨੇ ਦੇ ਇੱਕ-ਇੱਕ ਪੈਸੇ ਦੀ ਵਰਤੋਂ ਲੋਕਾਂ ਦੀ ਭਲਾਈ ਲਈ ਕਰ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੇ 90% ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ। ਕਿਸਾਨਾਂ ਨੂੰ ਹੁਣ ਦਿਨ ਵੇਲੇ ਵੀ ਬਿਜਲੀ ਮਿਲ ਰਹੀ ਹੈ, ਜੋ ਕਿ ਬੇਮਿਸਾਲ ਹੈ। ਲੋਕਾਂ ਦੇ ਟੈਕਸ ਦਾ ਪੈਸਾ ਲੋਕਾਂ ਦਾ ਹੈ, ਅਤੇ ਇਸਨੂੰ ਉਨ੍ਹਾਂ ਦੀ ਭਲਾਈ 'ਤੇ ਸਮਝਦਾਰੀ ਨਾਲ ਖਰਚ ਕੀਤਾ ਜਾ ਰਿਹਾ ਹੈ। ਉਨ੍ਹਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਉਨ੍ਹਾਂ ਕੋਲ ਵਾਪਸ ਆ ਰਿਹਾ ਹੈ।

ਕੇਐਮਐਸ 2026 ਖਰੀਦ ਸੀਜ਼ਨ ਤੋਂ ਪਹਿਲਾਂ ਕਿਸਾਨਾਂ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਉਪਜ ਦਾ ਹਰ ਇੱਕ ਦਾਣਾ ਖਰੀਦਿਆ ਜਾਵੇਗਾ ਅਤੇ ਮੰਡੀਆਂ ਵਿੱਚੋਂ ਚੁੱਕਿਆ ਜਾਵੇਗਾ। ਕਿਸਾਨਾਂ ਦੀ ਉਪਜ ਦਾ ਹਰ ਇੱਕ ਦਾਣਾ ਕੇਐਮਐਸ (ਖਰੀਫ ਮਾਰਕੀਟਿੰਗ ਸੀਜ਼ਨ) 2026 ਦੌਰਾਨ ਖਰੀਦਿਆ ਅਤੇ ਚੁੱਕਿਆ ਜਾਵੇਗਾ। ਕਿਸਾਨਾਂ ਨੂੰ ਸਮੇਂ ਸਿਰ ਅਦਾਇਗੀ ਲਈ ਨਿਰਧਾਰਤ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇਗੀ। ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ, ਰਾਜ ਨੂੰ ਖਰੀਦ ਸ਼ੁਰੂ ਹੋਣ ਤੋਂ ਪਹਿਲਾਂ ਹੀ ਆਉਣ ਵਾਲੇ ਝੋਨੇ ਦੇ ਸੀਜ਼ਨ ਲਈ ਨਕਦ ਕ੍ਰੈਡਿਟ ਸੀਮਾ ਪ੍ਰਾਪਤ ਹੋ ਚੁੱਕੀ ਹੈ, ਉਨ੍ਹਾਂ ਕਿਹਾ।

ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਗੁਰੇਜ਼ ਕਰਨ ਦੀ ਅਪੀਲ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਫਸਲਾਂ ਦੀ ਰਹਿੰਦ-ਖੂੰਹਦ ਦੇ ਇਨ-ਸੀਟੂ ਅਤੇ ਐਕਸ-ਸੀਟੂ ਪ੍ਰਬੰਧਨ ਲਈ ਕਿਸਾਨਾਂ ਨੂੰ ਨਵੇਂ ਉਪਕਰਣ ਪ੍ਰਦਾਨ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ ਕਿਸਾਨਾਂ ਨੂੰ ਫਸਲੀ ਵਿਭਿੰਨਤਾ ਅਪਣਾਉਣ ਲਈ ਉਤਸ਼ਾਹਿਤ ਕਰ ਰਹੀ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਹਾਲਾਂਕਿ, ਕੇਂਦਰ ਸਰਕਾਰ ਨੂੰ ਇਨ੍ਹਾਂ ਫਸਲਾਂ ਲਈ ਲਾਹੇਵੰਦ ਐਮਐਸਪੀ ਪ੍ਰਦਾਨ ਕਰਨਾ ਚਾਹੀਦਾ ਹੈ। ਇਹ ਕਿਸਾਨਾਂ ਨੂੰ ਵਿਭਿੰਨਤਾ ਲਈ ਉਤਸ਼ਾਹਿਤ ਕਰੇਗਾ ਅਤੇ ਪੰਜਾਬ ਦੇ ਕੁਦਰਤੀ ਸਰੋਤਾਂ 'ਤੇ ਦਬਾਅ ਘਟਾਉਣ ਵਿੱਚ ਮਦਦ ਕਰੇਗਾ, ਉਨ੍ਹਾਂ ਕਿਹਾ।

ਕਿਸਾਨ ਮੇਲੇ ਵਿੱਚ ਸਨਮਾਨਿਤ ਕੀਤੇ ਜਾ ਰਹੇ ਪ੍ਰਗਤੀਸ਼ੀਲ ਅਤੇ ਉੱਦਮੀ ਕਿਸਾਨਾਂ ਨੂੰ ਵਧਾਈ ਦਿੰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੀਏਯੂ ਕਿਸਾਨਾਂ ਲਈ ਇੱਕ ਚਾਨਣ ਮੁਨਾਰੇ ਵਜੋਂ ਜਾਣਿਆ ਜਾਂਦਾ ਹੈ। ਪੀਏਯੂ ਨੇ ਲਗਾਤਾਰ ਪੰਜਾਬ ਦੇ ਕਿਸਾਨਾਂ ਦਾ ਮਾਰਗਦਰਸ਼ਨ ਕੀਤਾ ਹੈ ਅਤੇ ਰਾਜ ਵਿੱਚ ਖੇਤੀਬਾੜੀ ਦੇ ਵਿਕਾਸ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਪੰਜਾਬ ਦੇਸ਼ ਦੇ ਕੁੱਲ ਭੂਗੋਲਿਕ ਖੇਤਰ ਦਾ ਸਿਰਫ 1.53% ਹੈ, ਫਿਰ ਵੀ ਇਹ ਦੇਸ਼ ਦੇ ਭੋਜਨ ਉਤਪਾਦਨ ਵਿੱਚ ਇੱਕ ਸ਼ਾਨਦਾਰ ਯੋਗਦਾਨ ਪਾ ਰਿਹਾ ਹੈ, ਉਨ੍ਹਾਂ ਕਿਹਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਨੂੰ ਖੇਤੀਬਾੜੀ ਆਮਦਨ ਵਧਾਉਣ ਲਈ ਵਿਗਿਆਨਕ ਤਰੀਕੇ ਅਪਣਾਉਣ ਦੀ ਅਪੀਲ ਕੀਤੀ। ਕਿਸਾਨ ਮੇਲੇ ਦੀ ਮੂਲ ਭਾਵਨਾ ਕਿਸਾਨਾਂ ਵਿੱਚ ਨਵੀਆਂ ਤਕਨੀਕਾਂ ਅਤੇ ਵਿਗਿਆਨਕ ਅਭਿਆਸਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ ਜੋ ਵਾਤਾਵਰਣ ਦੀ ਰੱਖਿਆ ਕਰ ਸਕਦੀਆਂ ਹਨ ਅਤੇ ਖੇਤੀ ਆਮਦਨ ਵਧਾ ਸਕਦੀਆਂ ਹਨ। ਕਿਸਾਨਾਂ ਨੂੰ ਵਿਗਿਆਨਕ ਤਰੀਕੇ ਅਪਣਾਉਣੇ ਚਾਹੀਦੇ ਹਨ ਅਤੇ ਬਿਹਤਰ ਉਤਪਾਦਕਤਾ ਅਤੇ ਮੁਨਾਫ਼ੇ ਲਈ ਸੂਚਿਤ ਵਿਕਲਪ ਬਣਾਉਣੇ ਚਾਹੀਦੇ ਹਨ, ਉਨ੍ਹਾਂ ਕਿਹਾ।

ਉਨ੍ਹਾਂ ਦੁਹਰਾਇਆ ਕਿ ਪੰਜਾਬ ਦੇਸ਼ ਵਿੱਚ ਸਭ ਤੋਂ ਵੱਧ ਗੰਨੇ ਦਾ ਮੁੱਲ 416 ਰੁਪਏ ਪ੍ਰਤੀ ਕੁਇੰਟਲ ਪ੍ਰਦਾਨ ਕਰ ਰਿਹਾ ਹੈ ਅਤੇ ਕਿਹਾ ਕਿ ਗੰਨੇ ਦੀ ਕਾਸ਼ਤ ਹੇਠ ਰਕਬਾ ਪਿਛਲੇ ਸਾਲ ਦੇ ਮੁਕਾਬਲੇ ਵਧਿਆ ਹੈ। ਪਿਛਲੀਆਂ ਸਰਕਾਰਾਂ ਨੇ ਪੰਜਾਬ ਦੇ ਕਿਸਾਨਾਂ ਅਤੇ ਨੌਜਵਾਨਾਂ ਦੋਵਾਂ ਨੂੰ ਬਰਬਾਦ ਕਰ ਦਿੱਤਾ ਅਤੇ ਖੇਤੀਬਾੜੀ ਖੇਤਰ ਵੱਲ ਬਹੁਤ ਘੱਟ ਧਿਆਨ ਦਿੱਤਾ। ਸਾਡੀ ਸਰਕਾਰ ਖੇਤੀਬਾੜੀ ਨੂੰ ਮਜ਼ਬੂਤ ਕਰਨ, ਕਿਸਾਨਾਂ ਦੀ ਆਮਦਨ ਵਿੱਚ ਸੁਧਾਰ ਕਰਨ ਅਤੇ ਪੰਜਾਬ ਦੇ ਲੋਕਾਂ ਲਈ ਬਿਹਤਰ ਮੌਕੇ ਪੈਦਾ ਕਰਨ ਲਈ ਕੰਮ ਕਰ ਰਹੀ ਹੈ, ਉਨ੍ਹਾਂ ਕਿਹਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਖੇਤੀਬਾੜੀ ਯੋਜਨਾਵਾਂ ਵਿੱਚ ਸਾਹਮਣੇ ਆਏ ਵਿਵਾਦਾਂ ਅਤੇ ਬੇਨਿਯਮੀਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ, ਅਜਿਹੇ ਵਿਵਾਦਾਂ ਅਤੇ ਬੇਨਿਯਮੀਆਂ ਨੇ ਪੰਜਾਬ ਦੇ ਕਿਸਾਨ ਭਾਈਚਾਰੇ ਦੇ ਹਿੱਤਾਂ ਅਤੇ ਵਿਸ਼ਵਾਸ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ। ਅਸੀਂ ਪੂਰੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਜਵਾਬਦੇਹ ਬਣਾਇਆ ਹੈ ਅਤੇ ਗਲਤ ਕੰਮਾਂ ਵਿੱਚ ਸ਼ਾਮਲ ਪਾਏ ਜਾਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰ ਰਹੇ ਹਾਂ। ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਹੋਰ ਵੀ ਮੌਜੂਦ ਸਨ।




## ਆਯੁਸ਼ਮਾਨ ਅਰੋਗਿਆ ਕੇਂਦਰ ਚੂਸਲੇਵੜ ਵਿਖੇ ਲਗਾਇਆ ਮੁਫ਼ਤ ਆਯੁਸ਼ ਕੈਂਪ



**ਤਰਨ ਤਾਰਨ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਯੁਸ਼ ਮੰਤਰਾਲੇ ਵੱਲੋਂ ਲੋਕਾਂ ਨੂੰ ਆਯੁਰਵੇਦ ਅਤੇ ਹੋਮਿਓਪੈਥੀ ਇਲਾਜ ਪ੍ਰਤੀ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ 'ਤੇ ਲਗਾਏ ਜਾ ਰਹੇ 10 ਆਯੁਸ਼ ਕੈਂਪਾਂ ਦੀ ਲੜੀ ਤਹਿਤ ਅੱਜ ਆਯੁਸ਼ਮਾਨ ਅਰੋਗਿਆ ਕੇਂਦਰ ਚੂਸਲੇਵੜ ਵਿਖੇ ਮੁਫ਼ਤ ਆਯੁਸ਼ ਕੈਂਪ ਲਗਾਇਆ ਗਿਆ।

ਇਹ ਕੈਂਪ ਡਾਇਰੈਕਟਰ ਆਯੁਰਵੇਦਾ ਪੰਜਾਬ ਡਾ. ਰਮਨ ਖੰਨਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਆਯੁਰਵੇਦਿਕ/ਯੂਨਾਨੀ ਅਫ਼ਸਰ ਡਾ. ਸੰਦੀਪ ਸ਼੍ਰੀਧਰ ਜੀ ਅਤੇ ਜ਼ਿਲ੍ਹਾ ਹੋਮਿਓਪੈਥਿਕ ਅਫ਼ਸਰ ਡਾ. ਰੁਪਿੰਦਰ ਕੌਰ ਦੀ ਅਗਵਾਈ ਵਿੱਚ ਆਯੋਜਿਤ ਕੀਤਾ ਗਿਆ।

ਕੈਂਪ ਦੌਰਾਨ ਆਯੁਰਵੇਦਿਕ ਅਤੇ ਹੋਮਿਓਪੈਥਿਕ ਮਾਹਿਰ ਡਾਕਟਰਾਂ ਵੱਲੋਂ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਦੀ ਸਿਹਤ ਜਾਂਚ ਕੀਤੀ ਗਈ। ਇਸ ਮੌਕੇ ਆਯੁਰਵੇਦਿਕ ਵਿਭਾਗ ਵੱਲੋਂ 375 ਅਤੇ ਹੋਮਿਓਪੈਥਿਕ ਵਿਭਾਗ ਵੱਲੋਂ 352, ਕੁੱਲ 727 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ। ਜਾਂਚ ਉਪਰੰਤ ਮਰੀਜ਼ਾਂ ਨੂੰ ਲੋੜ ਅਨੁਸਾਰ ਮੁਫ਼ਤ ਆਯੁਰਵੇਦਿਕ ਅਤੇ ਹੋਮਿਓਪੈਥਿਕ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ।

ਕੈਂਪ ਦਾ ਉਦਘਾਟਨ ਪੰਚਾਇਤ ਮੈਂਬਰ ਗੁਰਮੀਤ ਸਿੰਘ, ਬਾਬਾ ਅਜੀਤ ਸਿੰਘ ਅਤੇ ਹਰਵਿੰਦਰ ਸਿੰਘ ਵੱਲੋਂ ਕੀਤਾ ਗਿਆ।

ਕੈਂਪ ਨੂੰ ਸਫ਼ਲ ਬਣਾਉਣ ਵਿੱਚ ਆਯੁਰਵੇਦਿਕ ਵਿਭਾਗ ਵੱਲੋਂ ਡਾ. ਮਨਵਿੰਦਰ ਕੌਰ, ਡਾ. ਚਾਰੂ ਅਰੋੜਾ, ਰਾਜਿੰਦਰ, ਅਨੀਤਾ, ਅਮਰਜੀਤ ਕੌਰ ਅਤੇ ਹੋਮਿਓਪੈਥਿਕ ਵਿਭਾਗ ਵੱਲੋਂ ਡਾ. ਜਤਿੰਦਰ ਸਿੱਧੂ, ਡਾ. ਮੀਨਾਕਸ਼ੀ ਮੱਟੂ, ਬਲਜੀਤ ਕੌਰ ਅਤੇ ਹਰਜੀਤ ਕੌਰ ਫਾਰਮਾਸਿਸਟ ਨੇ ਆਪਣੀਆਂ ਸੇਵਾਵਾਂ ਨਿਭਾਈਆਂ।

## ਸ਼ੱਕੀ ਹਾਲਤਾਂ ਵਿੱਚ ਨੌਜਵਾਨ ਦੀ ਮੌਤ ਨੇ ਖੜ੍ਹੇ ਕੀਤੇ ਸਵਾਲ

**ਮਾਛੀਵਾੜਾ ਸਾਹਿਬ, 19 ਸਤੰਬਰ**
**-ਸਤੀਸ਼ ਕੁਮਾਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿਨ ਪ੍ਰਤੀ ਦਿਨ ਇਨਸਾਨੀਅਤ ਹੁੰਦੀ ਜਾ ਰਹੀ ਹੈ ਸ਼ਰਮਸਾਰ ਮਨੁੱਖੀ ਰਿਸ਼ਤੇ ਹੋ ਰਹੇ ਨੇ ਤਾਰੋ ਪੀੜ , ਜੀ ਹਾਂ ਇਹਨਾਂ ਰਿਸ਼ਤਿਆਂ ਦੀ ਤਰਾਸ਼ਦੀ ਨੂੰ ਬਿਆਨ ਕਰਦੀ ਹੈ ਨੇੜਲੇ ਪਿੰਡ ਸ਼ਤਾਬਗੜ੍ਹ ਦੇ ਨੌਜਵਾਨ ਅਮਨਦੀਪ ਸਿੰਘ (19) ਦੀ ਸ਼ੱਕੀ ਹਾਲਤਾਂ ਵਿਚ ਮੌਤ ॥ ਮ੍ਰਿਤਕ ਦੇ ਭਰਾ ਰਿੰਕੂ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਸਦਾ ਛੋਟਾ ਭਰਾ ਅਮਨਦੀਪ ਸਿੰਘ 14 ਸਤੰਬਰ ਨੂੰ ਕਰੀਬ 3 ਵਜੇ ਮੋਟਰਸਾਈਕਲ 'ਤੇ ਗਿਆ ਅਤੇ ਘਰ ਵਾਪਸ ਨਹੀਂ ਆਇਆ। ਜਦੋਂ ਉਸਦੀ ਤਲਾਸ਼ ਕੀਤੀ ਗਈ ਤਾਂ ਪਤਾ ਲੱਗਿਆ ਕਿ ਉਹ ਆਪਣੇ ਦੋਸਤਾਂ ਨਾਲ ਗਿਆ ਹੈ ਜੋ ਕਿ ਨਸ਼ਾ ਕਰਨ ਦੇ ਆਦੀ ਹਨ। ਪਰਿਵਾਰ ਵਲੋਂ ਅਮਨਦੀਪ ਸਿੰਘ ਨੂੰ ਕਈ ਵਾਰ ਫੋਨ ਵੀ ਕੀਤਾ ਪਰ ਉਹ ਬੰਦ ਆ ਰਿਹਾ ਸੀ। ਦੂਸਰੇ ਦਿਨ 15 ਸਤੰਬਰ ਨੂੰ ਉਹ ਤਲਾਸ਼ ਕਰਦੇ ਹੋਏ ਖੇਤਾਂ ਵਿਚ ਪੁੱਜੇ ਤਾਂ ਦੇਖਿਆ ਕਿ ਅਮਨਦੀਪ ਸਿੰਘ ਗਿਰਿਆ ਹੋਇਆ ਸੀ ਜਿਸ ਦੇ ਕੋਲ ਉਸਦਾ ਮੋਟਰਸਾਈਕਲ ਖੜ੍ਹਾ ਸੀ। ਰਿੰਕੂ ਨੇ ਦੱਸਿਆ ਕਿ ਉਸਦਾ ਭਰਾ ਅਮਨਦੀਪ ਸਿੰਘ ਬੜੇ ਔਖੇ-ਔਖੇ ਸਾਹ ਲੈ ਰਿਹਾ ਸੀ ਜਿਸ ਦੀ ਨਾਜ਼ੁਕ ਹਾਲਤ ਨੂੰ ਦੇਖਦਿਆਂ ਮਾਛੀਵਾੜਾ ਹਸਪਤਾਲ ਲਿਆਂਦਾ ਗਿਆ। ਡਾਕਟਰਾਂ ਵਲੋਂ ਉਸਦੀ ਗੰਭੀਰ ਹਾਲਤ ਨੂੰ ਦੇਖਦਿਆਂ ਸਿਵਲ ਹਸਪਤਾਲ ਸਮਰਾਲਾ ਰੈਫ਼ਰ ਕਰ ਦਿੱਤਾ ਜਿੱਥੋਂ ਫਿਰ 32 ਸੈਕਟਰ ਚੰਡੀਗੜ੍ਹ ਲੈ ਗਏ। ਚੰਡੀਗੜ੍ਹ ਹਸਪਤਾਲ ਵਿਖੇ ਡਾਕਟਰਾਂ ਨੇ ਅਮਨਦੀਪ ਸਿੰਘ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਮਾਛੀਵਾੜਾ ਪੁਲਸ ਵਲੋਂ ਲਾਸ਼ ਨੂੰ ਕਬਜੇ 'ਚ ਕਰ ਪੋਸਟ ਮਾਰਟਮ ਕਰਵਾ ਦਿੱਤਾ ਗਿਆ ਹੈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਸਬੰਧੀ ਦੋ ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ

**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**

ਜਨਗਣਨਾ-2027 ਦੇ ਫੇਜ਼-99 (ਆਬਾਦੀ ਦੀ ਗਿਣਤੀ) ਸਬੰਧੀ ਦੋ ਰੋਜ਼ਾ ਸਿਖਲਾਈ ਪ੍ਰੋਗਰਾਮ 17 ਤੋਂ 18 ਸਤੰਬਰ 2026 ਤੱਕ ਬੱਚਤ ਭਵਨ, ਫਤਹਿਗੜ੍ਹ ਸਾਹਿਬ ਵਿਖੇ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਜ ਅਫਸਰ ਡਾ. ਸੋਨਾ ਥਿੰਦ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਇਸ ਟ੍ਰੇਨਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ)-ਕਮ-ਵਧੀਕ ਜ਼ਿਲ੍ਹਾ ਸੈਂਸਜ ਅਫਸਰ ਸ਼੍ਰੀਮਤੀ ਅਮਰਬੀਰ ਕੌਰ ਭੁੱਲਰ ਦੀ ਹਾਜ਼ਰੀ ਵਿੱਚ ਜਨਗਣਨਾ ਵਿਭਾਗ, ਪੰਜਾਬ ਤੋ ਸਹਾਇਕ ਡਾਇਰੈਕਟਰ ਸ਼੍ਰੀਮਤੀ ਰੇਨੂੰ ਅਤੇ ਜਿਲਾ ਕੋਆਰਡੀਨੇਟਰ ਸ਼੍ਰੀ ਚੰਨਪ੍ਰੀਤ ਸਿੰਘ ਵੱਲੋਂ ਸਬੰਧਤ ਅਧਿਕਾਰੀ ਅਤੇ ਕਰਮਚਾਰੀਆਂ ਨੂੰ ਜਨਗਣਨਾ-2027 ਦੇ ਫੇਜ਼-99 ਸਬੰਧੀ ਵਿਸਥਾਰਪੂਰਵਕ ਸਿਖਲਾਈ ਦਿੱਤੀ ਗਈ।

ਸਹਾਇਕ ਡਾਇਰੈਕਟਰ ਸ਼੍ਰੀਮਤੀ ਰੇਨੂੰ ਨੇ ਦੱਸਿਆ ਕਿ ਇਹ ਜਨਗਣਨਾ ਪਹਿਲੀ ਵਾਰ ਡਿਜ਼ੀਟਲ ਮੋਡ ਵਿੱਚ ਕੀਤੀ ਜਾ ਰਹੀ ਹੈ।ਇਸ ਜਨਗਣਨਾ ਵਿੱਚ 'ਸੈਲਫ ਇਨੁਮੀਰੇਸ਼ਨ' ਦੇ ਕੰਮ ਵਜੋਂ ਪਹਿਲ ਕੀਤੀ ਗਈ, ਜਿਸ ਵਿੱਚ ਕੋਈ ਵੀ ਨਾਗਰਿਕ ਆਪਣੇ ਘਰ ਦੀ ਗਿਣਤੀ ਮਿਤੀ 16 ਨਵੰਬਰ 2026 ਤੋਂ 30 ਨਵੰਬਰ 2026 ਤੱਕ ਆਪ ਕਰ ਸਕਦਾ ਹੈ। ਇਸ ਉਪਰੰਤ ਜਨਗਣਨਾ ਦੇ ਦੂਜੇ ਪੜਾਣ ਤਹਿਤ 01 ਦਸੰਬਰ 2026 ਤੋਂ 04 ਜਨਵਰੀ 2027 ਤੱਕ ਜਨਗਣਨਾ ਕੀਤੀ ਜਾਣੀ ਹੈ, ਜਿਸ ਵਿੱਚ ਇਨੁਮੀਰੇਟਰ ਲੋਕਾਂ ਦੇ ਘਰ-ਘਰ ਜਾ ਕੇ ਜਨਗਣਨਾ ਦਾ ਕੰਮ ਕਰਨਗੇ ਅਤੇ ਨਾਗਰਿਕਾਂ ਨੂੰ 40 ਸਵਾਲ ਪੁੱਛੇ ਜਾਣਗੇ।

ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਕਰਵਾਏ ਜਾ ਰਹੇ ਜਨਗਣਨਾ ਦੇ ਇਸ ਕੰਮ ਵਿਚ ਪੂਰਨ ਸਹਿਯੋਗ ਕਰਨ। ਇਸ ਟ੍ਰੇਨਿੰਗ ਵਿਚ ਦਫਤਰ ਉਪ ਅਰਥ ਅਤੇ ਅੰਕੜਾ ਸਲਾਹਕਾਰ ਵਲੋਂ ਸਹਾਇਕ ਖੋਜ ਅਫਸਰ ਹਰਮਨਦੀਪ ਕੌਰ, ਇਕਬਾਲ ਸਿੰਘ, ਅਮਨਿੰਦਰ ਸਿੰਘ, ਮਨੀਸ਼ ਕੁਮਾਰ ਅਤੇ ਸਮੂਹ ਚਾਰਜ ਅਫਸਰਾ ਤਹਿਸੀਲਦਾਰਾਂ, ਨਗਰ ਕੌਸਲਾਂ/ਨਗਰ ਪੰਚਾਇਤਾਂ ਦੇ ਕਾਰਜਸਾਧਕ ਅਫਸਰਾਂ ਅਤੇ ਸਬੰਧਤ ਚਾਰਜ ਅਫਸਰਾ ਦੇ ਕਲਰਕ ਅਤੇ ਤਕਨੀਕੀ ਸਹਾਇਕ ਹਾਜਰ ਸਨ।



## ਹਲਕਾ ਸਨੌਰ 'ਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵਿਸ਼ੇਸ਼ ਸਮਾਗਮ, ਐਸ.ਡੀ.ਐਮ. ਅਤੇ ਡੀ.ਐਸ.ਪੀ. ਸਮੇਤ ਸਰਪੰਚ ਤੇ ਆਗੂ ਵੀ ਰਹੇ ਮੌਜੂਦ

**ਸਨੌਰ,19 ਸਤੰਬਰ/-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ-ਮੁਕਤ ਅਤੇ ਮੁੜ 'ਰੰਗਲਾ ਪੰਜਾਬ' ਬਣਾਉਣ ਲਈ ਸ਼ੁਰੂ ਕੀਤੀ ਗਈ ਵਿਸ਼ੇਸ਼ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਹਲਕਾ ਸਨੌਰ ਦੇ ਦੇਵੀਗੜ੍ਹ ਵਿਖੇ ਇੱਕ ਨਿਜੀ ਪੈਲੇਸ ਵਿੱਚ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਹਲਕੇ ਦੇ ਸਮੂਹ ਸਰਪੰਚਾਂ (ਕਨਵੀਨਰਾਂ), ਐਕਟਿਵ ਪ੍ਰੈਸੀਡੈਂਟਾਂ ਅਤੇ ਪਾਰਟੀ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ, ਜਦਕਿ ਪ੍ਰਸ਼ਾਸਨ ਵੱਲੋਂ ਐਸ.ਡੀ.ਐਮ. ਹਰਜੋਤ ਕੌਰ ਅਤੇ ਡੀ.ਐਸ.ਪੀ. ਰਣਬੀਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਸੰਬੋਧਨ ਕਰਦਿਆਂ ਪੰਜਾਬ ਦੀ ਨੌਜਵਾਨੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਸੁਨਹਿਰੀ ਭਵਿੱਖ ਨੂੰ ਬਚਾਉਣ ਲਈ ਪ੍ਰਸ਼ਾਸਨ ਤੇ ਲੋਕਾਂ ਨੂੰ ਇਕਜੁੱਟ ਹੋ ਕੇ ਹੰਭਲਾ ਮਾਰਨ ਦਾ ਸੱਦਾ ਦਿੱਤਾ।

ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਇਹ ਸਿਰਫ਼ ਕੋਈ ਰਸਮੀ ਮੀਟਿੰਗ ਨਹੀਂ, ਸਗੋਂ ਪੰਜਾਬ ਦੀ ਹੋਂਦ ਨੂੰ ਬਚਾਉਣ ਦੀ ਲੜਾਈ ਹੈ। ਉਨ੍ਹਾਂ ਕਿਹਾ ਕਿ ਨਸ਼ਾ ਘਰਾਂ ਦੇ ਚਿਰਾਗ਼ ਬੁਝਾ ਰਿਹਾ ਹੈ ਅਤੇ ਜਦੋਂ ਤੱਕ ਸਮਾਜ ਦਾ ਹਰ ਵਰਗ ਪ੍ਰਸ਼ਾਸਨ ਦੇ ਨਾਲ ਮਿਲ ਕੇ ਅੱਗੇ ਨਹੀਂ ਆਉਂਦਾ, ਓਦੋਂ ਤੱਕ ਇਸ ਅਲਾਮਤ ਨੂੰ ਜੜ੍ਹੋਂ ਨਹੀਂ ਪੁੱਟਿਆ ਜਾ ਸਕਦਾ। ਹਡਾਣਾ ਨੇ ਹਲਕੇ ਦੇ ਸਮੂਹ ਸਰਪੰਚਾਂ ਅਤੇ ਵਲੰਟੀਅਰਾਂ ਨੂੰ ਅਪੀਲ ਕੀਤੀ ਕਿ ਪਿੰਡ ਪੱਧਰ 'ਤੇ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾਵੇ। ਉਨ੍ਹਾਂ ਸਖ਼ਤ ਚਿਤਾਵਨੀ ਦਿੱਤੀ ਕਿ ਮਾਨ ਸਰਕਾਰ ਦਾ ਸਟੈਂਡ ਬਿਲਕੁਲ ਸਪੱਸ਼ਟ ਹੈ ਕਿ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲਾ ਵਿਅਕਤੀ ਭਾਵੇਂ ਜਿੰਨੀ ਮਰਜ਼ੀ ਪਹੁੰਚ ਵਾਲਾ ਹੋਵੇ, ਉਸ ਨੂੰ ਕਿਸੇ ਵੀ ਹਾਲਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ। ਹਡਾਣਾ ਨੇ ਅੱਗੇ ਕਿਹਾ ਕਿ ਪੁਲਿਸ-ਪ੍ਰਸ਼ਾਸਨ ਅਤੇ ਪਿੰਡਾਂ ਦੀਆਂ ਪੰਚਾਇਤਾਂ ਆਪਸੀ ਤਾਲਮੇਲ ਨਾਲ ਨਿਗਰਾਨ ਕਮੇਟੀਆਂ ਬਣਾਉਣ। ਉਨ੍ਹਾਂ ਜ਼ੋਰ ਦਿੱਤਾ ਕਿ ਭਟਕ ਕੇ ਨਸ਼ੇ ਦੇ ਜਾਲ ਵਿੱਚ ਫਸ ਚੁੱਕੇ ਨੌਜਵਾਨਾਂ ਨਾਲ ਨਫ਼ਰਤ ਕਰਨ ਦੀ ਬਜਾਏ ਉਨ੍ਹਾਂ ਦਾ ਸਹੀ ਇਲਾਜ ਕਰਵਾ ਕੇ ਮੁੱਖ ਧਾਰਾ ਵਿੱਚ ਲਿਆਂਦਾ ਜਾਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਹਲਕੇ ਦੇ ਸਕੂਲਾਂ ਵਿੱਚ ਬਿਹਤਰ ਸੁਵਿਧਾਵਾਂ, ਖੇਡ ਮੈਦਾਨਾਂ ਦੀ ਉਸਾਰੀ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਕਰ ਰਹੀ ਹੈ ਤਾਂ ਜੋ ਨੌਜਵਾਨਾਂ ਦੀ ਊਰਜਾ ਸਹੀ ਪਾਸੇ ਲੱਗੇ। ਇਸ ਮੌਕੇ ਐਸ.ਡੀ.ਐਮ. ਡੀ.ਐਸ.ਪੀ., ਸਮੂਹ ਪੰਚਾਇਤੀ ਨੁਮਾਇੰਦਿਆਂ ਅਤੇ ਆਗੂਆਂ ਨੇ ਹਲਕਾ ਸਨੌਰ ਦੇ ਹਰ ਪਿੰਡ ਅਤੇ ਗਲੀ ਨੂੰ ਨਸ਼ਾ-ਮੁਕਤ ਕਰਨ ਦਾ ਸਾਂਝਾ ਪ੍ਰਣ ਲਿਆ। ਇਸ ਮੌਕੇ ਚੈਅਰਮੈਨ ਬਲਦੇਵ ਸਿੰਘ ਦੇਵੀਗੜ੍ਹ, ਚੈਅਰਮੈਨ ਹੈਪੀ ਪਹਾੜੀਪੁਰ, ਚੈਅਰਮੈਨ ਚਰਨਜੀਤ ਸਿੰਘ ਨੈਣਾ, ਚੇਅਰਮੈਨ ਹਨੀ ਮਾਹਲਾ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਵਾਈਸ ਚੇਅਰਮੈਨ ਸਿਮਰਜੀਤ ਸਿੰਘ ਸੋਹਲ, ਨਸ਼ਾ ਮੁਕਤੀ ਮੋਰਚਾ ਤੋਂ ਬਲਜਿੰਦਰ ਸਰਾਓ ਜ਼ਿਲ੍ਹਾ ਕੋਆਰਡੀਨੇਟਰ, ਗੁਰਮੀਤ ਸਿੰਘ ਪੰਜੋਲਾ ਹਲਕਾ ਕੋਆਰਡੀਨੇਟਰ , ਵਾਈਸ ਹਲਕਾ ਕੋਆਰਡੀਨੇਟਰ ਗੁਰਮੀਤ ਅਸਰਪੁਰ, ਵਾਈਸ ਹਲਕਾ ਕੋਆਰਡੀਨੇਟਰ ਮਦਨ ਲਾਲ, ਸੀਨੀਅਰ ਵਾਈਸ ਪ੍ਰਧਾਨ ਯੁਵਰਾਜ ਸਿੰਘ, ਸਰਪੰਚ ਰਾਜਾ ਧੰਜੂ, ਮੀਤ ਪ੍ਰਧਾਨ ਲਖਵੀਰ ਸਿੰਘ ਦੇਵੀਗੜ੍ਹ, ਜ਼ਿਲ੍ਹਾ ਪ੍ਰਧਾਨ ਬੀ ਸੀ ਵਿੰਗ ਮਨਿੰਦਰ ਫ਼੍ਰਾਂਸਵਾਲਾ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਰਾਮ ਇੰਦਰ ਸਿੰਘ ਜਮਨਾ, ਸਰਪੰਚ ਬਲਵਿੰਦਰ ਕੌਰ, ਸਰਪੰਚ ਗੁਰਪ੍ਰੀਤ ਸਿੰਘ, ਮੈਂਬਰ ਬਲਾਕ ਸੰਮਤੀ ਭੂਸ਼ਣ, ਬਲਾਕ ਪ੍ਰਧਾਨ ਅਮਨ ਸ਼ਾਦੀਪੁਰ, ਵੀ ਡੀ ਸੀ ਦੇ ਸਾਰੇ ਆਗੂ ਤੇ ਹੋਰ ਮੈਂਬਰ ਸਹਿਬਾਨਾਂ ਤੋਂ ਇਲਾਵਾ ਸੈਂਕੜੇ ਸਰਪੰਚ-ਪੰਚ, ਬਲਾਕ ਪ੍ਰਧਾਨ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ।





# ਹਰਿਆਣਾ ਖ਼ਬਰਨਾਮਾ



## ਕੈਥਲ ’ਚ ਗੀਤ ਦੀ ਸ਼ੂਟਿੰਗ ਦੌਰਾਨ ਹਥਿਆਰਾਂ ਦਾ ਪ੍ਰਦਰਸ਼ਨ, ਆਰ ਨੈਤ ਦੀ ਟੀਮ ਨੂੰ ਪੁਲਿਸ ਦਾ ਨੋਟਿਸ

ਕੈਥਲ, 19 ਸਤੰਬਰ (ਸ਼ਹੀਦ-ਏ-ਆਜ਼ਮ ਬਿਊਰੋ) : ਹਰਿਆਣਾ ਦੇ ਕੈਥਲ ਜ਼ਿਲ੍ਹੇ ਦੇ ਕਲਾਇਤ ਇਲਾਕੇ ਵਿੱਚ ਪੰਜਾਬੀ ਗਾਇਕ ਆਰ ਨੈਤ ਦੇ ਇੱਕ ਗੀਤ ਦੀ ਸ਼ੂਟਿੰਗ ਦੌਰਾਨ ਕਥਿਤ ਤੌਰ ’ਤੇ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ ਦਾ ਮਾਮਲਾ ਸਾਹਮਣੇ ਆਇਆ ਹੈ। ਸ਼ੂਟਿੰਗ ਨਾਲ ਸਬੰਧਤ ਵੀਡੀਓ ਸੋਸ਼ਲ ਮੀਡੀਆ ’ਤੇ ਸਾਹਮਣੇ ਆਉਣ ਤੋਂ ਬਾਅਦ ਪੁਲਿਸ ਨੇ ਮਾਮਲੇ ਦਾ ਨੋਟਿਸ ਲਿਆ। ਰਿਪੋਰਟਾਂ ਮੁਤਾਬਕ ਸ਼ੂਟਿੰਗ ਕਮਾਲਪੁਰ ਪਿੰਡ ਵਿੱਚ ਹੋਈ ਸੀ। ਵੀਡੀਓ ਵਿੱਚ ਸ਼ੂਟਿੰਗ ਟੀਮ ਦੇ ਕੁਝ ਮੈਂਬਰਾਂ ਵੱਲੋਂ ਹਥਿਆਰ ਫੜੇ ਹੋਏ ਦਿਖਾਈ ਦੇਣ ਤੋਂ ਬਾਅਦ ਪੁਲਿਸ ਨੇ ਜਾਂਚ ਸ਼ੁਰੂ ਕੀਤੀ। ਇਸ ਮਾਮਲੇ ਵਿੱਚ ਗਾਇਕ ਆਰ ਨੈਤ ਦੀ ਟੀਮ ਨਾਲ ਜੁੜੇ ਡਾਇਰੈਕਟਰ/ਪ੍ਰੋਡਿਊਸਰ ਪਰਮ ਚਾਹਲ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਗਿਆ ਹੈ।

ਡੀਐਸਪੀ ਬੀਰ ਭਾਨ ਦੇ ਹਵਾਲੇ ਨਾਲ ਰਿਪੋਰਟਾਂ ਵਿੱਚ ਕਿਹਾ ਗਿਆ ਹੈ ਕਿ ਬਿਨਾਂ ਇਜਾਜ਼ਤ ਇਸ ਤਰ੍ਹਾਂ ਹਥਿਆਰਾਂ ਦਾ ਜਨਤਕ ਪ੍ਰਦਰਸ਼ਨ ਕਰਨ ਦੀ ਇਜਾਜ਼ਤ ਨਹੀਂ ਹੈ। ਪੁਲਿਸ ਦਾ ਕਹਿਣਾ ਹੈ ਕਿ ਨੋਟਿਸ ਦੇ ਜਵਾਬ ਅਤੇ ਜਾਂਚ ਵਿੱਚ ਸਾਹਮਣੇ ਆਉਣ ਵਾਲੇ ਤੱਥਾਂ ਦੇ ਆਧਾਰ ’ਤੇ ਅਗਲੀ ਕਾਰਵਾਈ ਕੀਤੀ ਜਾਵੇਗੀ। ਮਾਮਲੇ ਵਿੱਚ ਮਾਡਲ-ਅਦਾਕਾਰਾ ਸ਼ਿਵਾ ਚੌਧਰੀ ਦੀ ਮੌਜੂਦਗੀ ਦਾ ਵੀ ਰਿਪੋਰਟਾਂ ਵਿੱਚ ਜ਼ਿਕਰ ਹੈ।

ਹਾਲਾਂਕਿ, ਹੁਣ ਤੱਕ ਉਪਲਬਧ ਜਾਣਕਾਰੀ ਮੁਤਾਬਕ ਪੁਲਿਸ ਦੀ ਕਾਰਵਾਈ ਮੁੱਖ ਤੌਰ ’ਤੇ ਸ਼ੂਟਿੰਗ ਦੌਰਾਨ ਹੋਏ ਕਥਿਤ ਹਥਿਆਰ ਪ੍ਰਦਰਸ਼ਨ ਅਤੇ ਇਸ ਦੀ ਇਜਾਜ਼ਤ ਨਾਲ ਸਬੰਧਤ ਜਾਂਚ ’ਤੇ ਕੇਂਦਰਿਤ ਹੈ। ਪੁਲਿਸ ਨੇ ਸੋਸ਼ਲ ਮੀਡੀਆ ਅਤੇ ਮਿਊਜ਼ਿਕ ਵੀਡੀਓਜ਼ ਵਿੱਚ ਹਥਿਆਰਾਂ ਦੇ ਬੇਲੋੜੇ ਪ੍ਰਦਰਸ਼ਨ ਤੋਂ ਬਚਣ ਦੀ ਅਪੀਲ ਕੀਤੀ ਹੈ। ਫਿਲਹਾਲ ਨੋਟਿਸ ਜਾਰੀ ਹੋਣਾ ਜਾਂਚ ਦੀ ਪ੍ਰਕਿਰਿਆ ਦਾ ਹਿੱਸਾ ਹੈ; ਕਿਸੇ ਵਿਅਕਤੀ ਵਿਰੁੱਧ ਦੋਸ਼ ਸਾਬਤ ਹੋਣ ਦੀ ਪੁਸ਼ਟੀ ਨਹੀਂ ਹੋਈ।

## ਤਕਨੀਕੀ ਪ੍ਰਦਰਸ਼ਨੀ ਕੇਂਦਰ ਸੇਵਾਖੇੜੀ, ਪਾਣੀਪਤ ਵਿਖੇ ਆਲੂ ਦੇ ਉੱਨਤ ਬੀਜਾਂ ਦੀ ਵਿਕਰੀ ਸ਼ੁਰੂ

**ਚੰਡੀਗੜ੍ਹ, 19 ਸਤੰਬਰ**
**-ਜੀ. ਐਸ. ਤੁੰਗ-**

ਹਰਿਆਣਾ ਦੇ ਬਾਗ਼ਬਾਨੀ ਵਿਭਾਗ ਵੱਲੋਂ ਸਥਾਪਤ ਪਾਣੀਪਤ ਸਥਿਤ ਤਕਨੀਕੀ ਪ੍ਰਦਰਸ਼ਨੀ ਕੇਂਦਰ ਸੇਵਾਖੇੜੀ ਵਿੱਚ ਸਾਲ 2026-27 ਲਈ ਵੱਖ-ਵੱਖ ਕਿਸਮਾਂ ਦੇ ਮਿਆਰੀ ਆਲੂ ਬੀਜ ਵਿਕਰੀ ਲਈ ਉਪਲਬਧ ਹਨ।

ਇੱਕ ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚਾਹਵਾਨ ਕਿਸਾਨ ਵਿਭਾਗ ਦੇ Hortsalenet ਪੋਰਟਲ ’ਤੇ ਆਨਲਾਈਨ ਬੁਕਿੰਗ ਅਤੇ ਭੁਗਤਾਨ ਕਰਕੇ ਇਸ ਕੇਂਦਰ ਤੋਂ ਸਿੱਧੇ ਆਲੂ ਬੀਜ ਪ੍ਰਾਪਤ ਕਰ ਸਕਦੇ ਹਨ। ਕੇਂਦਰ ਵਿਖੇ ਆਲੂ ਦੀਆਂ ਉੱਨਤ ਕਿਸਮਾਂ ਜਿਵੇਂ ਕਿ ਕੁੱਫ਼ਰੀ ਪੁਖਰਾਜ ਜੀ-3, ਕੁੱਫ਼ਰੀ ਮੋਹਨ ਜੀ-4, ਕੁੱਫ਼ਰੀ ਨੀਲਕੰਠ ਜੀ-4, ਕੁੱਫ਼ਰੀ ਖਿਆਤੀ ਜੀ-1 ਅਤੇ ਕੁੱਫ਼ਰੀ ਉਦੈ ਜੀ-1 ਵਿਕਰੀ ਲਈ ਉਪਲਬਧ ਕਰਵਾਈਆਂ ਗਈਆਂ ਹਨ। ਬੁਲਾਰੇ ਨੇ ਅੱਗੇ ਦੱਸਿਆ ਕਿ ਆਲੂ ਬੀਜ ਦੀ ਖਰੀਦ ’ਪਹਿਲਾਂ ਆਓ, ਪਹਿਲਾਂ ਪਾਓ’ ਯੋਜਨਾ ਦੇ ਆਧਾਰ ’ਤੇ ਕੀਤੀ ਜਾ ਰਹੀ ਹੈ। ਕਿਸਾਨ ਬਾਗ਼ਬਾਨੀ ਵਿਭਾਗ ਦੀ Hortsalenet ਵੈੱਬਸਾਈਟ ਰਾਹੀਂ ਸਮਾਂ ਰਹਿੰਦਿਆਂ ਆਪਣੇ ਬੀਜ ਦੀ ਬੁਕਿੰਗ ਯਕੀਨੀ ਬਣਾ ਸਕਦੇ ਹਨ।

## ਭਿਵਾਨੀ ਵਿੱਚ 10 ਹਜ਼ਾਰ ਦੀ ਰਿਸ਼ਵਤ ਲੈਂਦਾ ਕਾਨੂੰਨਗੋ ਰੰਗੇ ਹੱਥੀਂ ਕਾਬੂ

**ਭਿਵਾਨੀ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਭਿਵਾਨੀ ਵਿੱਚ ਵਿਜੀਲੈਂਸ/ਐਂਟੀ ਕਰੱਪਸ਼ਨ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਕਾਰਵਾਈ ਕਰਦਿਆਂ ਫੀਲਡ ਕਾਨੂੰਨਗੋ ਅਸ਼ੋਕ ਕੁਮਾਰ ਨੂੰ ਕਥਿਤ ਤੌਰ ’ਤੇ 10,000 ਰੁਪਏ ਦੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਅਧਿਕਾਰੀਆਂ ਮੁਤਾਬਕ ਕਾਰਵਾਈ ਇੱਕ ਸ਼ਿਕਾਇਤ ਦੇ ਆਧਾਰ ’ਤੇ ਟ੍ਰੈਪ ਲਗਾ ਕੇ ਕੀਤੀ ਗਈ ਅਤੇ ਰਿਸ਼ਵਤ ਦੀ ਰਕਮ ਵੀ ਬਰਾਮਦ ਕੀਤੀ ਗਈ। ਜਾਣਕਾਰੀ ਅਨੁਸਾਰ ਮਾਮਲਾ ‘ਸਵਾਮਿਤਵ ਯੋਜਨਾ’ ਤਹਿਤ ਪੰਚਾਇਤੀ ਜ਼ਮੀਨ ’ਤੇ ਲੰਬੇ ਸਮੇਂ ਤੋਂ ਕਬਜ਼ੇ ਨਾਲ ਜੁੜਿਆ ਸੀ। ਸ਼ਿਕਾਇਤਕਰਤਾ ਦੇ ਜਾਣਕਾਰ ਨੇ ਮਾਲਕੀ ਹੱਕ ਲਈ ਅਰਜ਼ੀ ਦਿੱਤੀ ਸੀ, ਜਿਸ ਸਬੰਧੀ ਜ਼ਮੀਨ ਦੀ ਪੈਮਾਇਸ਼ ਕਰਕੇ ਰਿਪੋਰਟ ਤਿਆਰ ਕਰ ਅੱਗੇ ਭੇਜੀ ਜਾਣੀ ਸੀ। ਦੋਸ਼ ਹੈ ਕਿ ਕਾਨੂੰਨਗੋ ਨੇ ਇਹ ਰਿਪੋਰਟ ਭੇਜਣ ਦੇ ਬਦਲੇ 10 ਹਜ਼ਾਰ ਰੁਪਏ ਦੀ ਮੰਗ ਕੀਤੀ।

ਸ਼ਿਕਾਇਤ ਮਿਲਣ ਤੋਂ ਬਾਅਦ ਵਿਜੀਲੈਂਸ ਨੇ ਮਾਮਲੇ ਦੀ ਤਸਦੀਕ ਕੀਤੀ ਅਤੇ ਕਥਿਤ ਰਿਸ਼ਵਤ ਦੀ ਮੰਗ ਦੀ ਪੁਸ਼ਟੀ ਹੋਣ ਉਪਰੰਤ ਟ੍ਰੈਪ ਦੀ ਯੋਜਨਾ ਬਣਾਈ। ਨਿਰਧਾਰਤ ਕਾਰਵਾਈ ਤਹਿਤ ਜਿਵੇਂ ਹੀ ਸ਼ਿਕਾਇਤਕਰਤਾ ਨੇ ਰਕਮ ਅਸ਼ੋਕ ਕੁਮਾਰ ਨੂੰ ਦਿੱਤੀ, ਟੀਮ ਨੇ ਉਸ ਨੂੰ ਕਾਬੂ ਕਰ ਲਿਆ। ਇੱਕ ਰਿਪੋਰਟ ਮੁਤਾਬਕ ਸ਼ਿਕਾਇਤਕਰਤਾ ਕੋਲ ਕਥਿਤ ਰਿਸ਼ਵਤ ਮੰਗਣ ਦੀ ਆਡੀਓ ਰਿਕਾਰਡਿੰਗ ਵੀ ਸੀ। ਰਿਪੋਰਟਾਂ ਵਿੱਚ ਅਸ਼ੋਕ ਕੁਮਾਰ ਨੂੰ ਜਾਟੂ ਲੁਹਾਰੀ ਦਾ ਵਸਨੀਕ ਦੱਸਿਆ ਗਿਆ ਹੈ। ਵਿਜੀਲੈਂਸ ਵੱਲੋਂ ਉਸ ਦੇ ਖ਼ਿਲਾਫ਼ ਭਰਿਸ਼ਟਾਚਾਰ ਰੋਕੂ ਕਾਨੂੰਨ (ਪ੍ਰੀਵੈਨਸ਼ਨ ਆਫ ਕਰੱਪਸ਼ਨ ਐਕਟ ) ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।ਕਾਨੂੰਨ ਕੀ ਕਹਿੰਦਾ ਹੈ ?: ਪ੍ਰੀਵੈਨਸ਼ਨ ਆਫ ਕਰੱਪਸ਼ਨ ਐਕਟ ਦੀ ਧਾਰਾ 7 ਅਧੀਨ ਸਰਕਾਰੀ ਕਰਮਚਾਰੀ ਵੱਲੋਂ ਸਰਕਾਰੀ ਡਿਊਟੀ ਨੂੰ ਗਲਤ ਜਾਂ ਬੇਇਮਾਨੀ ਨਾਲ ਪ੍ਰਭਾਵਿਤ ਕਰਨ ਲਈ ਗੈਰਕਾਨੂੰਨੀ ਲਾਭ ਮੰਗਣਾ ਜਾਂ ਲੈਣਾ ਅਪਰਾਧ ਹੈ। ਮੌਜੂਦਾ ਕਾਨੂੰਨ ਅਨੁਸਾਰ ਇਸ ਧਾਰਾ ਹੇਠ 3 ਤੋਂ 7 ਸਾਲ ਤੱਕ ਕੈਦ ਅਤੇ ਜੁਰਮਾਨੇ ਦੀ ਵਿਵਸਥਾ ਹੈ। ਵਿਜੀਲੈਂਸ ਅਧਿਕਾਰੀਆਂ ਅਨੁਸਾਰ ਜਾਂਚ ਦੌਰਾਨ ਮਾਮਲੇ ਨਾਲ ਜੁੜੇ ਦਸਤਾਵੇਜ਼ਾਂ ਅਤੇ ਹੋਰ ਤੱਥਾਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਗ੍ਰਿਫ਼ਤਾਰੀ ਜਾਂ ਐਫ ਆਈ ਆਰ ਆਪਣੇ ਆਪ ਵਿੱਚ ਦੋਸ਼ ਸਾਬਤ ਨਹੀਂ ਕਰਦੀ; ਅੰਤਿਮ ਦੋਸ਼ ਸਾਬਤ ਹੋਣਾ ਦੀ ਪਰਕ੍ਰਿਆ ਅਦਾਲਤੀ ਕਾਰਵਾਈ ਤੋਂ ਬਾਅਦ ਹੀ ਹੋਵੇਗੀ। ਇਸ ਕਾਰਵਾਈ ਨਾਲ ਰੇਵਨਿਊ ਵਿਭਾਗ ਵਿੱਚ ਹਲਚਲ ਪੈਦਾ ਹੋਈ ਹੈ ਅਤੇ ਵਿਜੀਲੈਂਸ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਕਿਸੇ ਸਰਕਾਰੀ ਕੰਮ ਦੇ ਬਦਲੇ ਰਿਸ਼ਵਤ ਮੰਗੇ ਜਾਣ ’ਤੇ ਤੁਰੰਤ ਐਂਟੀ-ਕਰੱਪਸ਼ਨ ਅਧਿਕਾਰੀਆਂ ਨੂੰ ਸੂਚਿਤ ਕੀਤਾ ਜਾਵੇ।

## ਬੰਦੀ ਸਿੰਘਾਂ ਦੀ ਰਿਹਾਈ ਲਈ ਪੰਜਾਬ ਚੋਣਾਂ ਤੋਂ ਪਹਿਲਾਂ ਸ਼ੁਰੂ ਕਰਨਾ ਚਾਹੀਦਾ ਹੈ ਜੇਲ੍ਹ ਭਰੋ ਅੰਦੋਲਨ: ਜਗਦੀਸ਼ ਸਿੰਘ ਝੀਂਡਾ

**ਕੁਰੂਕਸ਼ੇਤਰ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਅੱਜ ਕਿਹਾ ਕਿ ਕੌਮੀ ਇਨਸਾਫ਼ ਮੋਰਚਾ ਅਤੇ ਸਿੱਖ ਕੌਮ ਦੇ ਆਗੂਆਂ ਨੂੰ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ’ਜੇਲ੍ਹ ਭਰੋ ਅੰਦੋਲਨ’ ਸ਼ੁਰੂ ਕਰਕੇ ’ਬੰਦੀ ਸਿੰਘਾਂ’ ਦੀ ਰਿਹਾਈ ਲਈ ਸੰਘਰਸ਼ ਤੇਜ਼ ਕਰਨਾ ਚਾਹੀਦਾ ਹੈ।



ਕੌਮੀ ਇਨਸਾਫ਼ ਮੋਰਚੇ ਨਾਲ ਇਕਜੁੱਟਤਾ ਪ੍ਰਗਟ ਕਰਦਿਆਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂ ਅਤੇ ਸਮਰਥਕ 11 ਸਤੰਬਰ ਤੋਂ ਕੁਰੂਕਸ਼ੇਤਰ ਦੇ ਮੀਰੀ ਪੀਰੀ ਚੌਂਕ ਵਿਖੇ ਰੋਜ਼ਾਨਾ ਇੱਕ ਘੰਟੇ ਦਾ ਪ੍ਰਤੀਕਾਤਮਕ ਧਰਨਾ ਦੇ ਰਹੇ ਹਨ।

ਕਮੇਟੀ ਨੇ 30 ਸਤੰਬਰ ਤੱਕ ਰੋਜ਼ਾਨਾ ਧਰਨਾ ਜਾਰੀ ਰੱਖਣ, 1 ਅਕਤੂਬਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਨਾਂ ਡਿਪਟੀ ਕਮਿਸ਼ਨਰ ਕੁਰੂਕਸ਼ੇਤਰ ਨੂੰ ਮੰਗ ਪੱਤਰ ਸੌਂਪਣ ਅਤੇ ’ਬੰਦੀ ਸਿੰਘਾਂ’ ਦੀ ਰਿਹਾਈ ਦੀ ਮੰਗ ਕਰਨ ਦਾ ਫ਼ੈਸਲਾ ਕੀਤਾ ਹੈ। ਕਮੇਟੀ ਮੈਂਬਰ ਅਤੇ ਸਮਰਥਕ 2 ਅਕਤੂਬਰ ਨੂੰ ਪੰਜਾਬ ਵਿੱਚ ਮੋਰਚੇ ਵੱਲੋਂ ਦਿੱਤੇ ਗਏ ਮਾਰਚ ਦੇ ਸੱਦੇ ਵਿੱਚ ਵੀ ਸ਼ਾਮਲ ਹੋਣਗੇ।ਐੱਚ ਐੱਸ ਜੀ ਐੱਮ ਸੀ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਕਿਹਾ, ÷ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖਾਂ ਦੀ ਰਿਹਾਈ ਕੌਮ ਦੀ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਜਾਇਜ਼ ਮੰਗ ਹੈ, ਪਰ ਇਸ ਮੰਗ ਨੂੰ ਪੂਰਾ ਨਹੀਂ ਕੀਤਾ ਜਾ ਰਿਹਾ। ’ਬੰਦੀ ਸਿੰਘ’ 30 ਸਾਲਾਂ ਤੋਂ ਵੱਧ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਹਨ ਅਤੇ ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਅਸੀਂ ਮੋਰਚੇ ਦੇ ਸੰਘਰਸ਼ ਨੂੰ ਆਪਣਾ ਪੂਰਾ ਸਮਰਥਨ ਦਿੱਤਾ ਹੈ ਅਤੇ ਅਸੀਂ ਸਰਕਾਰ ਨੂੰ ’ਬੰਦੀ ਸਿੰਘਾਂ’ ਨੂੰ ਰਿਹਾਅ ਕਰਨ ਦੀ ਬੇਨਤੀ ਕਰਦੇ ਹਾਂ। ਸਿਰਫ਼ ਧਰਨੇ ਅਤੇ ਮਾਰਚ ਨਾਲ ਕੇਂਦਰ ਸਰਕਾਰ ’ਤੇ ਬਹੁਤਾ ਦਬਾਅ ਨਹੀਂ ਬਣੇਗਾ, ਇਸ ਲਈ ਮੈਂ ਮੋਰਚੇ ਦੇ ਆਗੂਆਂ ਨੂੰ ਦਬਾਅ ਬਣਾਉਣ ਅਤੇ ਸਿੱਖ ਕੈਦੀਆਂ ਦੀ ਰਿਹਾਈ ਯਕੀਨੀ ਬਣਾਉਣ ਲਈ ਜੇਲ੍ਹ ਭਰੋ ਅੰਦੋਲਨ ਸ਼ੁਰੂ ਕਰਨ ਦਾ ਸੁਝਾਅ ਦਿੱਤਾ ਹੈ। ਉਨ੍ਹਾਂ ਕਿਹਾ, ÷ਸਜ਼ਾਵਾਂ ਪੂਰੀਆਂ ਹੋਣ ਤੋਂ ਬਾਅਦ ਵੀ ਸਿੱਖ ਕੈਦੀਆਂ ਨੂੰ ਲਗਾਤਾਰ ਹਿਰਾਸਤ ਵਿੱਚ ਰੱਖਣਾ ਮੰਦਭਾਗਾ ਹੈ। ਇੱਕ ਪਾਸੇ ਸਿੱਖ ਕੌਮ ਅਤੇ ਕੌਮੀ ਇਨਸਾਫ਼ ਮੋਰਚਾ ’ਬੰਦੀ ਸਿੰਘਾਂ’ ਦੀ ਰਿਹਾਈ ਲਈ ਸੰਘਰਸ਼ ਕਰ ਰਹੇ ਹਨ, ਉੱਥੇ ਹੀ ਗੁਰਮੀਤ ਰਾਮ ਰਹੀਮ ਸਿੰਘ ਵਰਗੇ ਲੋਕਾਂ ਨੂੰ ਸਿਆਸੀ ਲਾਭਾਂ ਲਈ ਵਾਰ-ਵਾਰ ਫਰਲੋ ਮਿਲਦੀ ਹੈ। ਮੋਰਚੇ ਨੂੰ ਜੇਲ੍ਹ ਭਰੋ ਅੰਦੋਲਨ ਦਾ ਸੱਦਾ ਦੇਣਾ ਚਾਹੀਦਾ ਹੈ ਅਤੇ ਸਾਰੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਸਿਆਸੀ ਪਾਰਟੀਆਂ ਦੇ ਮੈਂਬਰਾਂ ਅਤੇ ਆਗੂਆਂ ਨੂੰ ਗ੍ਰਿਫ਼ਤਾਰੀਆਂ ਦੇਣ ਲਈ ਅੱਗੇ ਆਉਣਾ ਚਾਹੀਦਾ ਹੈ। ਇਹ ਅੰਦੋਲਨ ਪੰਜਾਬ ਵਿੱਚ ਜਲਦ ਤੋਂ ਜਲਦ ਸ਼ੁਰੂ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਪੰਜਾਬ ਚੋਣਾਂ ਤੋਂ ਪਹਿਲਾਂ ’ਬੰਦੀ ਸਿੰਘਾਂ’ ਦੀ ਰਿਹਾਈ ਯਕੀਨੀ ਬਣਾਈ ਜਾ ਸਕੇ।ਉੱਥੇ ਹੀ ਹਰਿਆਣਾ ਕਮੇਟੀ ਮੈਂਬਰ ਅਤੇ ਪੰਥਕ ਅਕਾਲ ਮੋਰਚਾ ਦੇ ਆਗੂ ਹਰਮਨਪ੍ਰੀਤ ਸਿੰਘ ਨੇ ਕਿਹਾ, ÷ਮੋਰਚੇ ਨਾਲ ਇਕਜੁੱਟਤਾ ਪ੍ਰਗਟ ਕਰਦੇ ਹੋਏ, ਅਸੀਂ ਕੁਰੂਕਸ਼ੇਤਰ ਵਿੱਚ ਰੋਜ਼ਾਨਾ ਇੱਕ ਘੰਟੇ ਦਾ ਪ੍ਰਤੀਕਾਤਮਕ ਧਰਨਾ ਦੇ ਰਹੇ ਹਾਂ। ਅਸੀਂ 1 ਅਕਤੂਬਰ ਨੂੰ ਡੀ ਸੀ ਕੁਰੂਕਸ਼ੇਤਰ ਨੂੰ ਮੰਗ ਪੱਤਰ ਸੌਂਪਾਂਗੇ ਅਤੇ 2 ਅਕਤੂਬਰ ਨੂੰ ਪੰਜਾਬ ਵਿੱਚ ਹੋਣ ਵਾਲੇ ਮਾਰਚ ਵਿੱਚ ਹਿੱਸਾ ਲਵਾਂਗੇ। ਅਸੀਂ ਸਰਕਾਰ ਨੂੰ ਇਹ ਵੀ ਬੇਨਤੀ ਕਰਦੇ ਹਾਂ ਕਿ ਕੌਮ ਵੱਲੋਂ ਉਠਾਈਆਂ ਜਾ ਰਹੀਆਂ ਜਾਇਜ਼ ਮੰਗਾਂ ’ਤੇ ਵਿਚਾਰ ਕੀਤਾ ਜਾਵੇ।

## ਹਰਿਆਣਾ ਵਿੱਚ ਪਰਾਲੀ ਸਾੜਨ ਵਾਲੇ ਕਿਸਾਨਾਂ ’ਤੇ ਸਖ਼ਤ ਕਾਰਵਾਈ

**ਚੰਡੀਗੜ੍ਹ, 19 ਸਤੰਬਰ**
**-ਸੰਜੀਵ ਸਿੰਗਲਾ-**

ਝੋਨੇ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ ਹਰਿਆਣਾ ਵਿੱਚ ਪਰਾਲੀ ਸਾੜਨ ’ਤੇ ਪ੍ਰਸ਼ਾਸਨ ਨੇ ਸਖ਼ਤ ਰੁਖ ਅਖਤਿਆਰ ਕਰ ਲਿਆ ਹੈ।

ਕਈ ਜ਼ਿਲ੍ਹਿਆਂ ਵਿੱਚ ਐਸਡੀਐਮ ਅਤੇ ਹੋਰ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਚੇਤਾਵਨੀ ਦਿੱਤੀ ਗਈ ਹੈ ਕਿ ਖੇਤਾਂ ਵਿੱਚ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਸੂਰਤ ਵਿੱਚ ਐਫ ਆਈ ਆਰ , ਵਾਤਾਵਰਣੀ ਮੁਆਵਜ਼ਾ ਅਤੇ ‘ਮੇਰੀ ਫਸਲ ਮੇਰਾ ਬਿਓਰਾ’ ਪੋਰਟਲ ’ਤੇ ਰੈੱਡ ਐਂਟਰੀ ਕੀਤੀ ਜਾਵੇਗੀ। ਕੁਰੁਕਸ਼ੇਤਰ ਪ੍ਰਸ਼ਾਸਨ ਮੁਤਾਬਕ 2 ਏਕੜ ਤੋਂ ਘੱਟ ਖੇਤਰ ਵਿੱਚ ਪਰਾਲੀ ਸਾੜਨ ’ਤੇ ?5,000, 2 ਤੋਂ 5 ਏਕੜ ’ਤੇ 10,000 ਅਤੇ 5 ਏਕੜ ਤੋਂ ਵੱਧ ’ਤੇ 15,000 ਤੱਕ ਜੁਰਮਾਨਾ ਲਾਇਆ ਜਾਵੇਗਾ। ਦੋਸ਼ੀ ਕਿਸਾਨ ਦੀ ਪੋਰਟਲ ’ਤੇ ਰੈੱਡ ਐਂਟਰੀ ਦੇ ਨਾਲ ਐਫਆਈਆਰ ਦਰਜ ਕਰਨ ਦੀ ਕਾਰਵਾਈ ਵੀ ਕੀਤੀ ਜਾਵੇਗੀ। ਪ੍ਰਸ਼ਾਸਨ ਨੇ ਅੱਗੇ ਦੱਸਿਆ ਹੈ ਕਿ ਅਜਿਹੇ ਕਿਸਾਨ ਨੂੰ ਸਰਕਾਰੀ ਖੇਤੀਬਾੜੀ ਯੋਜਨਾਵਾਂ ਦੇ ਲਾਭਾਂ ਤੋਂ ਪ੍ਰਭਾਵਿਤ ਕਰਨ ਵਾਲੀ ਪੋਰਟਲ-ਪਾਬੰਦੀ ਵੀ ਲੱਗ ਸਕਦੀ ਹੈ।

ਕਰਨਾਲ ਜ਼ਿਲ੍ਹੇ ਵਿੱਚ ਵੀ 7 ਮੈਂਬਰੀ ਜ਼ਿਲ੍ਹਾ ਪੱਧਰੀ ਪਰਾਲੀ ਸੁਰੱਖਿਆ ਟੀਮ ਬਣਾਈ ਗਈ ਹੈ। ਇਸ ਤੋਂ ਇਲਾਵਾ ਤਹਿਸੀਲ ਅਤੇ ਪਿੰਡ ਪੱਧਰ ’ਤੇ ਵਿਸ਼ੇਸ਼ ਟੀਮਾਂ ਬਣਾਕੇ ਖੇਤਾਂ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਪ੍ਰਸ਼ਾਸਨ ਅਨੁਸਾਰ ਅੱਗ ਦੀ ਘਟਨਾ ਮਿਲਣ ’ਤੇ ਜੁਰਮਾਨੇ ਦੇ ਨਾਲ ਐਫ ਆਈ ਆਰ ਅਤੇ ਰੈੱਡ ਐਂਟਰੀ ਦੀ ਕਾਰਵਾਈ ਹੋਵੇਗੀ, ਜਦਕਿ ਲਾਪਰਵਾਹੀ ਕਰਨ ਵਾਲੇ ਅਧਿਕਾਰੀਆਂ ਦੀ ਜ਼ਿੰਮੇਵਾਰੀ ਵੀ ਤੈਅ ਕੀਤੀ ਜਾਵੇਗੀ।

ਇਸ ਵਾਰ ਨਿਗਰਾਨੀ ਲਈ ਸੈਟੇਲਾਈਟ ਡਾਟਾ ਦੇ ਨਾਲ ਡਰੋਨ ਅਤੇ ਜ਼ਮੀਨੀ ਟੀਮਾਂ ਦੀ ਵਰਤੋਂ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ। ਸੀ ਏ ਕਿਊ ਐਮ ਨੇ 2026 ਦੇ ਸੀਜ਼ਨ ਲਈ ਪਰਾਲੀ ਸਾੜਨ ਵਾਲੀਆਂ ਘਟਨਾਵਾਂ ਨੂੰ ਖਤਮ ਕਰਨ ਵਾਸਤੇ ਇਨ-ਸਿਟੂ ਅਤੇ ਐਕਸ-ਸਿਟੂ ਪ੍ਰਬੰਧਨ, ਮਸ਼ੀਨਰੀ ਦੀ ਉਪਲਬਧਤਾ ਅਤੇ ਸਖ਼ਤ ਲਾਗੂਕਰਨ ’ਤੇ ਜ਼ੋਰ ਦਿੱਤਾ ਹੈ।

ਜੁਰਮਾਨੇ ਦਾ ਕੇਂਦਰੀ ਪ੍ਰਬੰਧ: ਸੀ ਏ ਕਿਊ ਐਮ ਦੇ 2024 ਵਿੱਚ ਸੋਧੇ ਨਿਯਮਾਂ ਅਨੁਸਾਰ ਐੱਨਸੀਆਰ ਅਤੇ ਨਾਲ ਲੱਗਦੇ ਖੇਤਰਾਂ ਵਿੱਚ ਪਰਾਲੀ ਸਾੜਨ ’ਤੇ 5,000, 10,000 ਅਤੇ 30,000 ਵਾਤਾਵਰਣੀ ਮੁਆਵਜ਼ੇ ਦੀਆਂ ਸ਼੍ਰੇਣੀਆਂ ਲਾਗੂ ਹਨ—ਜ਼ਮੀਨ ਦੇ ਖੇਤਰਫਲ ਅਨੁਸਾਰ। ਪ੍ਰਸ਼ਾਸਨ ਕਿਸਾਨਾਂ ਨੂੰ ਪਰਾਲੀ ਸਾੜਨ ਦੀ ਥਾਂ ਸੁਪਰ ਸੀਡਰ, ਹੈਪੀ ਸੀਡਰ, ਜ਼ੀਰੋ ਟਿਲੇਜ ਮਸ਼ੀਨ, ਬੇਲਰ, ਸ਼੍ਰੈਡਰ ਅਤੇ ਹੋਰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਵਰਤਣ ਦੀ ਸਲਾਹ ਦੇ ਰਿਹਾ ਹੈ। ਸਰਕਾਰ ਵੱਲੋਂ ਅਜਿਹੀ ਮਸ਼ੀਨਰੀ ’ਤੇ ਸਬਸਿਡੀ ਅਤੇ ਪਰਾਲੀ ਦੇ ਵਿਕਲਪੀ ਉਪਯੋਗ ਲਈ ਪ੍ਰਬੰਧ ਵੀ ਕੀਤੇ ਜਾ ਰਹੇ ਹਨ।

ਇਹ ਕਾਰਵਾਈ ਸਿਰਫ਼ ਜੁਰਮਾਨੇ ਤੱਕ ਸੀਮਿਤ ਨਹੀਂ ਰਹੇਗੀ; ਪਰਾਲੀ ਸਾੜਨ ਦੀ ਪੁਸ਼ਟੀ ਹੋਣ ’ਤੇ ਕਾਨੂੰਨੀ ਕੇਸ, ਵਾਤਾਵਰਣੀ ਮੁਆਵਜ਼ਾ ਅਤੇ ਰੈੱਡ ਐਂਟਰੀ ਵਰਗੀਆਂ ਕਈ ਕਾਰਵਾਈਆਂ ਇਕੱਠੀਆਂ ਹੋ ਸਕਦੀਆਂ ਹਨ।

## ਸਪਤ ਸਿੰਧੂ ਦੀ ਇਤਿਹਾਸਕਾਰੀ ਵਿੱਚ ਹਰਭਜਨ ਸਿੰਘ ਸੇਲਬਰਾਹ ਦਾ ਮਹੱਤਵਪੂਰਨ ਯੋਗਦਾਨ

**ਪੰਚਕੂਲਾ, 19 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਇਤਿਹਾਸਕਾਰ ਹਰਭਜਨ ਸਿੰਘ ਸੇਲਬਰਾਹ ਨੂੰ ਸਪਤ ਸਿੰਧੂ ਖੇਤਰ ਦੀ ਇਤਿਹਾਸਕਾਰੀ ਵਿੱਚ ਪਾਏ ਯੋਗਦਾਨ ਲਈ ਹਰਿਆਣਾ ਸਾਹਿਤ ਤੇ ਸੰਸਕ੍ਰਿਤੀ ਅਕਾਦਮੀ, ਪੰਚਕੂਲਾ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਕਾਦਮੀ ਭਵਨ ਦੇ ਮਹਾਰਾਜਾ ਦਾਹਿਰਸੇਨ ਸਭਾਗਾਰ ਵਿੱਚ ਸਪਤ ਸਿੰਧੂ ਦੀ ਇਤਿਹਾਸਕਾਰੀ ਵਿੱਚ ਹਰਭਜਨ ਸਿੰਘ ਸੇਲਬਰਾਹ ਦਾ ਯੋਗਦਾਨ ਵਿਸ਼ੇ ’ਤੇ ਇੱਕ ਦਿਨਾ ਰਾਸ਼ਟਰੀ ਸੰਗੋਸ਼ਠੀ ਕਰਵਾਈ ਗਈ। ਸੰਗੋਸ਼ਠੀ ਵਿੱਚ ਅਕਾਦਮੀ ਦੇ ਕਾਰਜਕਾਰੀ ਉਪ-ਪ੍ਰਧਾਨ ਪ੍ਰੋ. ਕੁਲਦੀਪ ਚੰਦ ਅਗਨੀਹੋਤਰੀ ਮੁੱਖ ਮਹਿਮਾਨ ਸਨ, ਜਦਕਿ ਅਕਾਦਮੀ ਦੇ ਮੈਂਬਰ ਸਕੱਤਰ ਮਨਜੀਤ ਸਿੰਘ ਵਿਸ਼ੇਸ਼ ਮਹਿਮਾਨ ਰਹੇ। ਇਤਿਹਾਸਕਾਰ ਹਰਭਜਨ ਸਿੰਘ ਸੇਲਬਰਾਹ ਨੇ ਪ੍ਰਧਾਨਗੀ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਵੰਦੇ ਮਾਤਰਮ ਨਾਲ ਹੋਈ।ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਸੇਲਬਰਾਹ ਨੇ ਦੱਸਿਆ ਕਿ ਉਨ੍ਹਾਂ ਨੇ ਪਿੰਡ-ਪਿੰਡ ਜਾ ਕੇ ਪਿੰਡਾਂ ਦੇ ਸਮਾਜਿਕ, ਸੱਭਿਆਚਾਰਕ ਅਤੇ ਲੋਕ-ਇਤਿਹਾਸਕ ਸਰੋਤ ਇਕੱਠੇ ਕੀਤੇ। ਉਨ੍ਹਾਂ ਨੇ ਹਰਿਦੁਆਰ ਦੇ ਪੰਡਿਤਾਂ ਕੋਲ ਸੰਭਾਲੀਆਂ ਵੰਸ਼ਾਵਲੀਆਂ ਨੂੰ ਮਹੱਤਵਪੂਰਨ ਸਰੋਤ ਵਜੋਂ ਵਰਤਣ ਅਤੇ ਡਾ. ਗੰਡਾ ਸਿੰਘ ਤੇ ਕਰਮ ਸਿੰਘ ਦੇ ਇਤਿਹਾਸਕ ਕੰਮ ਤੋਂ ਵੀ ਲਾਭ ਲੈਣ ਦੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਬਦਲ ਰਹੀ ਪਿੰਡਾਂ ਦੀ ਜੀਵਨ-ਵਿਵਸਥਾ ਕਾਰਨ ਪੁਰਾਣੀਆਂ ਸਮਾਜਿਕ ਤੇ ਸੱਭਿਆਚਾਰਕ ਯਾਦਾਂ ਦੇ ਲੁਪਤ ਹੋਣ ਤੋਂ ਪਹਿਲਾਂ ਉਨ੍ਹਾਂ ਦਾ ਦਸਤਾਵੇਜ਼ੀਕਰਨ ਜ਼ਰੂਰੀ ਹੈ।

ਡਾ. ਜਗਪਾਲ ਸਿੰਘ , ਸਹਾਇਕ ਪ੍ਰੋਫੈਸਰ, ਟੀ.ਪੀ.ਡੀ. ਮਾਲਵਾ ਕਾਲਜ ਨੇ ਕਿਹਾ ਕਿ ਸੇਲਬਰਾਹ ਦੀ ਇਤਿਹਾਸਕਾਰੀ ਸਿਰਫ਼ ਘਟਨਾਵਾਂ ਦਾ ਵੇਰਵਾ ਨਹੀਂ, ਸਗੋਂ ਮਾਲਵਾ ਖੇਤਰ ਦੇ ਜਮੀਨੀ ਸਮਾਜਿਕ ਤੇ ਸੱਭਿਆਚਾਰਕ ਇਤਿਹਾਸ ਨੂੰ ਵੀ ਸਾਹਮਣੇ ਲਿਆਉਂਦੀ ਹੈ। ਉਨ੍ਹਾਂ ਵੱਲੋਂ ਪਿੰਡਾਂ ਵਿੱਚ ਜਾ ਕੇ ਮੌਖਿਕ ਪਰੰਪਰਾਵਾਂ ਅਤੇ ਸਥਾਨਕ ਸਮੱਗਰੀ ਇਕੱਠੀ ਕਰਨ ਨੂੰ ਵੀ ਰੇਖਾਂਕਿਤ ਕੀਤਾ ਗਿਆ। ਡਾ. ਜਸਵੰਤ ਸਿੰਘ, ਸਹਾਇਕ ਪ੍ਰੋਫੈਸਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਸੇਲਬਰਾਹ ਦੀ ਪਿੰਡ-ਕੇਂਦਰਿਤ ਇਤਿਹਾਸਕਾਰੀ ’ਤੇ ਚਰਚਾ ਕੀਤੀ ਅਤੇ ਉਨ੍ਹਾਂ ਦੀਆਂ ਪੁਸਤਕਾਂ ਬਾਰੇ ਆਪਣਾ ਅਧਿਐਨ ਪੇਸ਼ ਕੀਤਾ। ਸਮਾਗਮ ਵਿੱਚ ਬਲਜੀਤ ਸਿੰਘ ਬੱਲੀ, ਡਾ. ਦੇਵੇਂਦਰ ਕੌਰ ਸਮੇਤ ਕਈ ਇਤਿਹਾਸਕਾਰ ਅਤੇ ਵਿਦਵਾਨ ਵੀ ਹਾਜ਼ਰ ਰਹੇ।

ਮੁੱਖ ਮਹਿਮਾਨ ਪ੍ਰੋ. ਅਗਨੀਹੋਤਰੀ ਨੇ ਸਪਤ ਸਿੰਧੂ ਖੇਤਰ ਦੀ ਪ੍ਰਾਚੀਨਤਾ ਅਤੇ ਭਾਰਤੀ ਇਤਿਹਾਸ ਵਿੱਚ ਇਸ ਦੀ ਮਹੱਤਤਾ ਬਾਰੇ ਵਿਚਾਰ ਰੱਖੇ। ਉਨ੍ਹਾਂ ਨੇ ਰਿਗਵੇਦ ਵਿੱਚ ਸਪਤ ਸਿੰਧੂ ਦੇ ਉਲੇਖ ਅਤੇ ਰਾਖੀਗੜ੍ਹੀ ਵਰਗੇ ਪੁਰਾਤੱਤਵ ਸਥਾਨਾਂ ਦਾ ਹਵਾਲਾ ਦਿੰਦਿਆਂ ਇਤਿਹਾਸ ਦੇ ਸਥਾਨਕ ਸਰੋਤਾਂ ਦੀ ਮਹੱਤਤਾ ਉਜਾਗਰ ਕੀਤੀ। ਇਹ ਵਿਚਾਰ ਉਨ੍ਹਾਂ ਦੇ ਭਾਸ਼ਣ ਵਿੱਚ ਪ੍ਰਗਟ ਕੀਤੇ ਗਏ ਸਨ। ਇਸ ਸਨਮਾਨ ਅਤੇ ਰਾਸ਼ਟਰੀ ਸੰਗੋਸ਼ਠੀ ਰਾਹੀਂ ਪਿੰਡਾਂ ਦੇ ਲੋਕ-ਇਤਿਹਾਸ, ਵੰਸ਼ਾਵਲੀਆਂ, ਮੌਖਿਕ ਪਰੰਪਰਾਵਾਂ ਅਤੇ ਸਥਾਨਕ ਸੱਭਿਆਚਾਰਕ ਵਿਰਾਸਤ ਨੂੰ ਦਸਤਾਵੇਜ਼ਬੱਧ ਕਰਨ ਦੀ ਲੋੜ ਨੂੰ ਮੁੜ ਉਭਾਰਿਆ ਗਿਆ। ਸੇਲਬਰਾਹ ਦਾ ਕੰਮ ਖਾਸ ਤੌਰ ’ਤੇ ਮਾਲਵਾ ਅਤੇ ਸਪਤ ਸਿੰਧੂ ਨਾਲ ਜੁੜੇ ਸਥਾਨਕ ਇਤਿਹਾਸਕ ਸਰੋਤਾਂ ਦੀ ਸੰਭਾਲ ਵੱਲ ਕੇਂਦਰਿਤ ਦੱਸਿਆ ਗਿਆ।

## ਹਰਿਆਣਾ ਦੇ ਆਈ.ਟੀ.ਆਈ. ਸੰਸਥਾਨਾਂ ਵਿੱਚ ‘ਆਨ ਦਾ ਸਪਾਟ’ ਦਾਖ਼ਲਿਆਂ ਦੀਆਂ ਆਖ਼ਰੀ ਤਾਰੀਖ਼ਾਂ ‘ਚ ਵਾਧਾ

**ਚੰਡੀਗੜ੍ਹ, 19 ਸਤੰਬਰ**
**-ਜੀ. ਐਸ. ਤੁੰਗ-**

ਹਰਿਆਣਾ ਦੇ ਹੁਨਰ ਵਿਕਾਸ ਅਤੇ ਉਦਯੋਗਿਕ ਸਿਖਲਾਈ ਵਿਭਾਗ ਵੱਲੋਂ ਰਾਜ ਵਿੱਚ ਸਥਿਤ ਸਾਰੇ ਸਰਕਾਰੀ ਅਤੇ ਨਿੱਜੀ ਉਦਯੋਗਿਕ ਸਿਖਲਾਈ ਸੰਸਥਾਨਾਂ (ITI) ਵਿੱਚ ਸੈਸ਼ਨ 2026-27 ਲਈ ਐੱਨ.ਸੀ.ਵੀ.ਟੀ. ਅਤੇ ਐੱਸ.ਸੀ.ਵੀ.ਟੀ. ਦੇ ਅਧੀਨ ਖਾਲੀ ਸੀਟਾਂ ’ਤੇ ’ਆਨ ਦਾ ਸਪਾਟ’ ਦਾਖ਼ਲਾ ਪ੍ਰਕਿਰਿਆ ਦੀਆਂ ਆਖ਼ਰੀ ਤਾਰੀਖ਼ਾਂ ਨੂੰ ਵਧਾ ਦਿੱਤਾ ਗਿਆ ਹੈ।

ਇੱਕ ਸਰਕਾਰੀ ਬੁਲਾਰੇ ਅਨੁਸਾਰ, ਹੁਣ ਐੱਨ.ਸੀ.ਵੀ.ਟੀ. ਦੀਆਂ ਖਾਲੀ ਸੀਟਾਂ ’ਤੇ ਦਾਖ਼ਲੇ ਦੀ ਤਾਰੀਖ਼ 22 ਸਤੰਬਰ 2026 ਤੱਕ ਅਤੇ ਐੱਸ.ਸੀ.ਵੀ.ਟੀ. ਦੀਆਂ ਖਾਲੀ ਸੀਟਾਂ ਲਈ ਦਾਖ਼ਲੇ ਦੀ ਤਾਰੀਖ਼ 29 ਸਤੰਬਰ 2026 ਤੱਕ ਵਧਾ ਦਿੱਤੀ ਗਈ ਹੈ। ਦਾਖ਼ਲੇ ਦੀ ਇਹ ਪੂਰੀ ਪ੍ਰਕਿਰਿਆ ਸੰਸਥਾਨ ਪੱਧਰ ’ਤੇ ਹੀ ਪੂਰੀ ਕੀਤੀ ਜਾਵੇਗੀ। ਦਾਖ਼ਲੇ ਦੇ ਚਾਹਵਾਨ ਉਮੀਦਵਾਰਾਂ ਲਈ ਵਿਭਾਗੀ ਵੈੱਬਸਾਈਟ www.admissions.iti haryana.gov.in ’ਤੇ ਨਵੀਆਂ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।

ਬੁਲਾਰੇ ਨੇ ਅੱਗੇ ਸਪੱਸ਼ਟ ਕੀਤਾ ਕਿ ਇਹ ਦਾਖ਼ਲਾ ਨਵੀਆਂ ਅਤੇ ਪੁਰਾਣੀਆਂ ਅਰਜ਼ੀਆਂ ਦੀ ਇੱਕ ਸੰਯੁਕਤ ਮੈਰਿਟ ਸੂਚੀ ਦੇ ਆਧਾਰ ’ਤੇ ਸੰਸਥਾਨ ਪੱਧਰ ’ਤੇ ਕੀਤਾ ਜਾਵੇਗਾ ਅਤੇ ਇਸ ਵਿੱਚ ਕਿਸੇ ਵੀ ਕਿਸਮ ਦਾ ਰਾਖਵਾਂਕਰਨ ਲਾਗੂ ਨਹੀਂ ਹੋਵੇਗਾ। ਜਿਹੜੇ ਵੀ ਉਮੀਦਵਾਰ ਜਿਸ ਸੰਸਥਾਨ ਵਿੱਚ ਦਾਖ਼ਲਾ ਲੈਣ ਦੇ ਚਾਹਵਾਨ ਹਨ, ਉਹ ਨਿਰਧਾਰਤ ਤਾਰੀਖ਼ਾਂ ਅਨੁਸਾਰ ਦੁਪਹਿਰ 12:00 ਵਜੇ ਤੱਕ ਆਪਣਾ ਮੈਰਿਟ ਕਾਰਡ ਸਬੰਧਤ ਸੰਸਥਾਨ ਵਿੱਚ ਜਮ੍ਹਾਂ ਕਰਵਾਉਣਗੇ।

ਇਸ ਦੇ ਨਾਲ ਹੀ ਉਮੀਦਵਾਰਾਂ ਨੂੰ ਆਪਣੇ ਸਾਰੇ ਮੂਲ ਸਰਟੀਫਿਕੇਟਾਂ ਸਮੇਤ ਆਪ ਸੰਸਥਾਨ ਵਿੱਚ ਹਾਜ਼ਰ ਹੋਣਾ ਪਵੇਗਾ ਅਤੇ ਮੌਕੇ ’ਤੇ ਹੀ ਦਾਖ਼ਲਾ ਫੀਸ ਆਨਲਾਈਨ ਮਾਧਿਅਮ ਰਾਹੀਂ ਜਮ੍ਹਾਂ ਕਰਵਾਉਣੀ ਹੋਵੇਗੀ। ਉਮੀਦਵਾਰ ਆਪਣਾ ਮੈਰਿਟ ਕਾਰਡ ਦਾਖ਼ਲਾ ਪੋਰਟਲ ਤੋਂ ਡਾਊਨਲੋਡ ਕਰ ਸਕਦੇ ਹਨ, ਜਿੱਥੇ ਸੰਸਥਾਨ-ਵਾਰ ਖਾਲੀ ਸੀਟਾਂ ਦੀ ਜਾਣਕਾਰੀ ਵੀ ਉਪਲਬਧ ਹੈ।

ਬੁਲਾਰੇ ਨੇ ਇਹ ਵੀ ਸਪੱਸ਼ਟ ਕੀਤਾ ਕਿ ਉਕਤ ਦਾਖ਼ਲੇ ਦੇ ਆਧਾਰ ’ਤੇ ਪਹਿਲਾਂ ਐੱਨ.ਸੀ.ਵੀ.ਟੀ. ਵਿੱਚ ਲਏ ਗਏ ਦਾਖ਼ਲੇ ਨੂੰ ਰੱਦ ਨਹੀਂ ਮੰਨਿਆ ਜਾਵੇਗਾ ਅਤੇ ਸੈਸ਼ਨ 2026-27 ਦੀ ਵੇਰਵਾ ਪੱਤ੍ਰਿਕਾ ਵਿੱਚ ਦੱਸੇ ਗਏ ਹੋਰ ਸਾਰੇ ਨਿਯਮ ਅਤੇ ਸ਼ਰਤਾਂ ਪਹਿਲਾਂ ਵਾਂਗ ਹੀ ਲਾਗੂ ਰਹਿਣਗੀਆਂ।

## ਪੰਜਾਬ ਵਿਚੋਂ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਸਰਕਾਰ ਜਾ ਪੁਲਿਸ ਦਾ ਹੀ ਨਹੀਂ ਸਗੋਂ ਹਰ ਨਾਗਰਿਕ ਦਾ ਫਰਜ ਬਣਦਾ ਹੈ ਕਿ ਉਹੋ ਨਸ਼ਿਆਂ ਦੇ ਖਾਤਮੇ ਲਈ ਅੱਗੇ ਆਉਣ: ਡੀ . ਐਸ .ਓ ਨਵਜੋਤ ਧਾਲੀਵਾਲ

**ਪਟਿਆਲਾ, 19 ਸਤੰਬਰ**
**-ਜੀ. ਐਸ. ਤੁੰਗ-**



ਜ਼ਿਲ੍ਹਾ ਖੇਡ ਵਿਭਾਗ ਪਟਿਆਲਾ ਵੱਲੋਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਪਟਿਆਲਾ, ਯੂਥ ਫੈਡਰੇਸ਼ਨ ਆਫ਼ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਭਾਰਤ ਸਰਕਾਰ ਦੇ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਨਸ਼ਿਆਂ ਵਿਰੁੱਧ ਇੱਕ ਵਿਸ਼ਾਲ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਪੋਲੋ ਗਰਾਊਂਡ ਪਟਿਆਲਾ ਵਿਖੇ ਕੀਤਾ ਗਿਆ। ਇਸ ਜਾਗਰੂਕਤਾ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ ਅਤੇ ਮੈਂਬਰ ਵੂਮੈਨ ਕੌਂਸਲਿੰਗ ਸੈੱਲ ਪਟਿਆਲਾ ਪੁਲਿਸ ਨੇ ਕੀਤੀ। ਪ੍ਰੋਗਰਾਮ ਦਾ ਆਗਾਜ਼ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ, ਖਿਡਾਰੀਆਂ, ਵਿਦਿਆਰਥੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਜੀ ਆਇਆਂ ਕਹਿ ਕੇ ਕੀਤਾ ਗਿਆ। ਇਸ ਮੌਕੇ ਨਵਜੋਤਪਾਲ ਸਿੰਘ ਫੁਟਬਾਲ ਕੋਚ, ਸ਼ਰਨਜੀਤ ਕੌਰ ਹਾਕੀ ਕੋਚ, ਦਲਵੀਰ ਕੌਰ ਐਥਲੈਟਿਕਸ ਕੋਚ, ਗੁਰਮੀਤ ਸਿੰਘ ਬਾਸਕਟਬਾਲ ਕੋਚ, ਗੁਰਵਿੰਦਰ ਸਿੰਘ ਹਾਕੀ ਕੋਚ, ਗੁਰਪਾਲ ਸਿੰਘ ਐਥਲੈਟਿਕਸ ਕੋਚ, ਯੂਥ ਆਗੂ ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਗੁਰਸਾਹਿਬ ਸਿੰਘ, ਗੁਰਕੀਰਤ ਸਿੰਘ, ਗੁਰਮਨਜੋਤ ਕੌਰ, ਗਗਨਪ੍ਰੀਤ ਕੌਰ, ਖੁਸ਼ਪ੍ਰੀਤ ਕੌਰ, ਭਿੰਦਰ ਜਲਵੇੜਾ ਵੀ ਹਾਜ਼ਰ ਸਨ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਨੇ ਕਿਹਾ ਕਿ ਨਸ਼ਾ ਅੱਜ ਸਾਡੇ ਸਮਾਜ ਦੀ ਸਭ ਤੋਂ ਵੱਡੀ ਚੁਣੌਤੀ ਬਣ ਚੁੱਕਾ ਹੈ, ਜੋ ਸਾਡੀ ਨੌਜਵਾਨ ਪੀੜ੍ਹੀ ਨੂੰ ਖੋਖਲਾ ਕਰ ਰਿਹਾ ਹੈ। ਇਸ ਨੂੰ ਜੜ੍ਹੋਂ ਪੁੱਟਣ ਲਈ ਸਿਰਫ਼ ਸਰਕਾਰ ਜਾਂ ਪੁਲਿਸ ਹੀ ਨਹੀਂ, ਸਗੋਂ ਹਰ ਨਾਗਰਿਕ ਨੂੰ ਆਪਣਾ ਫਰਜ਼ ਨਿਭਾਉਣਾ ਪਵੇਗਾ। ਉਹਨਾਂ ਕਿਹਾ ਕਿ ਖੇਡਾਂ ਹੀ ਨਸ਼ਿਆਂ ਦਾ ਸਭ ਤੋਂ ਵੱਡਾ ਵਿਕਲਪ ਹਨ। ਜਿਹੜਾ ਨੌਜਵਾਨ ਖੇਡ ਮੈਦਾਨ ਨਾਲ ਜੁੜ ਜਾਂਦਾ ਹੈ, ਉਹ ਕਦੇ ਵੀ ਨਸ਼ੇ ਵਾਲੇ ਪਾਸੇ ਨਹੀਂ ਜਾਂਦਾ। ਉਹਨਾਂ ਕਿਹਾ ਕਿ ਜ਼ਿਲ੍ਹਾ ਖੇਡ ਵਿਭਾਗ ਵੱਲੋਂ ਪਟਿਆਲਾ ਜ਼ਿਲ੍ਹੇ ਦੇ ਹਰ ਪਿੰਡ ਅਤੇ ਸ਼ਹਿਰ ਵਿੱਚ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਗਾਇਆ ਜਾ ਸਕੇ। ਉਹਨਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਵੱਧ ਤੋਂ ਵੱਧ ਖੇਡਾਂ ਵਿੱਚ ਹਿੱਸਾ ਲੈਣ ਅਤੇ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਦੇ ਸਿਪਾਹੀ ਬਣਨ।

ਪ੍ਰੋਗਰਾਮ ਦੀ ਪ੍ਰਧਾਨਗੀ ਕਰ ਰਹੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਨਸ਼ਾ ਮੁਕਤ ਭਾਰਤ ਅਭਿਆਨ ਸਿਰਫ਼ ਇੱਕ ਸਰਕਾਰੀ ਅਭਿਆਨ ਨਹੀਂ, ਇਹ ਇੱਕ ਜਨ ਅੰਦੋਲਨ ਹੈ।





